ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 15 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੩੨ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਪਾਕਿਸਤਾਨ ਤੋਂ ਵੱਖ ਹੋਇਆ 'ਬਲੋਚਿਸਤਾਨ'! ਆਪਣੇ-ਆਪ ਨੂੰ ਘੋਸ਼ਿਤ ਕੀਤਾ 'ਆਜ਼ਾਦ ਦੇਸ਼'

## 85 ਫੀਸਦੀ ਇਲਾਕੇ 'ਤੇ ਸਾਡਾ ਕਬਜ਼ਾ: ਬਲੋਚਿਸਤਾਨ • ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ 'ਰਪਬਲਿਕ ਆਫ ਬਲੋਚਿਸਤਾਨ'



### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਬਲੋਚਿਸਤਾਨ ਨੂੰ ਲੈ ਕੇ ਸੋਸ਼ਲ ਮੀਡੀਆ 'ਤੇ ਇੱਕ ਦਾਅਵਾ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਬਲੋਚਿਸਤਾਨ ਨੇ ਪਾਕਿਸਤਾਨ ਤੋਂ ਵੱਖ ਹੋ ਕੇ ਆਪਣੇ ਆਪ ਨੂੰ ਇੱਕ ਆਜ਼ਾਦ ਦੇਸ਼ ਘੋਸ਼ਿਤ ਕਰ ਦਿੱਤਾ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੇ ਇੱਕ ਬਿਆਨ ਵਿੱਚ 'ਰਪਬਲਿਕ ਆਫ ਬਲੋਚਿਸਤਾਨ' ਦੇ ਨਾਮ ਨਾਲ ਬਲੋਚਿਸਤਾਨ ਨੂੰ ਸੁਤੰਤਰ ਰਾਸ਼ਟਰ ਐਲਾਨੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਇਸ ਬਿਆਨ ਮੁਤਾਬਕ, ਬਲੋਚਿਸਤਾਨ ਦੀ ਫੌਜ ਨੇ ਖੇਤਰ ਦੇ 85 ਫੀਸਦੀ ਹਿੱਸੇ 'ਤੇ ਕਬਜ਼ਾ ਕਰ ਲਿਆ ਹੈ। ਨਾਲ ਹੀ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਨਵੇਂ ਦੇਸ਼ ਦਾ ਝੰਡਾ, ਰਾਸ਼ਟਰੀ ਗੀਤ, ਨਵੀਂ ਕਰੰਸੀ ਅਤੇ ਪ੍ਰਸ਼ਾਸਨਿਕ ਪ੍ਰਬੰਧ ਲਾਗੂ ਕਰ ਦਿੱਤੇ ਗਏ ਹਨ। ਵਾਇਰਲ ਪੱਤਰ ਵਿੱਚ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਨਵੀਂ ਸਰਕਾਰ ਦਾ ਖੇਤਰ ਦੇ ਖਣਿਜ ਸੰਸਾਧਨਾਂ, ਗੈਸ ਖੇਤਰਾਂ ਅਤੇ ਕੋਇਲਾ ਖਾਣਾਂ 'ਤੇ ਪੂਰਾ ਕੰਟਰੋਲ ਹੈ। ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਹੈ ਕਿ ਪਾਕਿਸਤਾਨ ਦੀਆਂ ਸੁਰੱਖਿਆ ਏਜੰਸੀਆਂ ਦੇ ਕਈ ਕਰਮਚਾਰੀਆਂ ਨੇ ਅਸਤੀਫ਼ੇ ਦੇ ਕੇ ਬਲੋਚਿਸਤਾਨ ਦਾ ਸਾਥ ਦਿੱਤਾ ਹੈ। ਬਲੂਚਿਸਤਾਨ ਵਿੱਚ ਲੰਮੇ ਸਮੇਂ ਤੋਂ ਤਣਾਅ ਚੱਲ ਰਿਹਾ ਹੈ। ਪਾਕਿਸਤਾਨ ਦੇ ਖਿਲਾਫ ਕਈ ਵਾਰ ਵਿਰੋਧ ਪ੍ਰਦਰਸ਼ਨ ਵੀ ਹੋਇਆ। ਬਲੂਚਿਸਤਾਨ ਦੇ ਲੋਕਾਂ ਨੇ ਆਸਿਮ ਮੁਨੀਰ ਅਤੇ ਸ਼ਾਹਬਾਜ਼ ਸ਼ਰੀਫ ਦੇ ਵਿਰੁੱਧ ਨਾਰੇਬਾਜ਼ੀ ਵੀ ਦੀ। ਹੁਣ ਬਲੂਚਿਸਤਾਨ ਦੇ ਆਪਣੇ ਆਪ ਦਾ ਅਜ਼ਾਦ ਐਲਾਨ ਕਰਨ ਤੋਂ ਬਾਅਦ ਪਾਕ ਦਾ ਸਿਰਦਰਦ ਅਤੇ ਹੋਰ ਵਧਾਇਆ ਗਿਆ ਹੈ। ਬਲੂਚਿਸਤਾਨ ਵਿੱਚ ਪਿਛਲੇ ਕੁਝ ਮਹੀਨਿਆਂ ਵਿੱਚ ਹਿੰਸਾ ਵਧ ਰਹੀ ਹੈ। ਇੱਥੇ ਨਸਲੀ ਬਲੂਚ ਵਿਦਰੋਹੀ ਅਤੇ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀਟੀਪੀ) ਦੇ ਅੱਤਵਾਦੀ ਸੁਰੱਖਿਆ ਬਲਾਂ ਨੂੰ ਨਿਸ਼ਾਨਾ ਬਣਾਉਂਦੇ ਹਨ। ਪੰਜ ਜੁਲਾਈ ਤੋਂ ਹੁਣ ਤੱਕ 109 ਅੱਤਵਾਦੀ ਮਾਰੇ ਗਏ, 71 ਅੱਤਵਾਦੀ ਹਮਲੇ ਸ਼ਾਬਾਨ ਦੇ ਦੌਰਾਨ ਮਾਰੇ ਗਏ। ਇਹ ਅਭਿਆਨ ਪਾਕਿਸਤਾਨ ਸੈਨਾ ਸੈਨਾ ਕੋਰ (ਐਫਸੀ) ਅਤੇ ਬਲੂਚਿਸਤਾਨ ਪੁਲਿਸ ਨੇ ਮਿਲਕਰ ਚਲਾਇਆ ਸੀ. ਹਾਲਾਂਕਿ ਹੁਣ ਸਥਿਤੀ ਅਤੇ ਜ਼ਿਆਦਾ ਬਦਲੀ ਗਈ ਹੈ।



The Republic of Balochistan

The Republic of Balochistan's Defense and Security Forces Have Secured 85% of Balochistan's Territory

## ਯੂਕੇ ਨੇ ਗਰੂਮਿੰਗ ਗੈਂਗ ਦੇ ਸਰਗਨਾ ਨੂੰ ਪਾਕਿਸਤਾਨ ਡਿਪੋਰਟ ਕਰਨ ਲਈ ਕਾਨੂੰਨ ਵਿਚ ਬਦਲਾਅ ਦੀ ਪ੍ਰਕਿਰਿਆ ਕੀਤੀ ਸ਼ੁਰੂ

ਯੂਕੇ ਦੀ ਗ੍ਰਹਿ ਮੰਤਰੀ ਸ਼ਬਾਨਾ ਮਹਿਮੂਦ ਨੇ ਬ੍ਰਿਟਿਸ਼ ਸੰਸਦ ਵਿੱਚ ਕਾਨੂੰਨ ਵਿੱਚ ਬਦਲਾਅ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ, ਜੋ ਇੱਕ ਗਰੂਮਿੰਗ ਗੈਂਗ ਦੇ ਸਰਗਨਾ ਨੂੰ ਪਾਕਿਸਤਾਨ ਡਿਪੋਰਟ ਕਰਨ ਦੇ ਰਾਹ ਵਿੱਚ ਆ ਰਹੀ ਕਾਨੂੰਨੀ ਅੜਚਨ ਨੂੰ ਦੂਰ ਕਰੇਗੀ। ਸਾਲ 2012 ਵਿੱਚ ਨਾਬਾਲਗ ਲੜਕੀਆਂ ਨਾਲ ਜਬਰ-ਜ਼ਨਾਹ ਅਤੇ ਜਿਨਸੀ ਸ਼ੋਸ਼ਣ ਦੇ ਕਈ ਦੋਸ਼ਾਂ ਤਹਿਤ ਜੇਲ੍ਹ ਭੇਜੇ ਗਏ ਅਤੇ ਹਾਲ ਹੀ ਵਿੱਚ ਰਿਹਾਅ ਹੋਏ ਸ਼ਬੀਰ ਅਹਿਮਦ ਦੇ ਮਾਮਲੇ ਨੇ ਉਸ ਵੇਲੇ ਦੇਸ਼ ਭਰ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਸੀ, ਜਦੋਂ ਇਹ ਗੱਲ ਸਾਹਮਣੇ ਆਈ ਕਿ ਇਸ ਪਾਕਿਸਤਾਨੀ ਵਿਅਕਤੀ ਨੂੰ 1971 ਦੇ ਇੱਕ ਕਾਨੂੰਨ ਤਹਿਤ ਸੁਰੱਖਿਆ ਹਾਸਲ ਹੈ। ਇਹ ਕਾਨੂੰਨ 50 ਸਾਲ ਤੋਂ ਵੱਧ ਸਮਾਂ ਪਹਿਲਾਂ ਯੂਕੇ ਆਏ ਰਾਸ਼ਟਰਮੰਡਲ ਦੇਸ਼ਾਂ ਦੇ ਨਾਗਰਿਕਾਂ ਨੂੰ ਦੇਸ਼ ਨਿਕਾਲਾ ਦੇਣ ਤੋਂ ਰੋਕਦਾ ਹੈ। ਇਹ ਦੋਸ਼ੀ ਬਲਾਤਕਾਰੀ 9 ਮਰਦਾਂ ਦੇ ਉਸ ਸਮੂਹ ਦਾ ਸਰਗਨਾ ਸੀ ਜਿਸ ਨੇ ਨਾਬਾਲਗ ਕੁੜੀਆਂ ਨੂੰ ਵਰਗਲਾ ਕੇ ਫਸਾਇਆ ਅਤੇ ਉਨ੍ਹਾਂ ਦਾ ਜਿਨਸੀ ਸ਼ੋਸ਼ਣ ਕੀਤਾ। ਇਹਨਾਂ ਮੁਲਜ਼ਮਾਂ ਦਾ ਕੰਮ ਕਰਨ ਦਾ ਤਰੀਕਾ ਇਹ ਸੀ ਕਿ ਉਹ ਪੀੜਤਾਂ ਨੂੰ ਖਾਣਾ ਅਤੇ ਸਿਗਰੇਟ ਦੇ ਕੇ ਉਨ੍ਹਾਂ ਦਾ ਭਰੋਸਾ ਜਿੱਤਦੇ ਸਨ ਅਤੇ ਬਾਅਦ ਵਿੱਚ ਜਬਰ-ਜ਼ਨਾਹ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਸ਼ਰਾਬ ਪਿਲਾਉਂਦੇ ਸਨ। ਮਹਿਮੂਦ ਨੇ ਸੋਮਵਾਰ ਸ਼ਾਮ ਨੂੰ ਹਾਊਸ ਆਫ਼ ਕਾਮਨਜ਼ (ਸੰਸਦ) ਵਿੱਚ ਦੱਸਿਆ ਕਿ ਉਹ "ਘਿਨਾਉਣੇ ਗਰੂਮਿੰਗ ਗੈਂਗ ਦੇ ਸਰਗਨਾ ਸ਼ਬੀਰ ਅਹਿਮਦ" ਦੇ ਚਰਚਿਤ ਮਾਮਲੇ ਦੇ ਜਵਾਬ ਵਿੱਚ ਇਹ ਕਾਰਵਾਈ ਕਰ ਰਹੀ ਹੈ। ਸਾਡੀ ਸੋਧ ਗ੍ਰਹਿ ਮੰਤਰੀ ਨੂੰ ਗੰਭੀਰ ਅਪਰਾਧੀਆਂ ਲਈ ਇਮੀਗ੍ਰੇਸ਼ਨ ਐਕਟ 1971 ਦੀ ਧਾਰਾ 7 ਨੂੰ ਬੇਅਸਰ ਕਰਨ ਦੀ ਨਵੀਂ ਸ਼ਕਤੀ ਪ੍ਰਦਾਨ ਕਰੇਗੀ। ਰਿਪੋਰਟਾਂ ਅਨੁਸਾਰ, ਪਾਕਿਸਤਾਨ ਨੇ ਇਸ ਅਪਰਾਧੀ ਨੂੰ ਆਪਣੇ ਦੇਸ਼ ਵਿੱਚ ਵਾਪਸ ਲੈਣ ਤੋਂ ਇਨਕਾਰ ਕਰ ਦਿੱਤਾ ਹੈ। ਕਥਿਤ ਤੌਰ 'ਤੇ ਕੁਝ ਪਰਦੇ ਪਿੱਛੇ ਚੱਲ ਰਹੀਆਂ ਗੱਲਬਾਤਾਂ ਇਸ ਗੱਲ 'ਤੇ ਕੇਂਦਰਿਤ ਹਨ ਕਿ ਉਸਦੀ ਵਾਪਸੀ ਨੂੰ ਬ੍ਰਿਟੇਨ ਵਿੱਚ ਰਹਿ ਰਹੇ ਕਥਿਤ ਪਾਕਿਸਤਾਨੀ ਵਿਰੋਧੀਆਂਦੀ ਹਵਾਲਗੀ ਨਾਲ ਜੋੜਿਆ ਜਾਵੇ।

### ਪੰਜਾਬ ਦੇ ਕਿਸਾਨਾਂ ਦਾ ਹੱਲਾ ਬੋਲ

## ਸਾਰੇ ਟੋਲ ਫ੍ਰੀ, ਲਾਡੋਵਾਲ ਟੋਲ ਪਲਾਜ਼ਾ 'ਤੇ ਬਿਨਾਂ ਟੈਕਸ ਤੋਂ ਲੰਘੀਆਂ ਗੱਡੀਆਂ



ਚੰਡੀਗੜ੍ਹ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਕਿਸਾਨਾਂ ਨੇ ਆਪਣੀਆਂ ਮੰਗਾਂ ਨੂੰ ਲੈਕੇ ਇੱਕ ਵਾਰ ਫਿਰ ਸਰਕਾਰ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਹੈ। ਮੰਗਲਵਾਰ ਨੂੰ ਕਿਸਾਨਾਂ ਨੇ ਸੂਬੇ ਭਰ ਦੇ ਸਾਰੇ ਟੋਲ ਪਲਾਜ਼ਿਆਂ ਨੂੰ ਫ੍ਰੀ ਕਰ ਦਿੱਤਾ, ਜਿਸ ਵਿੱਚ ਲੁਧਿਆਣਾ ਦਾ ਲਾਡੋਵਾਲ ਟੋਲ ਪਲਾਜ਼ਾ ਵੀ ਸ਼ਾਮਲ ਹੈ, ਜੋ ਕਿ ਪੰਜਾਬ ਦੇ ਸਭ ਤੋਂ ਮਹਿੰਗੇ ਟੋਲ ਪਲਾਜ਼ਾ ਵਿੱਚੋਂ ਇੱਕ ਹੈ। ਇਸ ਦੌਰਾਨ, ਉਨ੍ਹਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਕਿਸਾਨਾਂ ਨੇ ਟੋਲ ਪਲਾਜ਼ਿਆਂ 'ਤੇ ਧਰਨਾ ਦਿੱਤਾ ਹੈ, ਜਿਸ ਨਾਲ ਜਨਤਕ ਵਾਹਨਾਂ ਨੂੰ ਟੋਲ ਟੈਕਸ ਅਦਾ ਕੀਤੇ ਬਿਨਾਂ ਲੰਘਣ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਵਿਰੋਧ ਮੁੱਖ ਤੌਰ 'ਤੇ ਸਰਕਾਰ ਦੀ "ਲੈਂਡ ਪੂਲਿੰਗ ਨੀਤੀ" ਦੇ ਵਿਰੁੱਧ ਹੈ। ਇਸ ਤੋਂ ਇਲਾਵਾ, ਕਿਸਾਨ ਲੰਬੇ ਸਮੇਂ ਤੋਂ ਜ਼ਮੀਨ ਗਿਰਵੀ ਰੱਖਣ ਅਤੇ ਜ਼ਮੀਨ ਗਿਰਵੀ ਰੱਖਣ ਵਾਲੇ ਬੈਂਕਾਂ ਨਾਲ ਸਬੰਧਤ ਕਥਿਤ ਧੋਖਾਧੜੀ ਦੇ ਮਾਮਲਿਆਂ ਵਿੱਚ ਇਨਸਾਫ ਦੀ ਮੰਗ ਕਰ ਰਹੇ ਹਨ। ਕਿਸਾਨਾਂ ਦਾ ਇਹ ਵੀ ਕਹਿਣਾ ਹੈ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਖੇਤੀਬਾੜੀ ਖੇਤਰ ਅਤੇ ਸਥਾਨਕ ਕਿਸਾਨਾਂ ਦੇ ਹਿੱਤਾਂ ਲਈ ਨੁਕਸਾਨਦੇਹ ਹੋ ਸਕਦਾ ਹੈ। ਕਿਸਾਨਾਂ ਨੇ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਅੱਜ ਪੰਜਾਬ ਭਰ ਦੇ ਵੱਖ-ਵੱਖ ਟੋਲ ਪਲਾਜ਼ਿਆਂ 'ਤੇ ਮੀਟਿੰਗਾਂ ਕੀਤੀਆਂ ਅਤੇ ਵਿਰੋਧ ਪ੍ਰਦਰਸ਼ਨ ਸ਼ੁਰੂ ਕੀਤੇ। ਇਸ ਵਿਸ਼ਾਲ ਪ੍ਰਦਰਸ਼ਨ ਦੀ ਰੂਪ-ਰੇਖਾ ਪਹਿਲਾਂ ਹੀ ਤਿਆਰ ਕੀਤੀ ਜਾ ਚੁੱਕੀ ਸੀ। ਗੈਰ-ਰਾਜਨੀਤਿਕ ਸੰਯੁਕਤ ਕਿਸਾਨ ਮੋਰਚਾ ਦੇ ਰਾਸ਼ਟਰੀ ਕਨਵੀਨਰ ਅਤੇ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੇ ਐਲਾਨ ਕੀਤਾ ਸੀ ਕਿ 14 ਜੁਲਾਈ ਨੂੰ ਪੰਜਾਬ ਦੇ ਸਾਰੇ ਟੋਲ ਪਲਾਜ਼ਿਆਂ ਨੂੰ ਜਨਤਾ ਲਈ ਟੋਲ-ਫ੍ਰੀ ਕਰ ਦਿੱਤਾ ਜਾਵੇਗਾ। ਡੱਲੇਵਾਲ ਨੇ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਦੋਸ਼ ਲਗਾਇਆ ਕਿ ਪੰਜਾਬ ਦੀ ਉਪਜਾਊ ਖੇਤੀਬਾੜੀ ਜ਼ਮੀਨ ਨੂੰ ਐਕੁਆਇਰ ਕਰਕੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਲੈਂਡ ਪੂਲਿੰਗ ਨੀਤੀ ਇਸ ਦਿਸ਼ਾ ਵਿੱਚ ਇੱਕ ਕਦਮ ਹੈ, ਅਤੇ ਕਿਸਾਨ ਇਸਨੂੰ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਕਰਨਗੇ।

### ਪੀਐਮ ਮੋਦੀ ਦਾ ਦੌਰਾ: ਹਾਈ ਅਲਰਟ 'ਤੇ ਜਲੰਧਰ

## ਵਧਾਈ ਗਈ ਸੁਰੱਖਿਆ, ਚੱਪੇ-ਚੱਪੇ 'ਤੇ ਪੁਲਸ ਤਾਇਨਾਤ



ਜਲੰਧਰ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 17 ਜੁਲਾਈ ਨੂੰ ਪ੍ਰਸਤਾਵਿਤ ਜਲੰਧਰ ਦੌਰੇ ਨੂੰ ਲੈ ਕੇ ਪੂਰੇ ਜ਼ਿਲ੍ਹੇ ਵਿਚ ਸੁਰੱਖਿਆ ਪ੍ਰਬੰਧ ਬੇਮਿਸਾਲ ਪੱਧਰ 'ਤੇ ਸਖ਼ਤ ਕਰ ਦਿੱਤੇ ਗਏ ਹਨ। ਪ੍ਰਧਾਨ ਮੰਤਰੀ ਆਪਣੇ ਦੌਰੇ ਦੌਰਾਨ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਉਦਘਾਟਨ ਕਰਨਗੇ। ਉਨ੍ਹਾਂ ਦੀ ਆਮਦ ਨੂੰ ਵੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ, ਪੁਲਸ ਕਮਿਸ਼ਨਰੇਟ, ਜਲੰਧਰ ਦਿਹਾਤੀ ਪੁਲਸ ਅਤੇ ਹੋਰ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਅਲਰਟ ਮੋਡ 'ਤੇ ਹਨ। ਮਿਲੀ ਜਾਣਕਾਰੀ ਮੁਤਾਬਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਦਮਪੁਰ ਹਵਾਈ ਅੱਡੇ 'ਤੇ ਉਤਰਨਗੇ, ਜਿੱਥੋਂ ਉਨ੍ਹਾਂ ਦੇ ਪ੍ਰੋਗਰਾਮ ਵਾਲੀ ਥਾਂ ਤੱਕ ਸੁਰੱਖਿਆ ਦੇ ਬਹੁ-ਪੱਧਰੀ ਪ੍ਰਬੰਧ ਕੀਤੇ ਜਾ ਰਹੇ ਹਨ। ਆਦਮਪੁਰ ਏਅਰਪੋਰਟ ਅਤੇ ਉਸ ਨਾਲ ਜੁੜੇ ਪੂਰੇ ਰੂਟ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਜਲੰਧਰ ਦਿਹਾਤੀ ਪੁਲਸ ਨੇ ਸੰਭਾਲ ਲਈ ਹੈ। ਐੱਸ. ਐੱਸ. ਪੀ. ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਖ਼ੁਦ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਕਰ ਰਹੇ ਹਨ ਅਤੇ ਅਧਿਕਾਰੀਆਂ ਨਾਲ ਲਗਾਤਾਰ ਤਿਆਰੀਆਂ ਦੀ ਸਮੀਖਿਆ ਕਰ ਰਹੇ ਹਨ। ਉੱਥੇ ਹੀ ਸ਼ਹਿਰੀ ਇਲਾਕੇ ਵਿਚ ਸੁਰੱਖਿਆ ਪ੍ਰਬੰਧਾਂ ਦੀ ਕਮਾਨ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਦੇ ਹੱਥਾਂ ਵਿਚ ਹੈ। ਉਨ੍ਹਾਂ ਦੀ ਅਗਵਾਈ ਵਿਚ ਸ਼ਹਿਰ ਦੇ ਪ੍ਰਮੁੱਖ ਚੌਕਾਂ, ਸੰਵੇਦਨਸ਼ੀਲ ਸਥਾਨਾਂ, ਰੇਲਵੇ ਸਟੇਸ਼ਨ, ਹੋਟਲਾਂ, ਬੱਸ ਅੱਡਿਆਂ ਅਤੇ ਹੋਰ ਮਹੱਤਵਪੂਰਨ ਸਥਾਨਾਂ 'ਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਪੁਲਸ ਵੱਲੋਂ ਲਗਾਤਾਰ ਗਸ਼ਤ ਵਧਾਈ ਗਈ ਹੈ ਅਤੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

## ਭਾਜਪਾ ਦਫ਼ਤਰ 'ਤੇ ਹੋਏ ਗ੍ਰੇਨੇਡ ਹਮਲੇ ਦੇ ਮਾਮਲੇ 'ਚ 1465 ਸਫ਼ਿਆਂ ਦੀ ਚਾਰਜਸ਼ੀਟ ਦਾਖ਼ਲ

ਚੰਡੀਗੜ੍ਹ , 14 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਭਾਜਪਾ ਦੇ ਦਫ਼ਤਰ 'ਤੇ ਹੋਏ ਗ੍ਰੇਨੇਡ ਹਮਲੇ ਦੇ ਮਾਮਲੇ 'ਚ 1465 ਪੰਨਿਆਂ ਦੀ ਚਾਰਜਸ਼ੀਟ ਦਾਖ਼ਲ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ 1 ਅਪ੍ਰੈਲ ਨੂੰ ਮੋਹਾਲੀ ਦੇ ਪਿੰਡ ਰਤਨਗੜ੍ਹ ਦੇ ਰਹਿਣ ਵਾਲੇ ਅਮਨ ਸਿੰਘ ਅਤੇ ਗੁਰਤੇਜ ਸਿੰਘ ਨੇ ਸੈਕਟਰ-37 ਸਥਿਤ ਭਾਜਪਾ ਦਫ਼ਤਰ 'ਤੇ ਹੈਂਡ ਗ੍ਰੇਨੇਡ ਸੁੱਟਿਆ ਸੀ। ਚੰਡੀਗੜ੍ਹ ਪੁਲਿਸ ਨੇ ਇਸ ਮਾਮਲੇ ਵਿੱਚ 11 ਮੁਲਜ਼ਮਾਂ ਨੂੰ ਨਾਮਜ਼ਦ ਕੀਤਾ ਸੀ। ਇਨ੍ਹਾਂ ਵਿੱਚੋਂ ਵਿਦੇਸ਼ ਵਿੱਚ ਲੁਕੇ ਹੈਂਡਲਰ ਸੁਰਜੀਤ ਸਿੰਘ ਉਰਫ਼ ਜੋਤਾ ਅਤੇ ਅੱਜਾਲਾ ਨੂੰ ਛੱਡ ਕੇ 9 ਮੁਲਜ਼ਮ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ। ਪੁਲਿਸ ਨੇ ਪਹਿਲੀ ਵਾਰ ਮੁੱਖ ਮੁਲਜ਼ਮ ਅਮਨ ਅਤੇ ਗੁਰਤੇਜ ਦਾ ਗੈਸਚਰ ਐਨਾਲਿਸਿਸ ਟੈਸਟ ਕਰਵਾਇਆ। ਅਦਾਲਤ ਦੀ ਨਿਗਰਾਨੀ ਹੇਠ ਦੋਵਾਂ ਨੂੰ ਘਟਨਾ ਸਥਾਨ 'ਤੇ ਲਿਜਾ ਕੇ ਗ੍ਰੇਨੇਡ ਸੁੱਟਣ, ਭੱਜਣ ਅਤੇ ਸੜਕ ਪਾਰ ਕਰਨ ਸਮੇਤ ਪੂਰੀ ਘਟਨਾ ਦੀ ਮੁੜ ਅਦਾਇਗੀ ਕਰਵਾਈ ਗਈ । ਇਸ ਦੀ ਪੂਰੀ ਰਿਕਾਰਡਿੰਗ ਕਰਕੇ ਸੈਕਟਰ-36 ਸਥਿਤ ਸੀ.ਐਫ.ਐਸ.ਐਲ. ਲੈਬ ਜਾਂਚ ਲਈ ਭੇਜੀ ਗਈ। ਸੋਮਵਾਰ ਨੂੰ ਪੁਲਿਸ ਨੇ 1465 ਸਫ਼ਿਆਂ ਦੀ ਚਾਰਜਸ਼ੀਟ ਅਦਾਲਤ ਵਿੱਚ ਦਾਖ਼ਲ ਕੀਤੀ। ਇਸ ਵਿੱਚ 56 ਗਵਾਹ ਬਣਾਏ ਗਏ ਹਨ। ਸੁਰੱਖਿਆ ਕਾਰਨਾਂ ਕਰਕੇ ਦੋ ਗਵਾਹਾਂ ਦੀ ਪਛਾਣ ਗੁਪਤ ਰੱਖੀ ਗਈ ਹੈ ਅਤੇ ਉਨ੍ਹਾਂ ਨੂੰ 'ਏ' ਅਤੇ 'ਬੀ' ਕੋਡ ਨਾਂ ਦਿੱਤੇ ਗਏ ਹਨ। ਚਾਰਜਸ਼ੀਟ ਵਿੱਚ ਤਿੰਨ ਨਵੀਆਂ ਜਾਂਚਾਂ ਵੀ ਸ਼ਾਮਲ, ਗੈਸਚਰ ਐਨਾਲਿਸਿਸ ਟੈਸਟ ਸਾਰੇ ਮੁਲਜ਼ਮਾਂ ਦੀ ਵਿੱਤੀ ਜਾਂਚ, ਵਾਰਦਾਤ ਵਾਲੇ ਦਿਨ ਮੁਲਜ਼ਮਾਂ ਦੀ ਮੋਬਾਈਲ ਲੋਕੇਸ਼ਨ ਅਤੇ ਆਵਾਜਾਈ (ਮੂਵਮੈਂਟ) ਦੀ ਜਾਂਚ, ਇਸ ਤਰ੍ਹਾਂ ਆਪਸ ਵਿੱਚ ਜੁੜੇ ਸਨ ਮੁਲਜ਼ਮ, ਮੁੱਖ ਮੁਲਜ਼ਮ ਅਮਨਪ੍ਰੀਤ ਅਤੇ ਗੁਰਤੇਜ ਸਿੰਘ ਸਨ। ਸ਼ਿਮਲਾ ਦਾ ਰਹਿਣ ਵਾਲਾ ਰੌਬਿਨ ਉਰਫ਼ ਰਾਕੇਸ਼ 28 ਮਾਰਚ ਨੂੰ ਪਿੰਡ ਭਰਾਜਪੁਰ ਵਿੱਚ ਗ੍ਰੇਨੇਡ ਦੀ ਖੇਪ ਲੈ ਕੇ ਆਇਆ ਸੀ। ਜਸਵੀਰ ਸਿੰਘ ਨੇ ਜਨਵਰੀ ਵਿੱਚ ਗ੍ਰੇਨੇਡ ਅਤੇ ਹੋਰ ਸਮਾਨ ਲੁਕਾ ਕੇ ਰੱਖਣ ਦੀ ਜ਼ਿੰਮੇਵਾਰੀ ਨਿਭਾਈ। ਬਲਵਿੰਦਰ ਲਾਲ ਉਰਫ਼ ਸ਼ੰਮੀ ਨੇ ਆਪਣੀ ਦੁਕਾਨ 'ਤੇ ਪਾਰਸਲ ਰਖਵਾਇਆ। ਚਰਨਜੀਤ ਸਿੰਘ ਵਿਦੇਸ਼ੀ ਹੈਂਡਲਰ ਬਲਰਾਜ ਸਿੰਘ ਉਰਫ਼ ਜੋਤਾ ਅਤੇ ਹੋਰ ਮੁਲਜ਼ਮਾਂ ਦੇ ਸੰਪਰਕ ਵਿੱਚ ਸੀ। ਮੰਦੀਪ ਸ਼ਰਮਾ ਸਮੇਤ ਹੋਰ ਮੁਲਜ਼ਮਾਂ ਨੇ ਗ੍ਰੇਨੇਡ ਦੀ ਸਪਲਾਈ ਅਤੇ ਉਸ ਦੀ ਆਵਾਜਾਈ ਵਿੱਚ ਭੂਮਿਕਾ ਨਿਭਾਈ। ਚਾਰਜਸ਼ੀਟ ਵਿੱਚ ਘਟਨਾ ਸਥਾਨ ਦਾ ਰੂਟ ਮੈਪ, ਮੁਲਜ਼ਮਾਂ ਦੀ ਮੋਬਾਈਲ ਲੋਕੇਸ਼ਨ, ਵਿੱਤੀ ਲੈਣ-ਦੇਣ ਅਤੇ ਗੂਗਲ ਮੈਪ ਦੇ ਆਧਾਰ 'ਤੇ ਉਨ੍ਹਾਂ ਦੀ ਮੂਵਮੈਂਟ ਦਾ ਵੀ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ ਹੈ।

# ਦੇਗ ਤੇਗ ਫ਼ਤਹਿ ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

## ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

## ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ। ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।

**ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।**

## ਸਿੱਖ ਫੈਡਰੇਸ਼ਨ, ਯੂ. ਕੇ.

ਪਰਮਿੰਦਰ ਸਿੰਘ ਬੱਲ — ਪ੍ਰਧਾਨ | ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ | ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਅਕਾਲੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

## ਇੱਕ ਨਜ਼ਰ...



# ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦੇ ਵਿਸਥਾਰ ਲਈ ਵੱਖ-ਵੱਖ ਨਗਰਾਂ ਦੀਆਂ ਸੰਗਤਾ ਦੀ ਇਕੱਤਰਤਾ

## ਨਵੇਂ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਕੀਤਾ ਸਨਮਾਨਿਤ

ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤਿੱਤਰਾਂ ਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਰ ਜਥੇ ਦੇ ਵਿਸਥਾਰ ਲਈ ਅੱਜ ਬੁੰਗਾ ਮਸਤੂਆਣਾ ਸਾਹਿਬ, ਤਲਵੰਡੀ ਸਾਬੋ ਵਿਖੇ ਵਿਸ਼ੇਸ਼ ਇਕੱਤਰਤਾ ਹੋਈ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਬਾਬਾ ਸੁਖਦੇਵ ਸਿੰਘ ਅੰਨਦਪੁਰ ਵਾਲੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਸਭ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਅੱਗੇ ਅਰਦਾਸ ਬੇਨਤੀ ਕੀਤੀ। ਉਪਰੰਤ ਹੋਈ ਇਕੱਤਰਤਾ ਦੌਰਾਨ ਦਮਦਮੀ ਟਕਸਾਲ ਜਥਾ ਭਿੰਡਰਾਂ ਮਹੀਤਾ ਸੇਵਰ ਜਥੇ ਦਾ ਮਾਲਵਾ ਖੇਤਰ ਵਿੱਚ ਵਿਸਥਾਰ ਕਰਦਿਆਂ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਘਰ ਦੀ ਸੇਵਾ, ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਕਾਰਜਾਂ ਨੂੰ ਹੋਰ ਮਜ਼ਬੂਤ ਅਤੇ ਲੋਕ ਭਲਾਈ ਕਾਰਜ ਕਰਨ ਦਾ ਸੱਦਾ ਦਿੱਤਾ ਗਿਆ। ਨਵੀਆਂ ਨਿਯੁਕਤੀਆਂ ਅਨੁਸਾਰ ਜਥੇਦਾਰ ਜਗਤਾਰ ਸਿੰਘ ਸੇਖੂ ਨੂੰ ਜਿਲ੍ਹਾ ਪ੍ਰਧਾਨ ਬਠਿੰਡਾ, ਬਾਬਾ ਬੂਟਾ ਸਿੰਘ ਨੂੰ ਜਿਲ੍ਹਾ ਪ੍ਰਧਾਨ ਮਾਨਸਾ ਅਤੇ ਬਾਬਾ ਗੁਰਜੰਟ ਸਿੰਘ ਨੂੰ ਮੀਤ ਪ੍ਰਧਾਨ ਹਰਿਆਣਾ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਝੁਨੀਰ ਤੋਂ ਜਥੇਦਾਰ ਬਾਬਾ ਹਰਵਿੰਦਰ ਸਿੰਘ ਭਾਗ, ਸਰਦੂਲਗੜ੍ਹ ਤੋਂ ਜਥੇਦਾਰ ਮੱਖਣ ਸਿੰਘ, ਬਠਿੰਡਾ ਦਿਹਾਤੀ ਤੋਂ ਜਸਜੀਤ ਸਿੰਘ ਨੂੰ ਜਥੇਦਾਰ ਅਤੇ ਇੰਦਰਜੀਤ ਸਿੰਘ ਨੂੰ ਮੀਤ ਜਥੇਦਾਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸੇ ਮੌਕੇ ਸ. ਗੁਰਤੇਜ ਸਿੰਘ ਸਿੱਧੂ ਨੂੰ ਮਾਲਵਾ ਜੋਨ ਦਾ ਪ੍ਰੈਸ ਸਕੱਤਰ ਅਤੇ ਧਰਮਿੰਦਰ ਦਮਦਮੀ ਨੂੰ ਤਲਵੰਡੀ ਸਾਬੋ ਬਲਾਕ ਦਾ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ। ਇਕੱਤਰਤਾ ਵਿੱਚ ਲੰਗਰ ਬੁੰਗਾ ਮਸਤੂਆਣਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕਾਕਾ ਸਿੰਘ ਜੀ, ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਬਠਿੰਡਾ, ਜਥੇਦਾਰ ਭਾਈ ਗੁਰਮੀਤ ਸਿੰਘ ਤਲਵੰਡੀ ਸਾਬੋ (ਕਾਨੂੰਨੀ ਤੇ ਮੀਡੀਆ ਸਲਾਹਕਾਰ), ਬਾਬਾ ਗੁਰਜੰਟ ਸਿੰਘ ਸੰਧੂ, ਮੀਤ ਪ੍ਰਧਾਨ ਜਸਨੂਰ ਸਿੰਘ, ਪ੍ਰਧਾਨ ਕੁਲਦੀਪ ਸਿੰਘ ਹਰਿਆਣਾ, ਭਾਈ ਗੁਰਮੀਤ ਸਿੰਘ ਸੁਖਚੈਨ (ਸੀਨੀਅਰ ਮੈਂਬਰ), ਭਾਈ ਪ੍ਰਗਟ ਸਿੰਘ ਸਾਬਕਾ ਸਰਪੰਚ ਤਿਲੋਕੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸਿਰਕਤ ਕੀਤੀ। ਸਮਾਗਮ ਦੌਰਾਨ ਜਥੇਦਾਰ ਬਾਬਾ ਸੁਖਦੇਵ ਸਿੰਘ ਅੰਨਦਪੁਰ ਵਾਲੇ, ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਅਤੇ ਜਿਲ੍ਹਾ ਪ੍ਰਧਾਨ ਜਥੇਦਾਰ ਜਗਤਾਰ ਸਿੰਘ ਸੇਖੂ ਦਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਸੇਖੂ, ਤਿਗੜੀ, ਤ੍ਰਿਲੋਕੇਵਾਲਾ, ਦਾਦੂ, ਸੁਖਚੈਨ, ਸਾਖਾ, ਸ਼ੇਖਪੁਰਾ, ਰੋੜੀ, ਸਰਦੂਲਗੜ੍ਹ, ਬਠਿੰਡਾ, ਤਲਵੰਡੀ ਸਾਬੋ ਅਤੇ ਮਾਨਸਾ ਜਿਲ੍ਹੇ ਤੋਂ ਪਹੁੰਚੀਆਂ ਸੰਗਤਾਂ ਵੱਲੋਂ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰੂ ਘਰ ਦੀ ਸੇਵਾ ਅਤੇ ਪੰਥਕ ਏਕਤਾ ਲਈ ਅਤੇ ਲੋਕ ਭਲਾਈ ਕਾਰਜਾਂ ਨੂੰ ਮਿਲਜੁਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV



ਮਹਾਲਮ ਮੇਜਰ ਸਿੰਘ ਡੀਪੂ ਹੋਲਡਰ ਤੇ ਰਾਸ਼ਨ ਕਿੱਟਾਂ ਜੋ ਪੰਜਾਬ ਸਰਕਾਰ ਦੇ ਵੱਲੋਂ ਭੇਜੀਆਂ ਗਈਆਂ ਉਹ ਲੋਕਾਂ ਦੇ ਵਿੱਚ ਵੰਡੀਆਂ ਗਈਆਂ। ਇਸ ਸਮੇਂ ਜੋ ਲੋੜਵੰਦ ਪਰਿਵਾਰ ਡੀਪੂ ਹਲਦਰ ਤੇ ਰਾਸ਼ਨ ਲੈਣ ਪਹੁੰਚੇ ਉਹਨਾਂ ਨੇ ਖੁਸ਼ੀ ਦੇ ਵਿੱਚ ਮਾਨ ਸਰਕਾਰ ਦਾ ਧੰਨਵਾਦ ਕੀਤਾ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਵੱਧ ਤੋਂ ਵੱਧ ਡੀਪੂ ਹੋਲਡਰਾ ਤੇ ਰਾਸ਼ਨ ਦੀ ਅਪੀਲ ਵੀ ਕੀਤੀ। ਫੋਟੋ ਅਤੇ ਵੇਰਵਾ: ਸੁਖਮੰਦਰ ਸਿੰਘ ਸ਼ਾਂਤ

# ਡੇਂਗੂ/ਮਲੇਰੀਆ ਤੇ ਹੋਰ ਮੌਸਮੀ ਬਿਮਾਰੀਆਂ ਸਬੰਧੀ ਜਾਗਰੂਕਤਾ ਕੈਂਪ ਲਗਾਇਆ



ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮਾਣਯੋਗ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ, ਜਿਲਾ ਹੈਲਥ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਰਣਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸੀਨੀਅਰ ਮੈਡੀਕਲ ਅਫਸਰ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਡਾ. ਸ਼ਿਵਾਲੀ ਐਮ.ਡੀ ਮੈਡੀਕਲ ਅਫਸਰ ਵੱਲੋਂ ਲੋਕਾਂ ਨੂੰ ਡੇਂਗੂ/ਮਲੇਰੀਆ ਤੇ ਹੋਰ ਵੈਕਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਅਤੇ ਬਚਾਓ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ: ਸ਼ਿਵਾਲੀ ਨੇ ਦੱਸਿਆ ਕਿ ਛੱਤਾਂ ਉਪਰ ਪਾਣੀ ਵਾਲੀਆਂ ਟੈਂਕੀਆਂ ਢੱਕ ਕੇ ਰਖਣੀਆਂ ਚਾਹੀਦੀਆਂ ਹਨ, ਘਰਾਂ ਵਿੱਚ ਫਾਲਤੂ ਟੁੱਟੇ ਬਰਤਨ, ਟਾਇਰ, ਡਰੰਮ ਆਦਿ ਨੂੰ ਖੁੱਲੇ ਵਿੱਚ ਨਹੀਂ ਰੱਖਣਾ ਚਾਹੀਦਾ। ਉਨਾਂ ਦਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਲੋਕਾਂ ਦੇ ਘਰ-ਘਰ ਜਾ ਕੇ ਡੇਂਗੂ/ਮਲੇਰੀਆ ਤੋਂ ਬਚਾਓ ਸਬੰਧੀ ਜਾਗਰੂਕ ਕਰ ਰਹੀਆਂ ਹਨ। ਇਸ ਮੌਕੇ ਸ਼੍ਰੀ ਕੁਲਦੀਪ ਸਿੰਘ ਐਸ.ਆਈ, ਸ਼੍ਰੀ ਗੁਰਪ੍ਰੀਤ ਸਿੰਘ ਮ.ਪ.ਹ.ਵ, ਸ਼੍ਰੀ ਕੁਲਦੀਪ ਸਿੰਘ ਮ.ਪ.ਹ.ਵ, ਸੁਖਪਾਲ ਸਿੰਘ ਮ.ਪ.ਹ.ਵ, ਸ਼੍ਰੀ ਹਰਵਿੰਦਰ ਸਿੰਘ ਮ.ਪ.ਹ.ਵ ਅਤੇ ਬਰੀਡਿੰਗ ਚੈਕਰ ਹਾਜਰ ਸਨ।

### ਸੰਤ ਬਾਬਾ ਠਾਕਰ ਸਿੰਘ ਚਾਵੜਾ ਦੀ ਪਾਵਨ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ

# ਸੇਵਾ-ਸਿਮਰਨ ਤੋਂ ਬਿਨਾਂ ਮਨੁੱਖੀ ਜੀਵਨ ਅਧੂਰਾ: ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ











ਪਟਿਆਲਾ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)- ਗੁਰਦੁਆਰਾ ਸੰਤ ਸਾਗਰ ਚਾਵੜਾ, ਪਟਿਆਲਾ ਵਿਖੇ ਸੰਤ ਬਾਬਾ ਠਾਕਰ ਸਿੰਘ ਚਾਵੜਾ ਜੀ ਦੀ ਪਾਵਨ ਯਾਦ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸਮਾਗਮ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼-ਵਿਦੇਸ਼ ਅਤੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰ ਕੇ ਗੁਰੂ ਚਰਨਾਂ ਵਿੱਚ ਆਪਣੀ ਸ਼ਰਧਾ ਭੇਟ ਕੀਤੀ। ਗੁਰਦੁਆਰਾ ਸਾਹਿਬ ਦੇ ਮੁਖੀ ਸੰਤ ਬਾਬਾ ਰਜਿੰਦਰ ਸਿੰਘ ਚਾਵੜਾ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਦੌਰਾਨ ਪਿਛਲੇ ਵੀਹ ਦਿਨਾਂ ਤੋਂ ਚੱਲ ਰਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦੇ ਪਾਠਾਂ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਉੱਘੇ ਸਿੱਖ ਧਰਮ ਪ੍ਰਚਾਰਕ ਬਾਬਾ ਸੀਚਾਵੜਾ ਨੇ ਸੰਤ ਬਾਬਾ ਠਾਕਰ ਸਿੰਘ ਜੀ ਦੇ ਜੀਵਨ, ਉਨ੍ਹਾਂ ਦੀ ਤਪੱਸਿਆ, ਸੇਵਾ ਅਤੇ ਗੁਰਮਤਿ ਪ੍ਰਚਾਰ ਸਬੰਧੀ ਸੰਗਤ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੇਵਾ ਅਤੇ ਸਿਮਰਨ ਤੋਂ ਬਿਨਾਂ ਮਨੁੱਖੀ ਜੀਵਨ ਅਧੂਰਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਪਰਮਾਤਮਾ ਦਾ ਅੰਸ਼ ਹੈ ਅਤੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਹੀ ਸੱਚਾ ਧਰਮ ਹੈ। ਇਸ ਦੇ ਨਾਲ ਹੀ ਸਿੰਘ ਸਾਹਿਬ ਗਿਆਨੀ ਗੋਵਿੰਦਰ ਸਿੰਘ ਨੇ ਸੰਤ ਬਾਬਾ ਠਾਕਰ ਸਿੰਘ ਜੀ ਵੱਲੋਂ ਗੁਰਮਤਿ ਦੇ ਪ੍ਰਚਾਰ ਅਤੇ ਪੰਥ ਲਈ ਨਿਭਾਈਆਂ ਵਿਲੱਖਣ ਸੇਵਾਵਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਸਮਾਗਮ ਵਿੱਚ ਸੰਤ ਬਾਬਾ ਗਿਆਨਦੇਵ ਸਿੰਘ, ਸੰਤ ਬਾਬਾ ਭਾਗ ਸਿੰਘ ਪੰਗਾ ਵਾਲੇ, ਸੰਤ ਗਿਆਨੀ ਗੁਰਵਿੰਦਰ ਸਿੰਘ ਖੋਸਾ ਕੋਟਲਾ ਵਾਲੇ ਸਮੇਤ ਹੋਰ ਮਹਾਂਪੁਰਖਾਂ ਨੇ ਕਥਾ-ਵਿਚਾਰ ਰਾਹੀਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ। ਦੀਵਾਨਾਂ ਦੌਰਾਨ ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ (ਸੱਚਖੰਡ ਸ੍ਰੀ ਹਰਿਮੰਦਰ ਸਾਹਿਬ), ਭਾਈ ਸਰਬਨਜੀਤ ਸਿੰਘ ਹਜ਼ੂਰੀ ਰਾਗੀ, ਬਾਬਾ ਦਲ ਸਿੰਘ ਭਿਓਵਾਲੇ ਅਤੇ ਹੋਰ ਕੀਰਤਨੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਡਾ. ਭਾਈ ਜੀਵਨ ਸਿੰਘ ਜਲੰਧਰ ਵਾਲਿਆਂ ਨੇ ਵੀ ਹਾਜ਼ਰੀ ਭਰੀ। ਸਮਾਗਮ ਵਿੱਚ ਪੰਜਾਬ ਤੋਂ ਇਲਾਵਾ ਦਿੱਲੀ, ਹਰਿਆਣਾ, ਪਾਉਂਟਾ ਸਾਹਿਬ ਅਤੇ ਵਿਦੇਸ਼ਾਂ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਅੰਤ ਵਿੱਚ ਸੰਤ ਬਾਬਾ ਰਜਿੰਦਰ ਸਿੰਘ ਚਾਵੜਾ ਨੇ ਪਹੁੰਚੀਆਂ ਹੋਈਆਂ ਧਾਰਮਿਕ ਸ਼ਖ਼ਸੀਅਤਾਂ ਅਤੇ ਸੰਗਤ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ ਦੇ ਸਟੇਜ ਦਾ ਸੰਚਾਲਨ ਪ੍ਰੋਫੈਸਰ ਮਜਿੰਦਰ ਸਿੰਘ ਚਾਵੜਾ ਨੇ ਬਹੁਤ ਹੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਦੀਪ ਸਿੰਘ ਸਿਵਲ ਹਸਪਤਾਲ ਦੇ ਐੱਸ.ਐੱਮ.ਓ. ਡਾ. ਰਵੀ ਕਾਂਤ ਗੁਪਤਾ ਵੱਲੋਂ ਹਸਪਤਾਲ ਦਾ ਵਿਸ਼ੇਸ਼ ਨਿਰੀਖਣ, ਮਰੀਜ਼ਾਂ ਨਾਲ ਕੀਤੀ ਗੱਲਬਾਤ



ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਵੱਲੋਂ ਅੱਜ ਹਸਪਤਾਲ ਕੈਂਪਸ ਦਾ ਵਿਸ਼ੇਸ਼ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਦਾਖਲ ਮਰੀਜ਼ਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਅਤੇ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਡਾ. ਗੁਪਤਾ ਨੇ ਮਰੀਜ਼ਾਂ ਨੂੰ ਹਸਪਤਾਲ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਦਵਾਈਆਂ ਦੀ ਵੰਡ ਪ੍ਰਣਾਲੀ ਦਾ ਜਾਇਜ਼ਾ ਲੈਂਦਿਆਂ ਇਹ ਵੀ ਯਕੀਨੀ ਬਣਾਇਆ ਕਿ ਲੋੜੀਂਦੀਆਂ ਦਵਾਈਆਂ ਸਮੇਂ ਸਿਰ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਮਰੀਜ਼ਾਂ ਨੂੰ ਬਿਹਤਰ ਅਤੇ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਲਈ ਹਦਾਇਤਾਂ ਵੀ ਜਾਰੀ ਕੀਤੀਆਂ। ਨਿਰੀਖਣ ਦੌਰਾਨ ਐੱਸ.ਐੱਮ.ਓ. ਨੇ ਅੱਜ ਦੁਪਹਿਰ ਡਿਊਟੀ 'ਤੇ ਤਾਇਨਾਤ ਡਾਕਟਰਾਂ, ਨਰਸਿੰਗ ਸਟਾਫ਼ ਅਤੇ ਹੋਰ ਕਰਮਚਾਰੀਆਂ ਦੀ ਹਾਜ਼ਰੀ ਅਤੇ ਕੰਮਕਾਜ ਦੀ ਵੀ ਜਾਂਚ ਕੀਤੀ। ਉਨ੍ਹਾਂ ਨੇ ਸਾਰੇ ਸਟਾਫ਼ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨਾਲ ਨਿਮਰਤਾ ਅਤੇ ਜ਼ਿੰਮੇਵਾਰੀ ਨਾਲ ਪੇਸ਼ ਆਉਂਦੇ ਹੋਏ ਉਨ੍ਹਾਂ ਨੂੰ ਹਰ ਸੰਭਵ ਸਿਹਤ ਸਹੂਲਤ ਮੁਹੱਈਆ ਕਰਵਾਈ ਜਾਵੇ। ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਹਸਪਤਾਲ ਵਿੱਚ ਮਰੀਜ਼ਾਂ ਨੂੰ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ ਅਤੇ ਇਸ ਲਈ ਸਮੇਂ-ਸਮੇਂ 'ਤੇ ਅਜਿਹੇ ਨਿਰੀਖਣ ਕੀਤੇ ਜਾਂਦੇ ਰਹਿਣਗੇ, ਤਾਂ ਜੋ ਸਿਹਤ ਸੇਵਾਵਾਂ ਵਿੱਚ ਹੋਰ ਸੁਧਾਰ ਲਿਆਂਦਾ ਜਾ ਸਕੇ।

## ਇੱਕ ਨਜ਼ਰ...




# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਕੇਂਦਰੀ ਗੁਜਰਾਤ ਯੂਨੀਵਰਸਿਟੀ ਵੱਲੋਂ ਅੱਠ ਰੋਜ਼ਾ ਓਰੀਐਂਨਟੇਸ਼ਨ ਪ੍ਰੋਗਰਾਮ ਆਯੋਜਿਤ

ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਜੀ.ਕੇ.ਯੂ. (ਡਾ.) ਬਲਰਾਜ ਸਿੰਘ, ਡਾਇਰੈਕਟਰ, ਕੇਂਦਰੀ ਗੁਜਰਾਤ ਯੂਨੀਵਰਸਿਟੀ (ਡਾ.) ਐੱਚ.ਬੀ. ਪਟੇਲ ਦੀ ਅਗਵਾਈ ਹੇਠ ਯੂ.ਜੀ.ਸੀ. ਮਾਲਵੀਆ ਮਿਸ਼ਨ ਟੀਚਰ ਟ੍ਰੇਨਿੰਗ ਸੈਂਟਰ ਅਤੇ ਕੇਂਦਰੀ ਗੁਜਰਾਤ ਯੂਨੀਵਰਸਿਟੀ ਦੇ ਸਹਿਯੋਗ ਨਾਲ ਨਵੀਂ ਸਿੱਖਿਆ ਨੀਤੀ 2020-ਸੰਬੰਧੀ ਅੱਠ ਰੋਜ਼ਾ ਅਕਾਦਮਿਕ ਓਰੀਐਂਨਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਜਿਸ ਵਿੱਚ ਪਰੋ. ਵਾਈਸ ਚਾਂਸਲਰ (ਡਾ.) ਜਗਤਾਰ ਸਿੰਘ ਧੀਮਾਨ, ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡੀਨ ਅਕਾਦਮਿਕ, ਡਾ. ਜਾਵੇਦ ਅਹਿਮਦ ਨੇ ਵਿਸ਼ਾ ਮਾਹਿਰਾਂ ਵਜੋਂ ਆਪਣੇ ਵਿਚਾਰ ਸਾਂਝੇ ਕੀਤੇ। ਇਸ ਪ੍ਰੋਗਰਾਮ ਵਿੱਚ ਦੇਸ਼ਾਂ-ਵਿਦੇਸ਼ਾਂ ਦੀਆਂ 10 ਯੂਨੀਵਰਸਿਟੀਆਂ ਦੇ ਲਗਭਗ 120 ਖੋਜਾਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਅਧਿਆਪਕਾਂ ਨੂੰ ਆਪਣੇ ਹੁਨਰ ਨੂੰ ਨਿਖਾਰਨ ਅਤੇ ਕਲਾ ਨੂੰ ਖੋਜ ਅਤੇ ਅਧਿਆਪਨ ਦੇ ਖੇਤਰ ਵਿੱਚ ਵਰਤਣ ਲਈ ਪ੍ਰੇਰਿਤ ਕੀਤਾ। ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਪੁਰਾਤਨ ਭਾਰਤੀ ਗਿਆਨ ਭੰਡਾਰ ਬਾਰੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਭਾਰਤੀ ਵੇਦਾਂ, ਪੁਰਾਣਾਂ ਅਤੇ ਉਪਨਿਸ਼ਦਾਂ ਨੇ ਵਿਗਿਆਨ ,ਚਿਕਿਤਸਾ ਜਗਤ ਸੰਬੰਧੀ ਅਥਾਹ ਜਾਣਕਾਰੀ ਸਾਂਭੀ ਹੋਈ ਹੈ। ਸਾਡੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਇਸ ਤੋਂ ਲਾਹਾ ਲੈਣਾ ਚਾਹੀਦਾ ਹੈ। ਪ੍ਰੋ. ਅਸ਼ਿਵਨ ਮਕਵਾਨਾ, ਗੁਜਰਾਤ ਨੇ ਸੂਚਨਾ ਸੰਚਾਰ ਤਕਨਾਲੋਜੀ, ਡਾ. ਅਕੁੰਸ਼ ਆਨੰਦ ਨੇ ਉਚੇਰੀ ਸਿੱਖਿਆ, ਡਾ. ਨਮਰਤਾ ਸ਼ਰਮਾ ਇੰਦੋਰ, ਮੱਧ-ਪ੍ਰਦੇਸ਼, ਡਾ. ਬਲਵਿੰਦਰ ਰਾਜ, ਜਲੰਧਰ, ਪੰਜਾਬ ਨੇ ਖੋਜ ਤੇ ਵਿਕਾਸ, ਪ੍ਰੋ. ਜਗਦੀਸ਼ ਜੋਸ਼ੀ ਨੇ ਅਕਾਦਮਿਕ ਲੀਡਰਸ਼ਿਪ ਬਾਰੇ ਜਾਣਕਾਰੀ ਸਾਂਝੀ ਕੀਤੀ। ਕੋਰਸ ਕੁਆਰਡੀਨੇਟਰ ਅਤੇ ਡੀਨ ਡਾ. ਵਿਜੈ ਲਕਸ਼ਮੀ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ ਸਿੱਖਿਆ ਦੇ ਖੇਤਰ ਵਿੱਚ ਆ ਰਹੀਆਂ ਨਵੀਆਂ ਚਣੌਤੀਆਂ ਅਤੇ ਨਵੀਆਂ ਸੰਭਾਵਨਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਕਿਹਾ ਕਿ ਹੁਣ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਹੁਨਰ ਵਿਕਾਸ ਦਾ ਹੋਣਾ ਲਾਜ਼ਮੀ ਹੈ। ਵੈਲੇਡਿਕਟਰੀ ਸੈਸ਼ਨ ਵਿੱਚ ਡਾ. ਵਰਮਾ ਅਤੇ ਡਾ. ਖਾਨ ਵੱਲੋਂ ਭਾਗੀਦਾਰਾਂ ਨੂੰ ਸਰਟੀਫਿਕੇਟ ਵੰਡੇ ਗਏ। ਡਾ. ਮਨਪ੍ਰੀਤ ਕੌਰ, ਪ੍ਰਿਯੰਕਾ ਸ਼ਰਮਾ, ਡਾ. ਰਾਜਿੰਦਰ ਕੁਮਾਰ, ਤੇ ਸਾਹਿਲ ਸ਼ਰਮਾ ਦਾ ਸਮੂਹ ਪ੍ਰਬੰਧਨ ਅਤੇ ਸੰਚਾਲਨ ਸ਼ਲਾਘਾਯੋਗ ਰਿਹਾ।

## ਈ 20 ਪੈਟਰੋਲ ਬਣਿਆ ਪੁਰਾਣੇ ਵਾਹਨਾਂ ਲਈ ਸਿਰਦਰਦ?

# ਕਈ ਵਾਹਨ ਮਾਲਕਾਂ ਦਾ ਕਹਿਣਾ ਹੈ ਕਿ ਈ 20 ਪੈਟਰੋਲ ਤੋਂ ਬਾਅਦ ਇੰਜਣ 'ਤੇ ਅਸਰ, ਮਾਈਲੇਜ ਘਟਣ ਤੇ ਉੱਠੇ ਸਵਾਲ

ਈ 20 ਪੈਟਰੋਲ ਲਾਗੂ ਹੋਣ ਤੋਂ ਬਾਅਦ ਕਈ ਵਾਹਨ ਮਾਲਕਾਂ ਅਤੇ ਕੁਝ ਮਕੈਨਿਕਾਂ ਦਾ ਕਹਿਣਾ ਹੈ ਕਿ



ਪੁਰਾਣੇ ਵਾਹਨਾਂ ਵਿੱਚ ਮਾਈਲੇਜ ਘੱਟ ਹੋ ਰਹੀ ਹੈ, ਕਾਰਗੁਜ਼ਾਰੀ ਵਿੱਚ ਫਰਕ ਮਹਿਸੂਸ ਹੋ ਰਿਹਾ ਹੈ ਅਤੇ ਕੁਝ ਥਾਵਾਂ 'ਤੇ ਤਕਨੀਕੀ ਸਮੱਸਿਆਵਾਂ ਵੀ ਸਾਹਮਣੇ ਆ ਰਹੀਆਂ ਹਨ। 2023 ਤੋਂ ਪਹਿਲਾਂ ਦੇ ਕਈ ਮਾਡਲ 520 ਲਈ ਪੂਰੀ ਤਰ੍ਹਾਂ ਅਨੁਕੂਲ ਨਹੀਂ ਮੰਨੇ ਜਾਂਦੇ, ਜਿਸ ਕਾਰਨ ਲੋਕਾਂ ਵਿੱਚ ਚਿੰਤਾ ਹੈ ਕਿ ਉਨ੍ਹਾਂ ਦੇ ਵਾਹਨਾਂ 'ਤੇ ਵਾਧੂ ਖਰਚਾ ਆ ਸਕਦਾ ਹੈ। ਦੂਜੇ ਪਾਸੇ, ਸਰਕਾਰ ਦਾ ਕਹਿਣਾ ਹੈ ਕਿ ਈ20 ਵਿੱਚ ਵਰਤਿਆ ਜਾਣ ਵਾਲਾ ਈਥਨੋਲ ਗੰਨੇ, ਮੱਕੀ ਅਤੇ ਹੋਰ ਖੇਤੀਬਾੜੀ ਉਤਪਾਦਾਂ ਤੋਂ ਤਿਆਰ ਹੁੰਦਾ ਹੈ, ਜਿਸ ਨਾਲ ਕੱਚੇ ਤੇਲ ਦੀ ਆਯਾਤ ਘਟੇਗੀ ਅਤੇ ਕਿਸਾਨਾਂ ਲਈ ਆਮਦਨ ਦੇ ਨਵੇਂ ਮੌਕੇ ਬਣਨਗੇ। ਪਰ ਸਾਡਾ ਸਵਾਲ ਇਹ ਹੈ ਕਿ ਜੇ ਸਰਕਾਰ ਸੱਚਮੁੱਚ ਕਿਸਾਨਾਂ ਦੀ ਆਮਦਨ ਵਧਾਉਣ ਲਈ ਇੰਨੀ ਹੀ ਗੰਭੀਰ ਹੈ, ਤਾਂ ਕਿਸਾਨਾਂ ਦੇ ਹੋਰ ਲੰਬੇ ਸਮੇਂ ਤੋਂ ਚੱਲ ਰਹੇ ਮਸਲਿਆਂ ਦਾ ਅਜੇ ਤੱਕ ਸੰਤੋਸ਼ਜਨਕ ਹੱਲ ਕਿਉਂ ਨਹੀਂ ਨਿਕਲਿਆ? ਇਸੇ ਕਰਕੇ ਕਈ ਲੋਕਾਂ ਵਿੱਚ ਇਹ ਧਾਰਨਾ ਬਣੀ ਹੈ ਕਿ ਸਰਕਾਰ ਲੋਕਾਂ ਨੂੰ ਸਿਰਫ਼ ਫ਼ਾਇਦੇ ਦਿਖਾ ਕੇ ਨੀਤੀਆਂ ਲਾਗੂ ਕਰਦੀ ਹੈ, ਜਦਕਿ ਉਨ੍ਹਾਂ ਦੇ ਅਸਲ ਪ੍ਰਭਾਵ ਅਤੇ ਲੋਕਾਂ ਦੀਆਂ ਚਿੰਤਾਵਾਂ ਨੂੰ ਲੋੜੀਂਦੀ ਤਰਜੀਹ ਨਹੀਂ ਮਿਲਦੀ। ਜੇ ਕਿਸੇ ਨੀਤੀ ਨਾਲ ਆਮ ਲੋਕਾਂ ਦੀ ਜੇਬ 'ਤੇ ਅਸਰ ਪੈਂਦਾ ਹੈ, ਤਾਂ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪੂਰੀ ਪਾਰਦਰਸ਼ਤਾ ਨਾਲ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਵੇ, ਉਨ੍ਹਾਂ ਦੀਆਂ ਚਿੰਤਾਵਾਂ ਸੁਣੇ ਅਤੇ ਜੇ ਕੋਈ ਨੁਕਸਾਨ ਹੋਵੇ ਤਾਂ ਉਸ ਦਾ ਹੱਲ ਵੀ ਪੇਸ਼ ਕਰੇ। ਲੋਕਤੰਤਰ ਵਿੱਚ ਭਰੋਸਾ ਇਸ਼ਤਿਹਾਰਾਂ ਨਾਲ ਨਹੀਂ, ਸਗੋਂ ਜਵਾਬਦੇਹੀ ਅਤੇ ਜ਼ਮੀਨੀ ਹਕੀਕਤ ਨੂੰ ਸਵੀਕਾਰ ਕਰਨ ਨਾਲ ਬਣਦਾ ਹੈ।ਕਿਸੇ ਨੀਤੀ ਦਾ ਸਿੱਧਾ ਅਸਰ ਆਮ ਲੋਕਾਂ ਦੀ ਜੇਬ 'ਤੇ ਪੈਂਦਾ ਹੈ, ਤਾਂ ਕੀ ਉਸਨੂੰ ਵਿਆਪਕ ਜਾਗਰੂਕਤਾ, ਜਨਤਕ ਚਰਚਾ ਅਤੇ ਪੂਰੀ ਤਿਆਰੀ ਤੋਂ ਬਿਨਾਂ ਲਾਗੂ ਕਰਨਾ ਠੀਕ ਹੈ? ਸਰਕਾਰਾਂ ਨੂੰ ਸਿਰਫ਼ ਫ਼ਾਇਦੇ ਗਿਣਾਉਣ ਦੀ ਬਜਾਏ ਲੋਕਾਂ ਦੀਆਂ ਅਸਲ ਚਿੰਤਾਵਾਂ ਸੁਣਨੀਆਂ, ਸੁਤੰਤਰ ਅਧਿਐਨਾਂ ਨੂੰ ਸਾਹਮਣੇ ਲਿਆਉਣਾ ਅਤੇ ਜੇ ਨੁਕਸਾਨ ਹੋਵੇ ਤਾਂ ਉਸ ਦਾ ਹੱਲ ਵੀ ਦੇਣਾ ਚਾਹੀਦਾ ਹੈ। ਭਰੋਸਾ ਇਸ਼ਤਿਹਾਰਾਂ ਨਾਲ ਨਹੀਂ, ਸਗੋਂ ਪਾਰਦਰਸ਼ਤਾ ਅਤੇ ਜ਼ਮੀਨੀ ਹਕੀਕਤ ਨੂੰ ਮੰਨਣ ਨਾਲ ਬਣਦਾ ਹੈ।

**ਰੁਸਤਮ ਮੌਰਿੰਡਾ**
**ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ**

# ਨਿਊਯਾਰਕ ਦੇ ਉੱਘੇ ਅਟਾਰਨੀ ਜਸਪ੍ਰੀਤ ਸਿੰਘ ਤੇ ਜੀਐਨਡੀਯੂ ਦੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦਮਦਮੀ ਟਕਸਾਲ ਪੁੱਜੇ

## ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਨਤਮਸਤਕ ਹੋਣ ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨਾਲ ਕੀਤੀ ਵਿਸ਼ੇਸ਼ ਮੁਲਾਕਾਤ









ਚੌਂਕ ਮਹਿਤਾ, 14 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ): ਨਿਊਯਾਰਕ, ਅਮਰੀਕਾ ਦੇ ਪ੍ਰਸਿੱਧ ਅਟਾਰਨੀ ਐਟ ਲਾਅ ਐਡਵੋਕੇਟ ਜਸਪ੍ਰੀਤ ਸਿੰਘ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਅੱਜ ਵਿਸ਼ੇਸ਼ ਤੌਰ 'ਤੇ ਦਮਦਮੀ ਟਕਸਾਲ ਦੇ ਮੁੱਖ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਚੌਂਕ ਵਿਖੇ ਪੁੱਜੇ,ਜਿੱਥੇ ਉਨ੍ਹਾਂ ਦੀ ਆਮਦ ਮੌਕੇ ਦਮਦਮੀ ਟਕਸਾਲ ਦੇ ਮੋਹਤਬਰ ਸਿੰਘਾਂ ਤੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਜਸਪ੍ਰੀਤ ਸਿੰਘ ਅਤੇ ਪ੍ਰੋ. ਕਰਮਜੀਤ ਸਿੰਘ ਨੇ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ, ਉਪਰੰਤ ਉਨ੍ਹਾਂ ਨੇ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਸ਼ਖਸ਼ੀਅਤਾਂ ਨੇ ਦਮਦਮੀ ਟਕਸਾਲ ਵੱਲੋਂ ਧਾਰਮਿਕ, ਸਮਾਜਿਕ, ਵਿਦਿਅਕ ਅਤੇ ਪੰਥਕ ਖੇਤਰ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ । ਇਸ ਦੇ ਨਾਲ ਹੀ ਨੌਜਵਾਨ ਪੀੜ੍ਹੀ ਨੂੰ ਉੱਚ ਸਿੱਖਿਆ, ਆਪਣੇ ਅਮੀਰ ਵਿਰਸੇ, ਮਾਤ-ਭਾਸ਼ਾ ਪੰਜਾਬੀ ਅਤੇ ਗੁਰਮਤਿ ਕਦਰਾਂ-ਕੀਮਤਾਂ ਨਾਲ ਜੋੜਨ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਪ੍ਰੈੱਸ ਕਾਨਫਰੰਸ 'ਚ ਗੱਲਬਾਤ ਕਰਦੇ ਹੋਏ ਐਡਵੋਕੇਟ ਜਸਪ੍ਰੀਤ ਸਿੰਘ ਨੇ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਭਾਈਚਾਰੇ ਅਤੇ ਇਮੀਗ੍ਰੇਸ਼ਨ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਯੂਨੀਵਰਸਿਟੀ ਵੱਲੋਂ ਨੌਜਵਾਨਾਂ ਦੀ ਪੜ੍ਹਾਈ, ਹੁਨਰ ਵਿਕਾਸ ਤੇ ਰੁਜ਼ਗਾਰ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਤੇ ਨੀਤੀਆਂ ਬਾਰੇ ਚਰਚਾ ਕੀਤੀ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਾਣਯੋਗ ਸ਼ਖ਼ਸੀਅਤਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਵਿਦਿਅਕ, ਕਾਨੂੰਨੀ ਤੇ ਸਮਾਜ ਸੇਵਾ ਦੇ ਖੇਤਰ ਨਾਲ ਜੁੜੇ ਐਡਵੋਕੇਟ ਜਸਪ੍ਰੀਤ ਸਿੰਘ ਅਤੇ ਪ੍ਰੋ. ਕਰਮਜੀਤ ਸਿੰਘ ਵੱਲੋਂ ਸਮਾਜ ਦੀ ਬਿਹਤਰੀ ਤੇ ਨੌਜਵਾਨਾਂ ਦੀ ਅਗਵਾਈ ਲਈ ਨਿਭਾਈ ਜਾ ਰਹੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਦੇ ਨਾਲ-ਨਾਲ ਨੌਜਵਾਨਾਂ ਨੂੰ ਨੈਤਿਕਤਾ, ਸੇਵਾ-ਭਾਵਨਾ ਅਤੇ ਆਪਣੀ ਵਿਰਾਸਤ ਪ੍ਰਤੀ ਜਾਗਰੂਕ ਕਰਨਾ ਵੀ ਸਮੇਂ ਦੀ ਮੁੱਖ ਲੋੜ ਹੈ। ਜ਼ਿਕਰਯੋਗ ਹੈ ਕਿ ਐਡਵੋਕੇਟ ਜਸਪ੍ਰੀਤ ਸਿੰਘ ਨੂੰ ਕਾਨੂੰਨ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਵਡਮੁੱਲੇ ਯੋਗਦਾਨ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀਤੇ ਦਿਨੀਂ ਆਨਰੇਰੀ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ ਹੈ,ਜਦਕਿ ਪ੍ਰੋ. (ਡਾ.) ਕਰਮਜੀਤ ਸਿੰਘ ਨੂੰ ਸਿੱਖਿਆ ਅਤੇ ਪ੍ਰਸ਼ਾਸਨ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਲਈ 'ਪੰਜਾਬ ਰਤਨ' ਅਤੇ 'ਚੇਂਜ ਮੇਕਰ ਆਫ਼ ਦਿ ਈਅਰ' ਵਰਗੇ ਵੱਕਾਰੀ ਸਨਮਾਨਾਂ ਨਾਲ ਵੀ ਨਿਵਾਜਿਆ ਜਾ ਚੁੱਕਾ ਹੈ। ਅੰਤ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਆਈਆਂ ਮਾਣਯੋਗ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਕਰਮਜੀਤ ਸਿੰਘ, ਪੱਤਰਕਾਰ ਹਰਜਿੰਦਰ ਸਿੰਘ ਰੰਧਾਵਾ, ਓ.ਐੱਸ.ਡੀ. ਹਰਇਕਬਾਲ ਸਿੰਘ, ਡਾ. ਅਮਰਜੀਤ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਗਿਆਨੀ ਸਾਹਿਬ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ, ਜਥੇਦਾਰ ਬਾਬਾ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਭਾਈ ਸਤਨਾਮ ਸਿੰਘ ਅਤੇ ਭਾਈ ਪ੍ਰਭਜੋਤ ਸਿੰਘ,ਗੁਰਬਿੰਦਰ ਸਿੰਘ ਪੱਡਾ ਆਦਿ ਵੀ ਮੌਜੂਦ ਸਨ।

# ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਘਨੌਰ ਕਲਾਂ ਵਿਖੇ ਕੀਤੀ 'ਲੋਕ ਮਿਲਣੀ'



ਸ਼ੇਰਪੁਰ, 14 ਜੁਲਾਈ (ਰਣਜੀਤ ਸਿੰਘ ਪੇਧਨੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਅਤੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਪਿੰਡ ਘਨੌਰ ਕਲਾਂ ਵਿਖੇ 'ਲੋਕ ਮਿਲਣੀ' ਕੀਤੀ। ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਸਮਾਂਬੱਧ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਦੱਸਿਆ ਕਿ ਘਨੌਰ ਕਲਾਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਕਰੀਬ 5.45 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਮੁਕੰਮਲ ਹੋ ਚੁੱਕੇ ਹਨ, ਜਦਕਿ ਲਗਭਗ 5.99 ਕਰੋੜ ਰੁਪਏ ਦੀ ਲਾਗਤ ਵਾਲੇ ਹੋਰ ਸੜਕਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟ ਵੀ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨੂੰ ਜੋ ਵੀ ਗਰੰਟੀਆਂ ਦਿੱਤੀਆਂ ਸਨ, ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ। ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਲੋਕ ਭਲਾਈ ਸਕੀਮਾਂ ਦਾ ਲਾਭ ਘਰ-ਘਰ ਤੱਕ ਪਹੁੰਚ ਰਿਹਾ ਹੈ, ਜਦਕਿ ਮਲੇਰਕੋਟਲਾ ਮਾਈਨਰ ਪ੍ਰੋਜੈਕਟ ਮੁਕੰਮਲ ਹੋਣ ਨਾਲ ਇਲਾਕੇ ਦੇ ਖੇਤਾਂ ਨੂੰ ਪਹਿਲੀ ਵਾਰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਅਤੇ ਸਮੁੱਚੀ ਟੀਮ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਹਰ ਵੇਲੇ ਵਚਨਬੱਧ ਹੈ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਬਲਾਕ ਸੰਮਤੀ ਸ਼ੇਰਪੁਰ ਦੇ ਚੇਅਰਮੈਨ ਚਰਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਯੁੱਗ ਘਨੌਰ ਪ੍ਰਧਾਨ ਯੂਥ ਵਿੰਗ, ਐਡਵੋਕੇਟ ਹੈੱਪੀ ਗਰਗ, ਕੌਂਸਲਰ ਪੁਸ਼ਿਪੰਦਰ ਸ਼ਰਮਾ, ਬਲਾਕ ਪ੍ਰਧਾਨ ਸੁਖਦੇਵ ਸਿੰਘ, ਡਾਇਰੈਕਟਰ ਅਨਿਲ ਮਿੱਤਲ, ਗਗਨ ਜਵੰਧਾ, ਸਰਪੰਚ ਜਸਵਿੰਦਰ ਸਿੰਘ, ਸਰਪੰਚ ਅਮਰਜੀਤ ਸਿੰਘ, ਦਵਿੰਦਰ ਸਿੰਘ, ਅਮਰਦੀਪ ਸਿੰਘ ਧਾਂਦਰਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਪੰਚਾਇਤ ਨੁਮਾਇੰਦੇ ਅਤੇ ਪਿੰਡ ਵਾਸੀ ਹਾਜ਼ਰ ਸਨ।

## ਇੱਕ ਨਜ਼ਰ...




### ਸਵੀਪ ਗਤੀਵਿਧੀਆਂ ਤਹਿਤ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਲਗਾਇਆ ਵਿਸ਼ੇਸ਼ ਜਾਗਰੂਕਤਾ ਸੈਮੀਨਾਰ

ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮਾਨਯੋਗ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਬਠਿੰਡਾ ਅਤੇ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਸ਼੍ਰੀਮਤੀ ਵੀਰਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਚਲਾਈਆਂ ਜਾ ਰਹੀਆਂ ਸਵੀਪ ਗਤੀਵਿਧੀਆਂ ਤਹਿਤ ਅੱਜ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਤਲਵੰਡੀ ਸਾਬੋ ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਵੀਪ ਦੇ ਨੋਡਲ ਅਫ਼ਸਰ ਸਰਦਾਰ ਅੰਮ੍ਰਿਤਪਾਲ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਉਨ੍ਹਾਂ ਗਿਆਰਵੀਂ ਅਤੇ ਬਾਰਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵੋਟਰ ਸੂਚੀ ਵਿੱਚ ਨਵੀਂ ਵੋਟ ਬਣਵਾਉਣ, ਵੋਟ ਕਟਵਾਉਣ, ਵੇਰਵਿਆਂ ਵਿੱਚ ਸੋਧ ਕਰਵਾਉਣ ਅਤੇ ਇਸ ਪ੍ਰਕਿਰਿਆ ਦੌਰਾਨ ਲੋੜੀਂਦੇ ਦਸਤਾਵੇਜ਼ਾਂ ਸਬੰਧੀ ਜਾਗਰੂਕ ਕੀਤਾ। ਉਨ੍ਹਾਂ ਦੱਸਿਆ ਕਿ ਬੀ.ਐਲ.ਓ. ਵੱਲੋਂ ਘਰ-ਘਰ ਜਾ ਕੇ ਕੀਤੀ ਜਾ ਰਹੀ ਤਸਦੀਕ ਦੌਰਾਨ ਲੋੜੀਂਦੇ ਦਸਤਾਵੇਜ਼ ਇਕੱਤਰ ਕੀਤੇ ਜਾ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਇਸ ਵਿਸ਼ੇਸ਼ ਸੁਧਾਈ ਮੁਹਿੰਮ ਬਾਰੇ ਜਾਗਰੂਕ ਕਰਨ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਇਸ ਪ੍ਰਕਿਰਿਆ ਨਾਲ ਜੋੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਵੀਪ ਟੀਮ ਦੇ ਮੈਂਬਰ ਬੂਟਾ ਸਿੰਘ, ਜਗਦੀਪ ਸਿੰਘ ਅਤੇ ਵਿਕਾਸ ਸਿੰਗਲਾ ਹਾਜ਼ਰ ਰਹੇ। ਇਸ ਤੋਂ ਇਲਾਵਾ ਸਕੂਲ ਦੇ ਪ੍ਰਿੰਸੀਪਲ ਮੈਡਮ ਸਾਨੀਆ ਕਾਮਰਾ, ਸੁਨੀਤਾ ਮਿੱਤਲ, ਪ੍ਰਿਅੰਕਾ ਅਤੇ ਹੋਰ ਸਟਾਫ਼ ਮੈਂਬਰ ਵੀ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜ ਪੰਥਕ ਜਥੇਬੰਦੀਆਂ ਵੱਲੋਂ ਦੇਸ਼ ਦੇ ਗ੍ਰਹਿ ਮੰਤਰੀ ਦੇ ਨਾਮ ਡੀਸੀ ਸੰਗਰੂਰ ਨੂੰ ਦਿੱਤਾ ਮੰਗ ਪੱਤਰ



ਧੂਰੀ , 14 ਜੁਲਾਈ (ਰਣਜੀਤ ਸਿੰਘ ਪੇਧਨੀ )- ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਜਸਵੀਰ ਸਿੰਘ ਰੋਡੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਯੂਨਾਇਟੇਡ ਅਕਾਲੀ ਦਲ, ਗੁਰਦੀਪ ਸਿੰਘ ਪ੍ਰਧਾਨ ਬੇਗਮਪੁਰਾ ਖਾਲਸਾ ਰਾਜ ਪਾਰਟੀ ਅਤੇ ਭਾਈ ਮਨਦੀਪ ਸਿੰਘ ਪੰਥਕ ਆਜਾਦ ਗਰੁੱਪ ਦੇ ਸਹਿਯੋਗ ਨਾਲ ਇਨ੍ਹਾਂ ਪੰਜ ਪੰਥਕ ਜਥੇਬੰਦੀਆਂ ਵੱਲੋਂ ਦੇਸ਼ ਦੇ ਗ੍ਰਹਿ ਮੰਤਰੀ ਦੇ ਨਾਮ ਡੀਸੀ ਸੰਗਰੂਰ ਨੂੰ ਇਕ ਮੈਮੋਰੈਂਡਮ ਦਿੱਤਾ ਗਿਆ ।ਮੈਮੋਰੰਡਮ ਰਾਹੀਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ 'ਤੇ ਆਧਾਰਿਤ ਫ਼ਿਲਮ "ਸਤਲੁਜ" 'ਤੇ ਲਗਾਈ ਗਈ ਪਾਬੰਦੀ ਤੁਰੰਤ ਹਟਾਉਣ, ਖਾਲੜਾ ਕਤਲ ਕਾਂਡ ਦੇ ਦੋਸ਼ੀ ਡੀਐਸਪੀ ਜਸਪਾਲ ਸਿੰਘ ਨੂੰ ਫੌਰੀ ਗ੍ਰਿਫ਼ਤਾਰ ਕਰਨ ਅਤੇ ਪੰਜਾਬ ਵਿੱਚ 1980 ਤੋਂ 1995 ਤੱਕ ਦੇ ਕਾਲੇ ਦੌਰ ਦੌਰਾਨ ਹਰ ਪਾਸੇ ਤੋਂ ਹੋਈ ਕਤਲੋ-ਗਾਰਤ ਦੀ ਸੱਚਾਈ ਸਾਹਮਣੇ ਲਿਆਉਣ, ਜ਼ਿੰਮੇਵਾਰੀ ਤੈਅ ਕਰਨ ਅਤੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਇੱਕ ਸੁਤੰਤਰ ਸੱਚ ਕਮਿਸ਼ਨ ਦਾ ਗਠਨ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਭਾਈ ਗੋਬਿੰਦ ਸਿੰਘ ਲੋਗੋਂਵਾਲ ਸਾਬਕਾ ਮੰਤਰੀ, ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ, ਜਿਲ੍ਹਾ ਪ੍ਰਧਾਨ ਰਿਪੂ ਢਿੱਲੋ, ਰਾਮਪਾਲ ਸਿੰਘ ਬੈਹਣਿਵਾਲ ਮੈਬਰ ਐਸਜੀਪੀਸੀ, ਮਲਕੀਤ ਸਿੰਘ ਚੰਗਾਲ ਮੈਬਰ ਐਸਜੀਪੀਸੀ, ਰੁਪਿੰਦਰ ਸਿੰਘ ਹਾਂਡਾ, ਹਰਪਰੀਤ ਸਿੰਘ ਢੀਡਸਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਯੁਕਤ ਰਾਸ਼ਟਰ ਨੇ ਭਾਰਤ ਦੀ ਵੋਟਰ ਸੂਚੀ ਪੁਨਰ-ਸਮੀਖਿਆ (ਐਸ.ਆਈ.ਆਰ) 'ਤੇ ਜਤਾਈ ਚਿੰਤਾ

ਨਵੀਂ ਦਿੱਲੀ 14 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਰਾਸ਼ਟਰ (ਯੂਐਨ) ਦੇ ਤਿੰਨ ਵਿਸ਼ੇਸ਼ ਦੂਤਾਂ ਨੇ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਦੇਸ਼ ਵਿੱਚ ਚੱਲ ਰਹੀ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸਮੀਖਿਆ



(ਐਸ.ਆਈ.ਆਰ) ਪ੍ਰਕਿਰਿਆ 'ਤੇ ਗੰਭੀਰ ਚਿੰਤਾ ਜਤਾਈ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਇਸ ਦੌਰਾਨ ਵੱਡੀ ਗਿਣਤੀ ਵਿੱਚ ਵੋਟਰਾਂ ਦੇ ਨਾਮ ਸੂਚੀਆਂ ਵਿੱਚੋਂ ਹਟਾਏ ਗਏ ਹਨ, ਜਿਸ ਦਾ ਸਭ ਤੋਂ ਵੱਧ ਅਸਰ ਮੁਸਲਿਮ, ਬੰਗਾਲੀ ਮੂਲ ਦੇ ਲੋਕਾਂ ਅਤੇ ਹੋਰ ਘੱਟਗਿਣਤੀ ਭਾਈਚਾਰਿਆਂ 'ਤੇ ਪਿਆ ਹੈ। ਯੂਐਨ ਦੇ ਵਿਸ਼ੇਸ਼ ਦੂਤਾਂ ਨੇ ਦੋਸ਼ ਲਗਾਇਆ ਕਿ ਕੁਝ ਸੀਨੀਅਰ ਸਰਕਾਰੀ ਆਗੂਆਂ ਦੇ ਬਿਆਨਾਂ ਨੇ ਮੁਸਲਮਾਨਾਂ ਅਤੇ ਹੋਰ ਘੱਟਗਿਣਤੀਆਂ ਵਿਰੁੱਧ ਭੇਦਭਾਵ ਵਾਲੇ ਮਾਹੌਲ ਨੂੰ ਹੋਰ ਵਧਾਇਆ। ਪੱਤਰ ਵਿੱਚ ਕਿਹਾ ਗਿਆ ਹੈ ਕਿ ਵੋਟਰ ਸੂਚੀ ਵਿੱਚੋਂ ਨਾਮ ਹਟਾਉਣ ਦੀ ਕਾਰਵਾਈ ਨੂੰ "ਗੈਰ-ਕਾਨੂੰਨੀ ਬੰਗਲਾਦੇਸ਼ੀ ਘੁਸਪੈਠੀਆਂ" ਖ਼ਿਲਾਫ਼ ਮੁਹਿੰਮ ਵਜੋਂ ਪੇਸ਼ ਕੀਤਾ ਗਿਆ, ਜਿਸ ਨਾਲ ਭਾਰਤੀ ਮੁਸਲਿਮ ਨਾਗਰਿਕਾਂ ਨੂੰ ਵੀ ਸ਼ੱਕ ਦੇ ਘੇਰੇ ਵਿੱਚ ਲਿਆਉਣ ਦਾ ਖ਼ਤਰਾ ਪੈਦਾ ਹੁੰਦਾ ਹੈ। ਦੂਤਾਂ ਨੇ ਦਾਅਵਾ ਕੀਤਾ ਕਿ ਨੌਂ ਰਾਜਾਂ ਅਤੇ ਤਿੰਨ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਚਲਾਈ ਗਈ ਇਸ ਮੁਹਿੰਮ ਦੌਰਾਨ ਲਗਭਗ 5.2 ਕਰੋੜ ਵੋਟਰਾਂ ਦੇ ਨਾਮ ਹਟਾਏ ਗਏ, ਜਿਨ੍ਹਾਂ ਵਿੱਚੋਂ 91 ਲੱਖ ਨਾਮ ਸਿਰਫ਼ ਪੱਛਮੀ ਬੰਗਾਲ ਨਾਲ ਸਬੰਧਤ ਹਨ। ਪੱਤਰ ਵਿੱਚ ਨੰਦੀਗ੍ਰਾਮ ਹਲਕੇ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਕਿ ਉੱਥੇ ਹਟਾਏ ਗਏ ਵੋਟਰਾਂ ਵਿੱਚ ਲਗਭਗ 95 ਫ਼ੀਸਦੀ ਮੁਸਲਿਮ ਸਨ, ਜਦਕਿ ਹਲਕੇ ਵਿੱਚ ਉਨ੍ਹਾਂ ਦੀ ਕੁੱਲ ਹਿੱਸੇਦਾਰੀ ਕਰੀਬ 25 ਫ਼ੀਸਦੀ ਹੈ। ਯੂਐਨ ਨੇ ਇਹ ਵੀ ਚਿੰਤਾ ਜਤਾਈ ਕਿ ਨਾਮਾਂ ਦੀ ਸਪੈਲਿੰਗ ਵਿੱਚ ਮਾਮੂਲੀ ਫ਼ਰਕ ਅਤੇ ਏਆਈ ਅਧਾਰਿਤ ਜਾਂਚ ਪ੍ਰਣਾਲੀ ਕਾਰਨ ਵੀ ਵੋਟਰਾਂ ਦੇ ਨਾਮ ਹਟਾਏ ਗਏ ਹੋ ਸਕਦੇ ਹਨ। ਪੱਤਰ ਵਿੱਚ ਕੇਂਦਰ ਸਰਕਾਰ ਤੋਂ ਇਸ ਪੂਰੀ ਪ੍ਰਕਿਰਿਆ ਦੀ ਪਾਰਦਰਸ਼ਤਾ, ਹਟਾਏ ਗਏ ਵੋਟਰਾਂ ਦਾ ਵੇਰਵਾ, ਘੱਟਗਿਣਤੀਆਂ ਦੇ ਵੋਟ ਦੇ ਅਧਿਕਾਰ ਦੀ ਸੁਰੱਖਿਆ ਅਤੇ ਪ੍ਰਭਾਵਿਤ ਲੋਕਾਂ ਨੂੰ ਇਨਸਾਫ਼ ਦੇਣ ਲਈ ਚੁੱਕੇ ਗਏ ਕਦਮਾਂ ਬਾਰੇ ਸਪੱਸ਼ਟੀਕਰਨ ਮੰਗਿਆ ਗਿਆ ਹੈ।

# ਮੀਰੀ-ਪੀਰੀ ਮੈਡੀਕਲ ਇੰਸਟੀਟਿਊਟ: ਪਹਿਲਾਂ ਪ੍ਰਬੰਧ ਲੈਣ ਦੀ ਕਾਹਲ, ਹੁਣ ਬਜਟ ਦਾ ਰੋਣਾ; ਝਿੰਡਾ ਦੇ ਬਿਆਨਾਂ ਨੇ ਹਰਿਆਣਾ ਦੀ ਸਿੱਖ ਨੌਜਵਾਨੀ ਦੇ ਭਵਿੱਖ 'ਤੇ ਲਾਇਆ ਪ੍ਰਸ਼ਨਚਿੰਨ੍ਹ !

**ਕ੍ਰੈਡਿਟ ਲੈਣ ਵੇਲੇ 'ਦਿਨ-ਰਾਤ ਇੱਕ ਕਰਨ' ਦੇ ਦਾਅਵੇ, ਪ੍ਰਬੰਧ ਚਲਾਉਣ ਵੇਲੇ ਹੱਥ ਖੜ੍ਹੇ; ਸੰਗਤਾਂ ਨੇ ਪੁੱਛਿਆ- ਕੀ ਬਿਨਾਂ ਤਿਆਰੀ ਦੇ ਲਿਆ ਸੀ ਕਰੋੜਾਂ ਦੇ ਪ੍ਰੋਜੈਕਟ ਦਾ ਜ਼ਿੰਮਾ ਤੇ ਪ੍ਰਬੰਧ ਨਹੀਂ ਚੱਲਦਾ ਤਾਂ ਝੀਂਡਾ ਦੇਵੇ ਅਸਤੀਫਾ ?**



ਮੀਰੀ-ਪੀਰੀ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਨੂੰ ਲੈ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ) ਦੇ ਪ੍ਰਧਾਨ ਜਗਦੀਸ਼ ਸਿੰਘ ਝਿੰਡਾ ਦੇ ਬਦਲਦੇ ਬਿਆਨਾਂ ਨੇ ਇੱਕ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ ਹੈ।ਪਹਿਲਾਂ ਹਸਪਤਾਲ ਦਾ ਪ੍ਰਬੰਧ ਆਪਣੇ ਹੱਥਾਂ ਵਿੱਚ ਲੈਣ ਲਈ ਕ੍ਰੈਡਿਟ ਲੈਣ ਦੀ ਹੋੜ ਲੱਗੀ ਹੋਈ ਸੀ, ਪਰ ਹੁਣ ਬਜਟ ਦੀ ਕਮੀ ਦਾ ਬਹਾਨਾ ਬਣਾ ਕੇ ਪੰਜਾਬ ਕਮੇਟੀ ਨੂੰ ਪ੍ਰਬੰਧ ਵਾਪਸ ਸੌਂਪਣ ਦੀ ਗੱਲ ਕਹੀ ਜਾ ਰਹੀ ਹੈ। ਜਗਦੀਸ਼ ਸਿੰਘ ਝਿੰਡਾ ਦਾ ਇਹ ਬਿਆਨ ਹਰਿਆਣਾ ਦੀ ਸਿੱਖ ਨੌਜਵਾਨੀ ਅਤੇ ਮੈਡੀਕਲ ਸਿੱਖਿਆ ਦੇ ਭਵਿੱਖ ਲਈ ਇੱਕ ਵੱਡਾ ਝਟਕਾ ਸਾਬਤ ਹੋ ਰਿਹਾ ਹੈ, ਜਿਸ ਕਾਰਨ ਸੰਗਤਾਂ ਵਿੱਚ ਭਾਰੀ ਰੋਸ ਅਤੇ ਹੈਰਾਨੀ ਹੈ। ਕੁਝ ਸਮਾਂ ਪਹਿਲਾਂ ਤੱਕ ਹਰਿਆਣਾ ਪ੍ਰਧਾਨ ਝਿੰਡਾ ਇਹ ਦਾਅਵੇ ਕਰਦੇ ਨਹੀਂ ਸੀ ਥੱਕਦੇ ਕਿ ਉਨ੍ਹਾਂ ਨੇ ਹਰਿਆਣਾ ਕਮੇਟੀ ਨੂੰ ਵੱਖਰਾ ਕਰਵਾਉਣ ਅਤੇ ਇਸ ਦੇ ਅਦਾਰਿਆਂ 'ਤੇ ਕਬਜ਼ਾ ਲੈਣ ਲਈ ਦਿਨ-ਰਾਤ ਇੱਕ ਕੀਤਾ ਹੈ। ਪਰ ਹੁਣ, ਜਦੋਂ ਕਰੋੜਾਂ ਰੁਪਏ ਦੀ ਲਾਗਤ ਵਾਲੇ ਇਸ ਮੈਡੀਕਲ ਇੰਸਟੀਟਿਊਟ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੀ ਵਾਰੀ ਆਈ, ਤਾਂ ਇਹ ਕਹਿ ਕੇ ਪੱਲਾ ਝਾੜਿਆ ਜਾ ਰਿਹਾ ਹੈ ਕਿ "ਪੰਜਾਬ ਕਮੇਟੀ ਇਸ ਨੂੰ ਵਾਪਸ ਲੈ ਲਵੇ।" ਸੰਗਤਾਂ ਸਵਾਲ ਕਰ ਰਹੀਆਂ ਹਨ ਕਿ ਜੇਕਰ ਪ੍ਰਬੰਧ ਚਲਾਉਣ ਦੀ ਸਮਰੱਥਾ ਹੀ ਨਹੀਂ ਸੀ, ਤਾਂ ਕਰੋੜਾਂ ਦੇ ਇਸ ਪ੍ਰੋਜੈਕਟ ਨੂੰ ਅੱਧ ਵਿਚਕਾਰ ਲਟਕਾਉਣ ਦੀ ਕਾਹਲ ਕਿਉਂ ਕੀਤੀ ਗਈ ? ਨਵੇਂ ਸਿਰੇ ਤੋਂ ਕਿਸੇ ਵੀ ਮੈਡੀਕਲ ਸੰਸਥਾ ਨੂੰ ਸਥਾਪਿਤ ਕਰਨ ਅਤੇ ਚਲਾਉਣ ਲਈ ਕਈ ਸਾਲਾਂ ਦੀ ਯੋਜਨਾਬੰਦੀ, ਸਰਕਾਰੀ ਮਨਜ਼ੂਰੀਆਂ, ਯੂਨੀਵਰਸਿਟੀ ਦੀ ਮਾਨਤਾ, ਮੈਡੀਕਲ ਰੈਗੂਲੇਟਰੀ ਬਾਡੀਜ਼ ਦੀਆਂ ਪ੍ਰਵਾਨਗੀਆਂ ਅਤੇ ਸਭ ਤੋਂ ਵੱਧ ਵੱਡੇ ਵਿੱਤੀ ਸਰੋਤਾਂ ਦੀ ਲੋੜ ਹੁੰਦੀ ਹੈ । ਪ੍ਰਧਾਨ ਝਿੰਡਾ ਨੂੰ ਸਭ ਕੁਝ ਬਣਿਆ ਬਣਾਇਆ ਮਿਲਿਆ ਪਰ ਫਿਰ ਵੀ ਚਲਾਉਣ ਵੇਲੇ ਹੱਥ ਖੜੇ ਕਰ ਗਏ ਕੀ ਹਰਿਆਣਾ ਕਮੇਟੀ ਨੇ ਇਸ ਹਸਪਤਾਲ ਦਾ ਪ੍ਰਬੰਧ ਸੰਭਾਲਣ ਤੋਂ ਪਹਿਲਾਂ ਕੋਈ ਲੰਬੇ ਸਮੇਂ ਦੀ ਵਿੱਤੀ ਜਾਂ ਪ੍ਰਸ਼ਾਸਕੀ ਯੋਜਨਾ ਤਿਆਰ ਕੀਤੀ ਸੀ, ਜਾਂ ਸਿਰਫ਼ ਸਿਆਸੀ ਵਾਹ-ਵਾਹੀ ਲੁੱਟਣ ਲਈ ਇਹ ਕਦਮ ਚੁੱਕਿਆ ਗਿਆ ਸੀ ? ਇਸ ਮੈਡੀਕਲ ਇੰਸਟੀਟਿਊਟ ਨਾਲ ਹਰਿਆਣਾ ਦੇ ਸਿੱਖ ਪਰਿਵਾਰਾਂ ਅਤੇ ਨੌਜਵਾਨਾਂ ਦੀਆਂ ਉਮੀਦਾਂ ਜੁੜੀਆਂ ਹੋਈਆਂ ਹਨ, ਜੋ ਇੱਥੇ ਉੱਚ ਮੈਡੀਕਲ ਸਿੱਖਿਆ ਅਤੇ ਰੁਜ਼ਗਾਰ ਦੇ ਸੁਪਨੇ ਦੇਖ ਰਹੇ ਹਨ। ਪ੍ਰਬੰਧਕਾਂ ਦੀ ਇਸ ਖਿੱਚੋਤਾਣ ਅਤੇ ਗੈਰ-ਜ਼ਿੰਮੇਵਾਰਾਨਾ ਵਤੀਰੇ ਕਾਰਨ ਇਸ ਸੰਸਥਾ ਦੇ ਭਵਿੱਖ 'ਤੇ ਕਾਲੇ ਬੱਦਲ ਮੰਡਰਾਉਣ ਲੱਗੇ ਹਨ, ਜੋ ਕਿ ਹਰਿਆਣਾ ਦੀ ਸਿੱਖ ਨੌਜਵਾਨੀ ਦੇ ਹਿੱਤਾਂ ਨਾਲ ਇੱਕ ਵੱਡਾ ਖਿਲਵਾੜ ਹੈ। ਇਸ ਸਾਰੇ ਘਟਨਾਕ੍ਰਮ ਤੋਂ ਬਾਅਦ ਹੁਣ ਸੰਗਤਾਂ ਅਤੇ ਸਿੱਖ ਬੁੱਧੀਜੀਵੀਆਂ ਦਾ ਗੁੱਸਾ ਸੱਤਵੇਂ ਆਸਮਾਨ 'ਤੇ ਹੈ। ਪੰਥਕ ਹਲਕਿਆਂ ਵਿੱਚ ਇਹ ਮੰਗ ਜ਼ੋਰ ਫੜ ਰਹੀ ਹੈ ਕਿ ਜੇਕਰ ਜਗਦੀਸ਼ ਸਿੰਘ ਝਿੰਡਾ ਐਡੇ ਵੱਡੇ ਇਤਿਹਾਸਕ ਅਦਾਰੇ ਦਾ ਪ੍ਰਬੰਧ ਚਲਾਉਣ ਵਿੱਚ ਆਰਥਿਕ ਅਤੇ ਪ੍ਰਸ਼ਾਸਨਿਕ ਤੌਰ 'ਤੇ ਨਾਕਾਮ ਸਾਬਤ ਹੋਏ ਹਨ, ਤਾਂ ਉਨ੍ਹਾਂ ਨੂੰ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਤੁਰੰਤ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਸੰਗਤਾਂ ਦਾ ਸਾਫ਼ ਕਹਿਣਾ ਹੈ ਕਿ ਹਰਿਆਣਾ ਦੇ ਸਿੱਖਾਂ ਨੇ ਲੰਬਾ ਸੰਘਰਸ਼ ਕੌਮ ਦੇ ਸਰਮਾਏ ਨੂੰ ਉਜਾੜਨ ਜਾਂ ਪੰਜਾਬ ਕਮੇਟੀ ਅੱਗੇ ਗੋਡੇ ਟੇਕਣ ਲਈ ਨਹੀਂ ਸੀ ਕੀਤਾ। ਜੇਕਰ ਮੌਜੂਦਾ ਲੀਡਰਸ਼ਿਪ ਕੋਲ ਸੰਸਥਾਵਾਂ ਨੂੰ ਚਲਾਉਣ ਦੀ ਕੋਈ ਦੂਰਅੰਦੇਸ਼ੀ ਅਤੇ ਸਮਰੱਥਾ ਨਹੀਂ ਹੈ, ਤਾਂ ਉਨ੍ਹਾਂ ਨੂੰ ਕੁਰਸੀ 'ਤੇ ਬਣੇ ਰਹਿਣ ਦਾ ਕੋਈ ਹੱਕ ਨਹੀਂ। ਹਰਿਆਣਾ ਦੀ ਸਿੱਖ ਨੌਜਵਾਨੀ ਦੇ ਭਵਿੱਖ ਨੂੰ ਦਾਅ 'ਤੇ ਲਾਉਣ ਵਾਲੇ ਆਗੂਆਂ ਨੂੰ ਹੁਣ ਜਵਾਬਦੇਹ ਬਣਨਾ ਹੀ ਪਵੇਗਾ ।



**ਲੇਖਕ: ਬਿੰਦਰ ਸਿੰਘ ਸੀਨੀਅਰ ਪੱਤਰਕਾਰ ਜੀਰਕਪੁਰ**

ਆਵਾਜ਼ਿ ਕੌਮ AWAZE QAUM International Newspaper & WEB TV

# ਪੀਲੀਭੀਤ ਫ਼ਰਜ਼ੀ ਪੁਲਿਸ ਮੁਕਾਬਲਾ ਭਾਰਤੀ ਲੋਕਤੰਤਰ ਦੇ ਮੱਥੇ 'ਤੇ ਕਾਲਾ ਧੱਬਾ: ਪਰਮਜੀਤ ਸਿੰਘ ਵੀਰਜੀ




ਨਵੀਂ ਦਿੱਲੀ, 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਅਤੇ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ 12 ਜੁਲਾਈ 1991 ਨੂੰ ਉੱਤਰ ਪ੍ਰਦੇਸ਼ ਦੇ ਪੀਲੀਭੀਤ ਵਿੱਚ 11 ਬੇਕਸੂਰ ਸਿੱਖ ਯਾਤਰੀਆਂ ਨੂੰ ਬੱਸ ਵਿੱਚੋਂ ਉਤਾਰ ਕੇ ਕੀਤੇ ਗਏ ਕਥਿਤ ਫ਼ਰਜ਼ੀ ਪੁਲਿਸ ਮੁਕਾਬਲੇ ਨੂੰ ਭਾਰਤੀ ਲੋਕਤੰਤਰ, ਨਿਆਂ ਪ੍ਰਣਾਲੀ ਅਤੇ ਮਨੁੱਖੀ ਅਧਿਕਾਰਾਂ ਦੇ ਇਤਿਹਾਸ ਦਾ ਇੱਕ ਕਾਲਾ ਅਧਿਆਇ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਨਾਨਕਮੱਤਾ ਸਾਹਿਬ ਤੋਂ ਦਰਸ਼ਨ ਕਰਕੇ ਵਾਪਸ ਪਰਤ ਰਹੇ ਨਿਹੱਥੇ ਸਿੱਖਾਂ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਕੇ ਗੋਲੀਆਂ ਨਾਲ ਭੁੰਨ ਦੇਣਾ ਅਤੇ ਫਿਰ ਉਸ ਨੂੰ ਮੁਕਾਬਲੇ ਦਾ ਰੂਪ ਦੇਣਾ ਨਾ ਸਿਰਫ਼ ਕਾਨੂੰਨ ਦਾ ਘੋਰ ਦੁਰਉਪਯੋਗ ਸੀ, ਸਗੋਂ ਬੇਕਸੂਰ ਨਾਗਰਿਕਾਂ ਨਾਲ ਹੋਇਆ ਅਮਾਨਵੀ ਜ਼ੁਲਮ ਵੀ ਸੀ। ਉਨ੍ਹਾਂ ਕਿਹਾ ਕਿ ਅਦਾਲਤਾਂ ਵਿਚ ਲੰਮੀ ਲੜਾਈ ਲੜਨ ਮਗਰੋਂ ਇਸ ਮਾਮਲੇ ਵਿੱਚ ਪੁਲਿਸ ਅਧਿਕਾਰੀਆਂ ਨੂੰ ਦੋਸ਼ੀ ਠਹਿਰਾਇਆ ਜਾਣਾ ਇਸ ਗੱਲ ਦਾ ਸਬੂਤ ਹੈ ਕਿ ਸੱਚ ਨੂੰ ਲੰਮੇ ਸਮੇਂ ਲਈ ਦਬਾਇਆ ਨਹੀਂ ਜਾ ਸਕਦਾ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਪੀਲੀਭੀਤ ਕਾਂਡ ਸਿਰਫ਼ 11 ਪਰਿਵਾਰਾਂ ਦਾ ਦੁੱਖ ਨਹੀਂ, ਸਗੋਂ ਸਮੁੱਚੀ ਮਨੁੱਖਤਾ ਦੇ ਜ਼ਮੀਰ ਨੂੰ ਝੰਜੋੜਨ ਵਾਲੀ ਘਟਨਾ ਹੈ। ਅਜਿਹੇ ਅਪਰਾਧਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਨਾ ਹੀ ਇਨ੍ਹਾਂ ਲਈ ਜ਼ਿੰਮੇਵਾਰ ਲੋਕਾਂ ਨੂੰ ਇਤਿਹਾਸ ਮੁਆਫ਼ ਕਰੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਲੋਕਤੰਤਰੀ ਦੇਸ਼ ਵਿੱਚ ਬੇਗੁਨਾਹ ਨਾਗਰਿਕਾਂ ਦੀ ਹੱਤਿਆ ਨੂੰ ਕਦੇ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਪੀਲੀਭੀਤ ਦੇ 11 ਸ਼ਹੀਦਾਂ ਦੀ ਯਾਦ ਨੂੰ ਸਦਾ ਜਿਉਂਦਾ ਰੱਖਿਆ ਜਾਵੇ ਅਤੇ ਮਨੁੱਖੀ ਅਧਿਕਾਰਾਂ, ਨਿਆਂ ਅਤੇ ਸੱਚ ਦੀ ਰੱਖਿਆ ਲਈ ਹਮੇਸ਼ਾਂ ਅਵਾਜ਼ ਬੁਲੰਦ ਕੀਤੀ ਜਾਵੇ। ਅੰਤ ਵਿੱਚ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਪੀਲੀਭੀਤ ਫ਼ਰਜ਼ੀ ਪੁਲਿਸ ਮੁਕਾਬਲੇ ਵਿੱਚ ਸ਼ਹੀਦ ਹੋਏ 11 ਬੇਕਸੂਰ ਸਿੱਖਾਂ ਨੂੰ ਨਿਮਰ ਸ਼ਰਧਾਂਜਲੀ ਭੇਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾ, ਹੌਸਲਾ ਅਤੇ ਨਿਆਂ ਦੇ ਰਾਹ 'ਤੇ ਅਡਿੱਗ ਰਹਿਣ ਦੀ ਤਾਕਤ ਬਖ਼ਸ਼ਣ। ਓਨ੍ਹਾ ਕਿਹਾ ਪੀਲੀਭੀਤ ਦੇ ਬੇਕਸੂਰ ਸ਼ਹੀਦਾਂ ਦੀ ਯਾਦ ਸਦਾ ਅਮਰ ਰਹੇਗੀ। ਉਨ੍ਹਾਂ ਨਾਲ ਹੋਏ ਅਨਿਆਂ ਨੂੰ ਇਤਿਹਾਸ ਕਦੇ ਨਹੀਂ ਭੁੱਲੇਗਾ ਅਤੇ ਨਾ ਹੀ ਸਿੱਖ ਕੌਮ ਭੁੱਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਨੈਸ਼ਨਲ ਬੈਂਕ ਸਠਿਆਲਾ ਦੀ ਨਵੀਂ ਇਮਾਰਤ ਦਾ ਸ਼ਾਨਦਾਰ ਉਦਘਾਟਨ

ਚੌਕ ਮਹਿਤਾ,14 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)ਪੰਜਾਬ ਨੈਸ਼ਨਲ ਬੈਂਕ ਦੀ ਸਠਿਆਲਾ ਸ਼ਾਖਾ ਦੀ ਨਵੀਂ ਇਮਾਰਤ ਦਾ ਉਦਘਾਟਨ ਅੱਜ ਸ਼ਾਨੋ-ਸ਼ੌਕਤ ਨਾਲ ਕੀਤਾ ਗਿਆ। ਇਸ ਮੌਕੇ ਬੈਂਕ ਦੇ ਜੋਨਲ ਅਸ਼ਿਸ ਗਾਂਧੀ ਤੇ ਸਰਕਲ ਹੈੱਡ ਕਿਰਸ਼ਨ ਕੁਮਾਰ, ਸਥਾਨਕ ਪੰਚਾਇਤ ਦੇ ਨੁਮਾਇੰਦੇ, ਇਲਾਕੇ ਦੇ ਮਾਣਯੋਗ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਗਾਹਕ ਹਾਜ਼ਰ ਸਨ ।ਇਸ ਮੌਕੇ ਤੇ ਉਦਘਾਟਨ ਸਮਾਰੋਹ ਦੌਰਾਨ ਬੈਂਕ ਜੋਨਲ ਅਸ਼ਿਸ ਗਾਂਧੀ ਨੇ ਕਿਹਾ ਕਿ ਨਵੀਂ ਇਮਾਰਤ ਨਾਲ ਗਾਹਕਾਂ ਨੂੰ ਹੋਰ ਸੁਵਿਧਾਜਨਕ, ਆਧੁਨਿਕ ਅਤੇ ਬਿਹਤਰ ਬੈਂਕਿੰਗ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਦੱਸਿਆ ਕਿ ਬੈਂਕ ਲੋਕਾਂ ਨੂੰ ਡਿਜ਼ਿਟਲ ਬੈਂਕਿੰਗ, ਕਰਜ਼ਾ ਸਹੂਲਤਾਂ, ਬਚਤ ਯੋਜਨਾਵਾਂ ਅਤੇ ਹੋਰ ਵਿੱਤੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਦੇਣ ਲਈ ਵਚਨਬੱਧ ਹੈ ।ਇਸ ਮੌਕੇ ਤੇ ਸਰਪੰਚ ਗੁਰਜਿੰਦਰ ਸਿੰਘ ਗਿੰਦਾ, ਸਰਪੰਚ ਦਲਬੀਰ ਸਿੰਘ ਬੱਲ, ਸਾ: ਸਰਪੰਚ ਦਲਵਿੰਦਰ ਸਿੰਘ ਨੇ ਨਵੀਂ ਇਮਾਰਤ ਦੇ ਨਿਰਮਾਣ ਲਈ ਬੈਂਕ ਪ੍ਰਬੰਧਨ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਨਾਲ ਸਠਿਆਲਾ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਨੂੰ ਹੋਰ ਵਧੀਆ ਬੈਂਕਿੰਗ ਸਹੂਲਤਾਂ ਮਿਲਣਗੀਆਂ ਅੰਤ ਵਿੱਚ ਬੈਂਕ ਵੱਲੋਂ ਹਾਜ਼ਰ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਨਵੀਂ ਇਮਾਰਤ ਵਿੱਚ ਗਾਹਕਾਂ ਦੀ ਸੇਵਾ ਦਾ ਕੰਮ ਰਸਮੀ ਤੌਰ 'ਤੇ ਸ਼ੁਰੂ ਕਰ ਦਿੱਤਾ ਗਿਆ ।ਇਸ ਮੌਕੇ ਤੇ ਕਮਲਦੀਪ ਸਿੰਘ ਖੇਰਾ, ਕਾਨਿਕਾ ਸ਼ਰੀਨ, ਵਿਸ਼ਾਲ ਉਪਾਦਿਆ, ਮੈਨਜਰ ਅਮਨ ਸ਼ਰਮਾ, ਡਿਪਟੀ ਮੈਨੇਜਰ ਕੁਲਵਿੰਦਰ ਸਿੰਘ, ਕੈਸ਼ੀਅਰ, ਰਣਜੀਤ ਸਿੰਘ , ਐਡਵੋਕੇਟ ਹਰਪਾਲ ਸਿੰਘ ਬੱਲ, ਕੁੰਨਣ ਸਿੰਘ , ਗਿਆਨੀ ਦਲਜੀਤ ਸਿੰਘ, ਹੈੱਡ ਮਾ: ਬਲਦੇਵ ਸਿੰਘ, ਗੁਰਪ੍ਰਤਾਪ ਸਿੰਘ, ਸੁਖਜੀਤ ਸਿੰਘ ਸੀ.ਏ , ਸੋਨਾ ਬੱਲ, ਰਾਜਪਾਲ ਸਿੰਘ ਆਦਿ ਹਾਜ਼ਰ ਸਨ।

# ਇੱਕ ਨਜ਼ਰ ...



ਅੱਜ ਰੋਟਰੀ ਕਲੱਬ ਫਿਰੋਜਪੁਰ ਵੱਲੋਂ ਪ੍ਰਧਾਨ ਕਿਰਪਾਲ ਸਿੰਘ ਮੱਕੜ ਦੀ ਪ੍ਰਧਾਨਗੀ ਹੇਠ ਸਲਾਨਾ ਇਨਾਮ ਵੰਡ ਸਮਾਰੋਹ ਰੋਟਰੀ ਭਵਨ ਫਿਰੋਜਪੁਰ ਵਿਖੇ ਕੀਤਾ ਗਿਆ ਜਿਸ ਵਿੱਚ ਸਾਰੇ ਮੈਂਬਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਪੀ.ਓ.ਸੀ ਰੋਟੇਰੀਅਨ ਪ੍ਰਿਥਵੀ ਮੋਂਗਾ ਨੇ ਆਏ ਹੋਏ ਮੈਂਬਰਾਂ ਦਾ ਸਵਾਗਤ ਕੀਤਾ ਤੇ ਮੈਂਬਰਾਂ ਨੂੰ ਰੋਟਰੀ ਇੰਟਰਨੈਸ਼ਨਲ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਪ੍ਰਧਾਨ ਕਿਰਪਾਲ ਸਿੰਘ ਮੱਕੜ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕੀਤੀ। ਗੱਲਬਾਤ ਕਰਦਿਆਂ ਪ੍ਰਧਾਨ ਕਿਰਪਾਲ ਸਿੰਘ ਮੱਕੜ ਨੇ ਸਾਰੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਦਿੱਤੇ ਗਏ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਰੋਟਰੀ ਕਲੱਬ ਫਿਰੋਜਪੁਰ ਦਾ ਦਾਇਰਾ ਵਧਾਉਣ ਲਈ ਸਾਰੇ ਮੈਂਬਰਾਂ ਨੂੰ ਮੈਂਬਰਸ਼ਿਪ ਵਧਾਉਣ ਦੀ ਅਪੀਲ ਵੀ ਕੀਤੀ। ਅਖੀਰ ਵਿੱਚ ਰੋਟੇਰੀਅਨ ਸੁਰਿੰਦਰ ਸਿੰਘ ਕਪੂਰ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਫੋਟੋ ਅਤੇ ਵੇਰਵਾ : ਮਨੋਹਰ ਲਾਲ ਪੱਤਰਕਾਰ, ਫ਼ਿਰੋਜ਼ਪੁਰ

### ਰਾਸ਼ਟਰੀ ਤੇ ਰਾਜ ਐਵਾਰਡਾਂ ਦੀ ਚੋਣ ਪ੍ਰਕਿਰਿਆ ’ਚ

## ਪਾਰਦਰਸ਼ਤਾ ਲਈ ਫਿਰੋਜ਼ਪੁਰ ਦੇ ਸਮਾਜ ਸੇਵਕ ਨੇ ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੂੰ ਲਿਖਿਆ ਪੱਤਰ



ਫ਼ਿਰੋਜ਼ਪੁਰ, 14 ਜੁਲਾਈ (ਮਨੋਹਰ ਲਾਲ) : ਦੇਸ਼ ਦੇ ਸ਼ਹੀਦਾਂ, ਮਹਾਨ ਸਮਾਜ ਸੇਵਕਾਂ ਅਤੇ ਰਾਸ਼ਟਰ ਨਿਰਮਾਤਾਵਾਂ ਦੇ ਸਨਮਾਨ ਲਈ ਦਿੱਤੇ ਜਾਣ ਵਾਲੇ ਰਾਸ਼ਟਰੀ ਅਤੇ ਰਾਜ ਪੱਧਰੀ ਐਵਾਰਡਾਂ ਦੀ ਚੋਣ ਪ੍ਰਕਿਰਿਆ ਨੂੰ ਵਧੇਰੇ ਪਾਰਦਰਸ਼ੀ, ਨਿਰਪੱਖ ਅਤੇ ਜਵਾਬਦੇਹ ਬਣਾਉਣ ਲਈ ਫ਼ਿਰੋਜ਼ਪੁਰ ਦੇ ਪ੍ਰਸਿੱਧ ਸਮਾਜ ਸੇਵਕ ਪ੍ਰਕਾਸ਼ ਚੰਦ ਕੁਮਾਰ ਵੱਲੋਂ ਇੱਕ ਅਹਿਮ ਮੁਹਿੰਮ ਵਿੱਢੀ ਗਈ ਹੈ। ਉਨ੍ਹਾਂ ਨੇ ਇਸ ਗੰਭੀਰ ਮਾਮਲੇ ਸਬੰਧੀ ਦੇਸ਼ ਦੇ ਮਾਨਯੋਗ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਭਾਰਤ ਦੇ ਮੁੱਖ ਨਿਆਂਧੀਸ਼, ਹਾਈ ਕੋਰਟਾਂ ਦੇ ਮੁੱਖ ਨਿਆਂਧੀਸ਼ਾਂ, ਸਾਰੇ ਰਾਜਾਂ ਦੇ ਰਾਜਪਾਲਾਂ ਅਤੇ ਮੁੱਖ ਸਕੱਤਰਾਂ ਨੂੰ ਇੱਕ ਵਿਸ਼ੇਸ਼ ਪੱਤਰ ਭੇਜ ਕੇ ਮੌਜੂਦਾ ਐਵਾਰਡ ਪ੍ਰਣਾਲੀ ਵਿੱਚ ਵੱਡੇ ਸੁਧਾਰਾਂ ਦੀ ਮੰਗ ਕੀਤੀ ਹੈ। ਸਮਾਜ ਸੇਵਕ ਪ੍ਰਕਾਸ਼ ਚੰਦ ਕੁਮਾਰ ਨੇ ਆਪਣੇ ਪੱਤਰ ਵਿੱਚ ਲਿਖਿਆ ਹੈ ਕਿ ਦੇਸ਼ ਦੇ ਸਰਵਉੱਚ ਸਨਮਾਨਾਂ ਉੱਤੇ ਆਮ ਲੋਕਾਂ ਦਾ ਪੂਰਾ ਭਰੋਸਾ ਬਣਿਆ ਰਹਿਣਾ ਬੇਹੱਦ ਜ਼ਰੂਰੀ ਹੈ, ਪਰ ਅਮਲੀ ਤੌਰ ਤੇ ਕਈ ਵਾਰ ਇਹ ਦੇਖਣ ਵਿੱਚ ਆਉਂਦਾ ਹੈ ਕਿ ਆਨਲਾਈਨ ਜਮ੍ਹਾਂ ਕੀਤੀਆਂ ਗਈਆਂ ਅਰਜ਼ੀਆਂ ਦੀਆਂ ਫੀਲਡ ਰਿਪੋਰਟਾਂ ਤਿਆਰ ਕਰਨ ਵਿੱਚ ਬੇਲੋੜੀ ਦੇਰੀ, ਲਾਪਰਵਾਹੀ ਜਾਂ ਵਿਰੋਧਾਭਾਸ ਪੈਦਾ ਹੋ ਜਾਂਦਾ ਹੈ। ਕਈ ਮਾਮਲਿਆਂ ਵਿੱਚ ਰਿਪੋਰਟਾਂ ਸਮੇਂ ਸਿਰ ਉੱਚ ਪੱਧਰ ਤੇ ਨਹੀਂ ਪਹੁੰਚਦੀਆਂ ਜਾਂ ਉਨ੍ਹਾਂ ਨੂੰ ਯੋਗ ਮਹੱਤਵ ਨਹੀਂ ਦਿੱਤਾ ਜਾਂਦਾ। ਇਸ ਪ੍ਰਸ਼ਾਸਨਿਕ ਢਿੱਲ—ਮੱਠ ਕਾਰਨ ਦੇਸ਼ ਦੇ ਅਸਲ ਹੱਕਦਾਰ ਉਮੀਦਵਾਰ ਆਪਣੇ ਬਣਦੇ ਨਿਆਂ ਅਤੇ ਸਨਮਾਨ ਤੋਂ ਵਾਂਝੇ ਰਹਿ ਜਾਂਦੇ ਹਨ। ਸਮਾਜ ਸੇਵਕ ਵੱਲੋਂ ਭੇਜੇ ਗਏ ਮੰਗ ਪੱਤਰ ਵਿੱਚ ਵਿਵਸਥਾ ਨੂੰ ਸੁਧਾਰਨ ਲਈ 5 ਮੁੱਖ ਨੁਕਤੇ ਸਾਂਝੇ ਕੀਤੇ ਗਏ ਹਨ। ਉਨ੍ਹਾਂ ਕਿਹਾ ਹਰ ਐਵਾਰਡ ਚੋਣ ਕਮੇਟੀ ਨੂੰ ਸੁਤੰਤਰ ਤੌਰ ਤੇ ਤੱਥਾਂ ਦੀ ਜਾਂਚ ਕਰਨ ਅਤੇ ਲੋੜੀਂਦੀਆਂ ਰਿਪੋਰਟਾਂ ਸਿੱਧੇ ਪ੍ਰਾਪਤ ਕਰਨ ਦਾ ਪੂਰਾ ਅਧਿਕਾਰ ਦਿੱਤਾ ਜਾਵੇ। ਕੇਵਲ ਸਰਕਾਰੀ ਫਾਈਲਾਂ ਦੀ ਆਵਾਜਾਈ ਜਾਂ ਵਿਚਕਾਰਲੇ ਪੱਧਰ ਦੀਆਂ ਰਿਪੋਰਟਾਂ ਤੇ ਨਿਰਭਰ ਰਹਿਣ ਦੀ ਬਜਾਏ, ਇੱਕ ਪਾਰਦਰਸ਼ੀ ਅਤੇ ਆਧੁਨਿਕ ਜਾਂਚ ਪ੍ਰਣਾਲੀ ਵਿਕਸਿਤ ਕੀਤੀ ਜਾਵੇ। ਹਰ ਇੱਕ ਅਰਜ਼ੀ ਦੀ ਮੌਜੂਦਾ ਸਥਿਤੀ, ਜਾਂਚ ਅਤੇ ਅੰਤਿਮ ਫੈਸਲੇ ਦੀ ਪੂਰੀ ਪ੍ਰਕਿਰਿਆ ਜਵਾਬਦੇਹ ਅਤੇ ਪਾਰਦਰਸ਼ੀ ਹੋਣੀ ਚਾਹੀਦੀ ਹੈ ਤਾਂ ਜੋ ਬਿਨੈਕਾਰ ਨੂੰ ਸਹੀ ਜਾਣਕਾਰੀ ਮਿਲ ਸਕੇ। ਐਵਾਰਡਾਂ ਦੀ ਵੰਡ ਵਿੱਚ ਕਿਸੇ ਵੀ ਤਰ੍ਹਾਂ ਦੇ ਭਾਈ ਭਤੀਜਾਵਾਦ, ਸਿਫ਼ਾਰਸ਼, ਸਿਆਸੀ ਪ੍ਰਭਾਵ ਜਾਂ ਭ੍ਰਿਸ਼ਟਾਚਾਰ ਲਈ ਕੋਈ ਥਾਂ ਨਹੀਂ ਬਾਕੀ ਰਹਿਣੀ ਚਾਹੀਦੀ। ਸ਼ਹੀਦਾਂ ਦੇ ਪਰਿਵਾਰਾਂ, ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨ ਵਾਲੇ ਸਮਾਜ ਸੇਵਕਾਂ ਅਤੇ ਅਸਲ ਯੋਗ ਵਿਅਕਤੀਆਂ ਨੂੰ ਉਨ੍ਹਾਂ ਦਾ ਬਣਦਾ ਮਾਣ ਸਨਮਾਨ ਪੂਰੀ ਤਰ੍ਹਾਂ ਨਿਰਪੱਖ ਢੰਗ ਨਾਲ ਮਿਲਣਾ ਯਕੀਨੀ ਬਣਾਇਆ ਜਾਵੇ। ਸ੍ਰੀ ਪ੍ਰਕਾਸ਼ ਚੰਦ ਕੁਮਾਰ ਨੇ ਉਮੀਦ ਜਤਾਈ ਹੈ ਕਿ ਦੇਸ਼ ਦੀਆਂ ਸਰਵਉੱਚ ਸ਼ਖਸੀਅਤਾਂ ਇਸ ਗੰਭੀਰ ਵਿਸ਼ੇ ਵੱਲ ਉਚੇਚਾ ਧਿਆਨ ਦੇਣਗੀਆਂ ਤਾਂ ਜੋ ਦੇਸ਼ ਦੇ ਸਰਵਉੱਚ ਸਨਮਾਨਾਂ ਦੀ ਗਰਿਮਾ ਹੋਰ ਵਧੇਰੇ ਮਜ਼ਬੂਤ ਹੋ ਸਕੇ ਅਤੇ ਦੇਸ਼ ਲਈ ਖੂਨ ਪਸੀਨਾ ਵਹਾਉਣ ਵਾਲੀਆਂ ਅਸਲ ਹਸਤੀਆਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਸਨਮਾਨਿਤ ਕੀਤਾ ਜਾ ਸਕੇ।

## ਐਕਸੀਅਨ ਨਵਨੀਤ ਕੁਮਾਰ ਨੂੰ ਰਾਮਗੜੀਆ ਸੁਸਾਇਟੀ ਦੇ ਮੈਂਬਰਾਂ ਨੇ ਕੀਤਾ ਸਨਮਾਨਿਤ

ਫ਼ਿਰੋਜ਼ਪੁਰ, 14 ਜੁਲਾਈ (ਮਨੋਹਰ ਲਾਲ) :— ਪੰਜਾਬ ਦੇ ਹਰਿਆਵਲ ਦਸਤੇ ਵਿੱਚ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਨੂੰ ਸ੍ਰੀ ਨਵਨੀਤ ਕੁਮਾਰ ਐਕਸੀਅਨ ਇਨਫੋਰਸਟਮੈਨਟ ਬਿਜਲੀ ਬੋਰਡ ਨੂੰ ਮਿਲਣ ਦਾ ਸਬੱਬ ਬਣਿਆ ਜਾਣਕਾਰੀ ਦਿੰਦੇ ਹੋਏ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਸ੍ਰੀ ਨਵਨੀਤ ਕੁਮਾਰ ਐਕਸੀਅਨ ਇਨਫੋਰਸਟਮੈਨਟ ਨੂੰ ਉਨ੍ਹਾਂ ਦੇ ਦਫਤਰ ਸੋਸਾਇਟੀ ਦੇ ਮੈਂਬਰ ਮਿਲਣ ਗਏ ਸੁਸਾਇਟੀ ਵੱਲੋਂ ਉਨ੍ਹਾਂ ਨੂੰ ਸਿਲਡ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਵਧਾਈਆਂ ਦਿੱਤੀਆਂ। ਐਕਸੀਅਨ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਸੋਸਾਇਟੀ ਦੇ ਮੈਂਬਰਾਂ ਦੀ ਬਹੁਤ ਹੀ ਮੈਡੀਕਲ ਸੁਚੱਜੇ ਢੰਗ ਨਾਲ ਆਉ ਭਗਤ ਕੀਤੀ ਅਤੇ ਦਿਲ ਖੋਲ ਕੇ ਗੱਲਾਂ ਕੀਤੀਆਂ। ਇਸ ਮੌਕੇ ਨਵਨੀਤ ਕੁਮਾਰ ਐਕਸੀਅਨ ਇਨਫੋਰਸਟਮੈਨਟ ਨੂੰ ਬਿਜਲੀ ਦੇ ਬਿੱਲਾਂ ਬਾਰੇ ਪੁੱਛਣ ਤੇ ਜਾਣਕਾਰੀ ਦਿੰਦਿਆਂ ਦੱਸਿਆ ਕੀ ਮੀਟਰ ਰੀਡਰ ਹੜਤਾਲ ਤੇ ਹਨ ਕੋਈ ਵੀ ਸ਼ਹਿਰੀ ਆਪਣੇ ਮੀਟਰ ਦੀ ਪੜਤ ਲੈ ਕੇ ਦਫਤਰ ਵਿੱਚੋਂ ਆਪਣਾ ਬਿਜਲੀ ਦਾ ਬਿੱਲ ਬਣਵਾ ਸਕਦਾ ਹੈ ਅਤੇ ਕੋਈ ਵੀ ਬਿਜਲੀ ਮਹਿਕਮੇ ਦਾ ਕੰਮ ਹੋਵੇ ਮੇਰੇ ਦਫਤਰ ਵਿਚ ਬੇਚੁਕ ਆ ਕੇ ਮੇਰੇ ਨਾਲ ਸੰਪਰਕ ਕਰ ਸਕਦਾ ਹੈ ਸ੍ਰੀ ਨਵਨੀਤ ਕੁਮਾਰ ਐਕਸੀਅਨ ਇਨਫੋਰਸਟਮੈਨਟ ਨਾਲ ਮੀਟਿੰਗ ਕਰਨ ਤੇ ਸੁਸਾਇਟੀ ਦੇ ਸਾਰੇ ਮੈਂਬਰ ਉਨਾਂ ਤੋਂ ਪ੍ਰਭਾਵਿਤ ਹੋਏ ਬਹੁਤ ਹੀ ਚੰਗੇ ਸੁਭਾਅ ਅਤੇ ਮਿਲਾਪੜੇ ਅਫਸਰ ਹਨ। ਇਸ ਮੌਕੇ ਸੋਸਾਇਟੀ ਦੇ ਮੈਂਬਰ ਭਗਵਾਨ ਸਿੰਘ ਦੜਿਆਲਾ, ਅੰਗਰੇਜ਼ ਸਿੰਘ ਕਲਸੀ, ਸੁਖਮੰਦਰ ਸਿੰਘ ਜੱਬਲ, ਹਰਜਿੰਦਰ ਸਿੰਘ ਦੜਿਆਲਾ, ਜਰਨੈਲ ਸਿੰਘ ਗਾਬੜੀਆ, ਕੁਲਦੀਪ ਸਿੰਘ ਸੰਧੂ, ਬਲਵੰਤ ਸਿੰਘ ਸੰਧੂ, ਗੌਰਵ ਕੁਮਾਰ, ਵਰਿੰਦਰ ਕੁਮਾਰ ਸ਼ਰਮਾ ਵੀ ਹਾਜ਼ਰ ਸਨ।

# ਬਿਜਲੀ ਮੁਲਾਜ਼ਮਾਂ ਵੱਲੋਂ ਫਿਰੋਜ਼ਪੁਰ ਸਰਕਲ ਦਫ਼ਤਰ ਅੱਗੇ ਜ਼ੋਰਦਾਰ ਗੇਟ ਰੈਲੀ

### ਮੰਗਾਂ ਨਾ ਮੰਨਣ ’ਤੇ 21-22 ਜੁਲਾਈ ਨੂੰ ਦੋ ਦਿਨਾਂ ਹੜਤਾਲ ਅਤੇ ਸੰਘਰਸ਼ ਤੇਜ਼ ਕਰਨ ਦੀ ਚੇਤਾਵਨੀ



ਫਿਰੋਜ਼ਪੁਰ 14 ਜੁਲਾਈ (ਮਨੋਹਰ ਲਾਲ): ਜੁਆਇੰਟ ਫੋਰਮ ਪੰਜਾਬ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੱਦੇ ’ਤੇ ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ (ਏਟਕ) ਸ਼ਹਿਰੀ ਅਤੇ ਸਬ-ਅਰਬਨ ਮੰਡਲ ਫਿਰੋਜ਼ਪੁਰ ਦੇ ਬਿਜਲੀ ਕਾਮਿਆਂ ਵੱਲੋਂ ਅੱਜ ਸਰਕਲ ਦਫ਼ਤਰ ਫਿਰੋਜ਼ਪੁਰ ਵਿਖੇ ਇੱਕ ਵਿਸ਼ਾਲ ਗੇਟ ਰੈਲੀ ਕੀਤੀ ਗਈ। ਮੁਲਾਜ਼ਮਾਂ ਨੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਵਾਰ-ਵਾਰ ਕੀਤੇ ਸਮਝੌਤਿਆਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਇਸ ਰੋਸ ਰੈਲੀ ਦੀ ਸਾਂਝੀ ਪ੍ਰਧਾਨਗੀ ਸੀਨੀਅਰ ਆਗੂ ਅਸ਼ਵਨੀ ਕੁਮਾਰ ਅਤੇ ਬਲਵੰਤ ਸਿੰਘ ਬਿੱਟੂ ਵੱਲੋਂ ਕੀਤੀ ਗਈ। ਰੈਲੀ ਦੌਰਾਨ ਇਕੱਠੇ ਹੋਏ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦਿਆਂ ਸਰਕਲ ਪ੍ਰਧਾਨ ਰਾਕੇਸ਼ ਸੈਣੀ, ਜ਼ੋਨ ਆਗੂ ਰਾਜੇਸ਼ ਦੱਤਾ ਅਤੇ ਸਾਹਿਲ ਅਹੂਜਾ ਮੋਨੂੰ ਨੇ ਪਾਵਰਕਾਮ ਦੀ ਮੈਨੇਜਮੈਂਟ ਉੱਤੇ ਵਾਅਦਾ-ਖ਼ਿਲਾਫ਼ੀ ਦੇ ਗੰਭੀਰ ਦੋਸ਼ ਲਾਏ। ਉਨ੍ਹਾਂ ਆਖਿਆ ਕਿ ਮੈਨੇਜਮੈਂਟ ਵੱਲੋਂ ਜਥੇਬੰਦੀਆਂ ਨਾਲ ਵੱਖ-ਵੱਖ ਮੀਟਿੰਗਾਂ ਦੌਰਾਨ ਮੰਗਾਂ ਮੰਨਣ ਦੇ ਕਈ ਸਮਝੌਤੇ ਕੀਤੇ ਗਏ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਜ਼ਮੀਨੀ ਪੱਧਰ ’ਤੇ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਰੈਲੀ ਨੂੰ ਅੱਗੇ ਸੰਬੋਧਨ ਕਰਦਿਆਂ ਰੋਹਿਤ ਦੇਵਗਨ ਨੇ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ ਨੂੰ ਉਭਾਰਿਆ। ਉਨ੍ਹਾਂ ਮੰਗ ਕੀਤੀ ਕਿ 17 ਜੁਲਾਈ 2026 ਦੇ ਪੱਤਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ ਕੀਤਾ ਜਾਵੇ ਅਤੇ ਸਾਰੇ ਕਰਮਚਾਰੀਆਂ ਨੂੰ ਬਿਨਾਂ ਕਿਸੇ ਦੇਰੀ ਦੇ 6ਵਾਂ ਪੇ-ਸਕੇਲ ਦਿੱਤਾ ਜਾਵੇ। ਇਸ ਦੇ ਨਾਲ ਹੀ ਮੁਲਾਜ਼ਮਾਂ ਦੇ ਬਕਾਇਆ ਪਏ 18 ਪ੍ਰਤੀਸ਼ਤ ਡੀ.ਏ. (ਮਹਿੰਗਾਈ ਭੱਤਾ) ਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ। ਆਗੂਆਂ ਨੇ ਜ਼ੋਰ ਦੇ ਕੇ ਆਖਿਆ ਕਿ ਬਿਜਲੀ ਬੋਰਡ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਆਊਟਸੋਰਸਿੰਗ ਅਤੇ ਪਾਰਟ-ਟਾਈਮ ਕਾਮਿਆਂ ਨੂੰ ਤੁਰੰਤ ਪੱਕਾ ਕੀਤਾ ਜਾਵੇ ਤਾਂ ਜੋ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਹੋ ਸਕੇ। ਇਸ ਤੋਂ ਇਲਾਵਾ, ਫੀਲਡ ਅਤੇ ਦਫ਼ਤਰਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀ ਸੁਰੱਖਿਆ ਲਈ ਅਤੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖ਼ਤਾ ਪ੍ਰਬੰਧ ਤੇ ਲੋੜੀਂਦਾ ਸਾਮਾਨ ਮੁਹੱਈਆ ਕਰਵਾਇਆ ਜਾਵੇ। ਮੁਲਾਜ਼ਮ ਆਗੂਆਂ ਨੇ ਮੈਨੇਜਮੈਂਟ ਅਤੇ ਸਰਕਾਰ ਨੂੰ ਸਖ਼ਤ ਲਹਿਜੇ ਵਿਚ ਚੇਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਉਨ੍ਹਾਂ ਨਾਲ ਕੀਤੇ ਗਏ ਸਮਝੌਤੇ ਤੁਰੰਤ ਲਾਗੂ ਨਾ ਕੀਤੇ ਗਏ ਅਤੇ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ, ਤਾਂ ਸਮੂਹ ਕਰਮਚਾਰੀ 21 ਅਤੇ 22 ਜੁਲਾਈ ਨੂੰ ਲਗਾਤਾਰ ਦੋ ਦਿਨਾਂ ਦੀ ਮੁਕੰਮਲ ਹੜਤਾਲ ’ਤੇ ਚਲੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਇਸ ਤੋਂ ਬਾਅਦ ਵੀ ਕੋਈ ਹੱਲ ਨਾ ਨਿਕਲਿਆ ਤਾਂ ਆਉਣ ਵਾਲੇ ਦਿਨਾਂ ਵਿਚ ਇਸ ਤਿੱਖੇ ਸੰਘਰਸ਼ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਰੋਸ਼ਨ ਲਾਲ, ਪਿੱਪਲ ਸਿੰਘ ਅਤੇ ਪ੍ਰਦੀਪ ਸ਼ਰਮਾ ਤੋਂ ਇਲਾਵਾ ਹੋਰ ਬਿਜਲੀ ਕਾਮੇ ਹਾਜ਼ਰ ਸਨ।

### ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਮਿਲ ਕੇ ਜਥੇਬੰਦੀਆਂ ਨੇ ਦਿੱਤਾ ਮੰਗ ਪੱਤਰ

# ਪੰਥਕ ਜਥੇਬੰਦੀਆਂ ਵੱਲੋਂ ਦੇਸ਼ ਦੇ ਗ੍ਰਹਿ ਮੰਤਰੀ ਦੇ ਨਾਂ ਮੰਗ ਪੱਤਰ ਪੰਜਾਬ 95 ਫਿਲਮ ਨੂੰ ਬਿਨਾਂ ਕੱਟ ਰਿਲੀਜ਼ ਕਰਨ ਅਤੇ ਪੰਜਾਬ ਸੱਚ ਕਮਿਸ਼ਨ ਬਣਾਉਣ ਦੀ ਉਠੀ ਮੰਗ



ਫ਼ਿਰੋਜ਼ਪੁਰ, 14 ਜੁਲਾਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਸਮੇਤ ਕਈ ਪ੍ਰਮੁੱਖ ਸਿੱਖ ਅਤੇ ਪੰਥਕ ਜਥੇਬੰਦੀਆਂ ਵੱਲੋਂ ਅੱਜ ਭਾਰਤ ਸਰਕਾਰ ਦੇ ਗ੍ਰਹਿ ਮੰਤਰੀ ਅਤੇ ਡਿਪਟੀ ਕਮਿਸ਼ਨਰਾਂ ਨੂੰ ਇੱਕ ਮੰਗ ਪਤਰ ਸੌਂਪਿਆ ਗਿਆ ਹੈ। ਇਸ ਮੰਗ ਪੱਤਰ ਰਾਹੀਂ ਪੰਜਾਬ ਦੇ ਕਾਲੇ ਦੌਰ (1980—95) ਦੌਰਾਨ ਹੋਈਆਂ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਦੇ ਸੱਚ ਨੂੰ ਸਾਹਮਣੇ ਲਿਆਉਣ, ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਬਣੀ ਫਿਲਮ ਪੰਜਾਬ 95 ਨੂੰ ਬਿਨਾਂ ਕਿਸੇ ਸੈਂਸਰ ਕੱਟ ਦੇ ਰਿਲੀਜ਼ ਕਰਨ ਅਤੇ ਖਾਲੜਾ ਕਤਲ ਕੇਸ ਦੇ ਦੋਸ਼ੀ ਡੀ.ਐਸ.ਪੀ. ਜਸਪਾਲ ਸਿੰਘ ਨੂੰ ਮੁੜ ਜੇਲ੍ਹ ਭੇਜਣ ਦੀਆਂ ਮੁੱਖ ਮੰਗਾਂ ਚੁੱਕੀਆਂ ਗਈਆਂ ਹਨ। ਇਸ ਮੰਗ ਪੱਤਰ ਨੂੰ ਭੇਜਣ ਵਾਲੀਆਂ ਜਥੇਬੰਦੀਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਇੰਟਰਨੈਸ਼ਨਲ ਪੰਥਕ ਦਲ, ਯੁਨਾਈਟਿਡ ਅਕਾਲੀ ਦਲ, ਬੇਗਮਪੁਰਾ ਖਾਲੜਾ ਰਾਜ ਪਾਰਟੀ ਅਤੇ ਪੰਥਕ ਆਜ਼ਾਦ ਗਰੁੱਪ ਸ਼ਾਮਲ ਹਨ। ਇਸ ਮੌਕੇ ਬੋਲਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜ਼ਿਲ੍ਹਾ ਪ੍ਰਧਾਨ ਡਾ: ਮੁਖਤਿਆਰ ਸਿੰਘ, ਜਸਪਾਲ ਸਿੰਘ, ਜਸਬੀਰ ਸਿੰਘ ਭੁੱਲਰ ਹਲਕਾ ਇਨਚਾਰਜ ਫ਼ਿਰੋਜ਼ਪੁਰ ਸ਼ਹਿਰੀ, ਡਾ: ਮੋਹਨ ਸਿੰਘ ਲਾਲਕਾ ਹਲਕਾ ਇੰਚਾਰਜ ਦਿਹਾਤੀ ਫ਼ਿਰੋਜ਼ਪੁਰ, ਬਲਵਿੰਦਰ ਸਿੰਘ ਸੂਬਾ ਕਦੀਮ, ਸੰਤੋਖ ਸਿੰਘ ਸਤੀਏਵਾਲਾ, ਗੁਰਮੀਤ ਸਿੰਘ ਪਿਆਰੇਆਣਾ, ਬਲਕਾਰ ਸਿੰਘ ਕਜੀਆਂ ਪਹਿਲਵਾਨ, ਸੁਖਵਿੰਦਰ ਸਿੰਘ ਫ਼ਿਰੋਜ਼ਪੁਰ ਸਿਟੀ, ਮੁਕੇਸ਼ ਸਿੰਘ, ਰਜੇਸ਼ ਸਿੰਘ, ਪਿੱਪਲ ਸਿੰਘ ਆਈ.ਪੀ.ਡੀ ਜ਼ਿਲ੍ਹਾ ਪ੍ਰਧਾਨ, ਕਰਨੈਲ ਸਿੰਘ ਭਾਵੜਾ, ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਆਈ.ਪੀ.ਡੀ ਬਲਾਕ ਪ੍ਰਧਾਨ, ਬਲਜਿੰਦਰ ਸਿੰਘ, ਨਿਸ਼ਾਨ ਸਿੰਘ ਭੁੱਲਰ, ਡਾ: ਮੋਹਨ ਸਿੰਘ ਲਾਲਕਾ ਹਲਕਾ ਇੰਚਾਰਜ ਫ਼ਿਰੋਜ਼ਪੁਰ ਦਿਹਾਤੀ ਅਤੇ ਨਿਸ਼ਾਨ ਸਿੰਘ ਜ਼ੋਸਨ ਨੇ ਕਿਹਾ ਕਿ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਅੱਗੇ ਮੁੱਖ ਤੌਰ ਤੇ ਤਿੰਨ ਮੰਗਾਂ ਰੱਖੀਆਂ ਗਈਆਂ ਹਨ, ਜਿਨ੍ਹਾਂ ਵਿਚ ਪੰਜਾਬ 95 ਫਿਲਮ ਨੂੰ ਬਿਨਾਂ ਕਿਸੇ ਕੱਟ ਦੇ ਰਿਲੀਜ਼ ਕੀਤਾ ਜਾਵੇ, ਮਨੁੱਖੀ ਅਧਿਕਾਰਾਂ ਦੇ ਰਾਖੇ ਸ਼ਹੀਦ ਸ: ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ ਤੇ ਆਧਾਰਿਤ ਫਿਲਮ ਪੰਜਾਬ 95 ਨੂੰ ਉਸੇ ਨਾਮ ਹੇਠ ਅਤੇ ਬਿਨਾਂ ਕਿਸੇ ਸੈਂਸਰ ਕੱਟ ਦੇ ਸਿਨੇਮਾ ਘਰਾਂ ਵਿੱਚ ਰਿਲੀਜ਼ ਕਰਨ ਦੀ ਮੰਗ ਕੀਤੀ ਗਈ ਹੈ ਅਤੇ ਡੀ.ਐਸ.ਪੀ. ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਦੀ ਜਾਂਚ ਅਤੇ ਤੁਰੰਤ ਗ੍ਰਿਫ਼ਤਾਰੀ ਹਨ। ਉਨ੍ਹਾਂ ਕਿਹਾ ਕਿ ਸ: ਜਸਵੰਤ ਸਿੰਘ ਖਾਲੜਾ ਦੇ ਕਤਲ ਕੇਸ ਵਿੱਚ ਸਜ਼ਾ ਯਾਫ਼ਤਾ ਮੁਜ਼ਿਰਮ ਡੀ.ਐਸ.ਪੀ. ਜਸਪਾਲ ਸਿੰਘ ਜੋ ਕਥਿਤ ਤੌਰ ਤੇ ਲੰਬੇ ਸਮੇਂ ਤੋਂ ਜੇਲ੍ਹ ਤੋਂ ਬਾਹਰ ਘੁੰਮ ਰਿਹਾ ਹੈ, ਬਾਰੇ ਸਖ਼ਤ ਨੋਟਿਸ ਲਿਆ ਗਿਆ ਹੈ। ਮੰਗ ਕੀਤੀ ਗਈ ਹੈ ਕਿ ਪੰਜਾਬ ਸਰਕਾਰ ਵੱਲੋਂ ਉਸਦੀ ਸਜ਼ਾ ਮੁਆਫ਼ੀ ਲਈ ਕੀਤੀ ਗਈ ਕਥਿਤ ਸਿਫ਼ਾਰਸ਼ ਦੀ ਜਾਂਚ ਕੀਤੀ ਜਾਵੇ, ਮੁਜ਼ਿਰਮ ਨੂੰ ਤੁਰੰਤ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ ਜਾਵੇ ਅਤੇ ਸਿਫ਼ਾਰਸ਼ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਾਲ 1982 ਦੇ ਧਰਮ ਯੁੱਧ ਮੋਰਚੇ ਦੀ ਸ਼ੁਰੂਆਤ ਤੋਂ ਲੈ ਕੇ 1995 ਵਿੱਚ ਸ: ਜਸਵੰਤ ਸਿੰਘ ਖਾਲੜਾ ਦੇ ਲਾਪਤਾ ਹੋਣ ਤੱਕ ਪੰਜਾਬ ਵਿੱਚ ਵਾਪਰੀਆਂ ਦਰਦਨਾਕ ਘਟਨਾਵਾਂ ਦੀ ਨਿਰਪੱਖ ਜਾਂਚ ਲਈ ਇੱਕ ਵਿਸ਼ੇਸ਼ ਕਮਿਸ਼ਨ ਬਣਾਉਣ ਦੀ ਮੰਗ ਕੀਤੀ ਗਈ ਹੈ, ਤਾਂ ਜੋ ਸੱਚਾਈ ਤੇ ਆਧਾਰਿਤ ਰਿਪੋਰਟ ਲੋਕਾਂ ਸਾਹਮਣੇ ਆ ਸਕੇ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿੱਚ 1980—95 ਦੇ ਦੌਰ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਕਿ ਇਹ ਪੰਜਾਬੀਆਂ ਲਈ ਇੱਕ ਬਹੁਤ ਹੀ ਸੰਤਾਪ ਭਰਿਆ ਸਮਾਂ ਸੀ, ਜਿੱਥੇ ਹਜ਼ਾਰਾਂ ਸਿੱਖ ਨੌਜਵਾਨਾਂ, ਬੀਬੀਆਂ ਅਤੇ ਬਜ਼ੁਰਗਾਂ ਨੂੰ ਜਾਨਾਂ ਗਵਾਉਣੀਆਂ ਪਈਆਂ। ਉਸ ਦੌਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮਨੁੱਖੀ ਅਧਿਕਾਰ ਵਿੰਗ ਦੇ ਜਨਰਲ ਸਕੱਤਰ ਸ: ਜਸਵੰਤ ਸਿੰਘ ਖਾਲੜਾ ਨੇ ਅੰਕੜੇ ਇਕੱਠੇ ਕਰਕੇ ਦੁਨੀਆ ਸਾਹਮਣੇ ਲਿਆਂਦਾ ਸੀ ਕਿ ਕਿਸ ਤਰ੍ਹਾਂ ਹਜ਼ਾਰਾਂ ਲਾਵਾਰਿਸ ਲਾਸ਼ਾਂ ਦਾ ਸਸਕਾਰ ਕਰਕੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ। ਇਨ੍ਹਾਂ ਸਬੂਤਾਂ ਦੇ ਆਧਾਰ ਤੇ ਹੀ ਸੁਪਰੀਮ ਕੋਰਟ ਨੇ ਕਰੀਬ ਦੋ ਹਜ਼ਾਰ ਪਰਿਵਾਰਾਂ ਨੂੰ ਮੁਆਵਜ਼ਾ ਦਿੱਤਾ ਸੀ, ਪਰ ਬਾਅਦ ਵਿੱਚ ਸ: ਖਾਲੜਾ ਨੂੰ ਵੀ ਸ਼ਹੀਦ ਕਰ ਦਿੱਤਾ ਗਿਆ। ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਅਸੀਂ ਕਾਤਲ ਕਾਂਗਰਸ ਸਰਕਾਰ ਤੋਂ ਤਾਂ ਇਨਸਾਫ਼ ਦੀ ਉਮੀਦ ਨਹੀਂ ਕਰ ਸਕਦੇ ਸੀ, ਪਰ ਬਦਲੇ ਹੋਏ ਰਾਜ ਵਿੱਚ ਅਸੀਂ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਉਹ ਪੰਜਾਬ ਦੇ ਜ਼ਖ਼ਮੀ ਸਿੱਖ ਮਾਨਸਿਕਤਾ ਤੇ ਮਲ੍ਹਮ ਲਗਾਉਣ ਲਈ ਇਨ੍ਹਾਂ ਮੰਗਾਂ ਨੂੰ ਤੁਰੰਤ ਪ੍ਰਵਾਨ ਕਰੇ ਅਤੇ ਇਨਸਾਫ਼ ਦਾ ਮੁਢਲਾ ਕਦਮ ਵਧਾਏ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ, ਭਾਈ ਜਸਬੀਰ ਸਿੰਘ ਰੋਡੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਯੁਨਾਈਟਿਡ ਅਕਾਲੀ ਦਲ, ਗੁਰਿੰਦਰ ਸਿੰਘ ਬਾਜਵਾ ਪ੍ਰਧਾਨ ਬੇਗਮਪੁਰਾ ਖਾਲੜਾ ਰਾਜ ਪਾਰਟੀ, ਭਾਈ ਮਨਦੀਪ ਸਿੰਘ ਐਕਟਿੰਗ ਪ੍ਰਧਾਨ ਪੰਥਕ ਆਜ਼ਾਦ ਗਰੁੱਪ ਤੋਂ ਇਲਾਵਾ ਬਲਵਿੰਦਰ ਸਿੰਘ ਸੂਬਾ ਕਾਦੀਆਂ ਸਮੇਤ ਕਈ ਹੋਰ ਸਥਾਨਕ ਆਗੂਆਂ ਅਤੇ ਵਰਕਰਾਂ ਨੇ ਵੀ ਲਿਖਤੀ ਰੂਪ ਵਿੱਚ ਇਸ ਮੁਹਿੰਮ ਨੂੰ ਆਪਣਾ ਸਮਰਥਨ ਦਿੱਤਾ ਹੈ। ਪੰਥਕ ਆਗੂਆਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਨੇ ਇਨ੍ਹਾਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਇੱਕ ਨਜ਼ਰ ...



## ਕੇਂਦਰੀ ਗ੍ਰਹਿ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰਾਂ ਨੂੰ ਮੈਮੋਰੰਡਮ ਦੇ ਕੇ ਕੀਤੀ ਇਨਸਾਫ ਦੀ ਮੰਗ: ਵਡਾਲਾ

ਚੰਡੀਗੜ੍ਹ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਜਾਣਕਾਰੀ ਦਿੰਦਿਆ ਇਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਅੱਜ ਪੰਜ ਪੰਥਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਕੇਂਦਰੀ ਗ੍ਰਹਿ ਮੰਤਰੀ ਦੇ ਨਾਮ ਪੰਜਾਬ ਦੇ ਸਾਰੇ ਜਿਲਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਇਕ ਮੈਮੋਰੰਡਮ ਦੇ ਕੇ ਪੰਜਾਬ ਵਿੱਚ 1980 ਤੋਂ ਲੈ ਕੇ 1995 ਤੱਕ ਵਾਪਰੇ ਘਟਨਾਕ੍ਰਮ ਦੀ ਨਿਰਪੱਖ ਜਾਂਚ ਕਰਵਾਉਣ ਲਈ ਟਰੁੱਥ ਕਮਿਸ਼ਨ ਬਣਾਉਣ ਦੀ ਮੰਗ ਕੀਤੀ ਗਈ ਹੈ। ਸ ਵਡਾਲਾ ਨੇ ਕਿਹਾ ਕਿ ਇਸ ਵੇਲੇ ਸਤਲੁਜ ਫਿਲਮ ਨੂੰ ਲੈ ਕੇ ਕੁੱਝ ਹਲਕੀ ਰਾਜਨੀਤੀ ਕਰਨ ਵਾਲੇ ਲੋਕ ਇਸਨੂੰ ਹਿੰਦੂ ਸਿੱਖ ਮੁੱਦਾ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਜੋ ਏਨਾ ਵੀ ਨਹੀ ਜਾਣਦੇ ਕਿ ਪੰਜਾਬ ਗੁਰਬਾਣੀ ਸਿੱਖਿਆ 'ਤੇ ਚੱਲਣ ਵਾਲਾ ਉਹ ਸੂਬਾ ਹੈ, ਜਿਸਨੇ ਨਵੰਬਰ 1984 ਨੂੰ ਦੇਸ਼ ਭਰ ਵਿੱਚ ਆਪਣੇ ਹਜਾਰਾਂ ਰਿਸ਼ਤੇਦਾਰ ਮਰਵਾ ਕੇ ਵੀ ਫਿਰਕੂ ਦੰਗਿਆਂ ਦਾ ਰਾਹ ਨਹੀਂ ਸੀ ਚੁਣਿਆ। ਫਿਰ ਇਹ ਫਿਲਮ ਤਾਂ ਸਿਰਫ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ਸੰਘਰਸ਼ ਨਾਲ ਸੰਬੰਧਿਤ ਹੈ, ਜਿਸ ਵਿੱਚ ਉਹ ਪੁਲਿਸ ਵੱਲੋਂ ਲਾਪਤਾ ਕਰ ਦਿੱਤੇ ਗਏ ਆਮ ਲੋਕਾਂ ਦੀ ਗੱਲ ਕਰਦੇ ਹਨ। ਜਿਸ ਵਿੱਚ ਤਰਨ ਤਾਰਨ ਵਿੱਚ ਮਾਰੇ ਗਏ ਹਿੰਦੂ ਨੌਜਵਾਨਾਂ ਦੇ ਕੇਸ ਵੀ ਸ਼ਾਮਲ ਸਨ। ਇਸ ਫਿਲਮ ਵਿੱਚ ਐਸਾ ਕੁਝ ਵੀ ਨਹੀਂ ਜੋ ਦੇਸ਼ ਜਾਂ ਕਿਸੇ ਕਮਿਊਨਿਟੀ ਦੇ ਖਿਲਾਫ ਭੜਕਾਹਟ ਪੈਦਾ ਕਰਦਾ ਹੋਵੇ। ਸ ਵਡਾਲਾ ਨੇ ਕਿਹਾ ਕਿ ਅਸੀਂ ਅੱਜ ਦੇਸ਼ ਦੇ ਗ੍ਰਹਿ ਮੰਤਰੀ ਤੋਂ ਇਹੋ ਮੰਗ ਕੀਤੀ ਹੈ ਕਿ 'ਪੰਜਾਬ ਸੱਚ ਅਤੇ ਜਵਾਬਦੇਹੀ ਕਮਿਸ਼ਨ ਬਣਾਇਆ ਜਾਵੇ। ਤਾਂਕਿ ਇਸ ਸਮੇਂ ਦੌਰਾਨ ਵਾਪਰੀਆਂ ਘਟਨਾਵਾਂ ਦੀ ਨਿਰਪੱਖ ਜਾਂਚ ਕਰਕੇ ਮਰਨ ਵਾਲਿਆਂ ਦਾ ਸਹੀ ਅੰਕੜਾ ਪਤਾ ਲਗਾਇਆ ਜਾ ਸਕੇ। ਇਸ ਮੈਮੋਰੰਡਮ ਵਿੱਚ ਸ ਜਸਵੰਤ ਸਿੰਘ ਖਾਲੜਾ ਦੇ ਸੰਘਰਸ਼ 'ਤੇ ਆਧਾਰਿਤ ਫਿਲਮ 'ਪੰਜਾਬ 95' ਨੂੰ ਬਿਨਾ ਕਿਸੇ ਸੈਂਸਰ ਕੱਟ ਤੋਂ ਸਿਨੇਮਾ ਘਰਾਂ ਵਿੱਚ ਰਿਲੀਜ ਕਰਨ ਬਾਰੇ ਵੀ ਮੰਗ ਕੀਤੀ ਗਈ ਹੈ। ਕੇਂਦਰੀ ਗ੍ਰਹਿ ਮੰਤਰੀ ਤੋਂ ਇਹ ਵੀ ਮੰਗ ਕੀਤੀ ਗਈ ਹੈ ਕਿ ਸ ਖਾਲੜਾ ਅਤੇ ਹੋਰ ਮਾਸੂਮਾਂ ਦੇ ਕਾਤਲ ਪੁਲਿਸ ਵਾਲੇ ਜੋ ਜੇਲ੍ਹ ਵਿੱਚੋਂ ਛੁੱਟੀ ਆਣਕੇ ਤਿੰਨ ਸਾਲ ਤੋਂ ਫਰਾਰ ਹਨ, ਉਹਨਾਂ ਨੂੰ ਲੱਭ ਕੇ ਵਾਪਸ ਜੇਲ੍ਹ ਵਿੱਚ ਸੁੱਟਿਆ ਜਾਵੇ। ਅੱਜ ਦਾ ਇਹ ਮੰਗ ਪੱਤਰ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ, ਇੰਟਰਨੈਸ਼ਨਲ ਪੰਥਕ ਅਕਾਲੀ ਦਲ, ਯੁਨਾਈਟਡ ਅਕਾਲੀ ਦਲ, ਬੇਗਮਪੁਰਾ ਖਾਲਸਾ ਰਾਜ ਪਾਰਟੀ ਅਤੇ ਪੰਥਕ ਆਜਾਦ ਗਰੁੱਪ ਵੱਲੋਂ ਸਾਂਝੇ ਤੌਰ 'ਤੇ ਦਿੱਤਾ ਗਿਆ। ਜਿਸ ਵਿੱਚ ਸਾਰੇ ਦਲਾਂ ਦੇ ਹਜਾਰਾਂ ਵਰਕਰ ਅਤੇ ਆਗੂ ਸਹਿਬਾਨ ਸ਼ਾਮਲ ਹੋਏ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

## ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀ ਹੋਈ ਮੀਟਿੰਗ ਦੌਰਾਨ ਕਲੱਬ ਦੇ ਨਵੇਂ ਸ਼ਨਾਖਤੀ ਕਾਰਡ ਵੀ ਵੰਡੇ ਗਏ

### ਫੀਲਡ 'ਚ ਕੰਮ ਕਰਨ ਸਮੇਂ ਪੱਤਰਕਾਰਾਂ ਨੂੰ ਆਉਂਦੀਆਂ ਮੁਸ਼ਕਿਲਾਂ ਵੱਲ ਧਿਆਨ ਦੇਵੇ ਸਰਕਾਰ-ਨਾਗੀ



ਜੰਡਿਆਲਾ ਗੁਰੂ, 14 ਜੁਲਾਈ ( ਕੁਲਵੰਤ ਸਿੰਘ ਵਿਰਦੀ )-ਮਾਝਾ ਪ੍ਰੈੱਸ ਕਲੱਬ, (ਰਜਿ:) ਅੰਮ੍ਰਿਤਸਰ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਕਲੱਬ ਦੀਆਂ ਗਤੀਵਿਧੀਆਂ, ਕਲੱਬ ਦੀ ਬਿਹਤਰੀ ਤੇ ਪੱਤਰਕਾਰਾਂ ਨੂੰ ਦਰਪੇਸ਼ ਸੱਮਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਲੋਕਤੰਤਰ ਦਾ ਚੌਥਾ ਥੰਮ ਮੰਨੇ ਜਾਂਦੇ ਪੱਤਰਕਾਰਾਂ ਨੂੰ ਫੀਲਡ ਵਿਚ ਕੰਮ ਕਰਨ ਸਮੇਂ ਆਉਂਦੀਆਂ ਮੁਸ਼ਿਕਲਾਂ ਤੇ ਉਨਾਂ ਦੇ ਹੱਲ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਸਰਕਾਰਾਂ ਪਾਸੋਂ ਮੰਗ ਕੀਤੀ ਗਈ ਕਿ ਪੱਤਰਕਾਰਾਂ ਦੀਆਂ ਮੁਸ਼ਿਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮਾਜਿਕ ਮੁੱਦਿਆਂ ਨਸ਼ਿਆਂ, ਵਾਤਾਵਰਣ ਦੇ ਪ੍ਰਦੂਸ਼ਿਤ ਹੋਣ ਅਤੇ ਪ੍ਰੈੱਸ ਸ਼ਬਦ ਦੀ ਦੁਰਵਰਤੋਂ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ।ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਕਲੱਬ ਦੇ ਅਹੁਦੇਦਾਰ ਤੇ ਮੈਂਬਰ ਸਾਥੀਆਂ ਨੂੰ ਕਲੱਬ ਦੇ ਨਵੇਂ ਸ਼ਨਾਖਤੀ ਵੀ ਵੰਡੇ ਗਏ। ਮੀਟਿੰਗ ਦੌਰਾਨ ਸਮੂਹ ਸਾਥੀਆਂ ਨੇ ਪਿੰਗਲਵਾੜਾ ਸੰਸਥਾ ਵਲੋਂ ਭਗਤ ਪੂਰਨ ਸਿੰਘ ਦੀ ਬਰਸੀ ਨੂੰ ਸਮਰਪਿਤ 1 ਅਗਸਤ ਤੋਂ 5 ਅਗਸਤ ਤੱਕ ਕਰਵਾਏ ਜਾ ਰਹੇ ਸਮਾਗਮਾਂ ਵਿਚ ਵੱਧ-ਚੜ੍ਹ ਦੇ ਹਿੱਸਾ ਲੈਣ ਦਾ ਫੈਸਲਾ ਕੀਤਾ। ਇਸ ਮੌਕੇ ਜਸਵੰਤ ਸਿੰਘ ਮਾਂਗਟ, ਅੰਮ੍ਰਿਤਪਾਲ ਸਿੰਘ, ਹਰੀਸ਼ ਕੱਕੜ, ਗੁਰਪਾਲ ਸਿੰਘ ਰਾਏ, ਸਿਮਰਤਪਾਲ ਸਿੰਘ ਬੇਦੀ, ਕੁਲਦੀਪ ਸਿੰਘ ਭੁੱਲਰ, ਸਵਿੰਦਰ ਸਿੰਘ ਸ਼ਿੰਦਾ ਲਹੌਰੀਆ, ਸੁਖਚੈਨ ਸਿੰਘ, ਡਾ.ਗੁਰਮੀਤ ਸਿੰਘ ਨੰਢਾ, ਕੁਲਦੀਪ ਸਿੰਘ ਖਹਿਰਾ, ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਪਰਵਿੰਦਰ ਸਿੰਘ ਮਲਕ, ਸਤਪਾਲ ਵਿਨਾਇਕ, ਗੁਰਵਿੰਦਰ ਸਿੰਘ ਹੈਪੀ, ਸੁਖਦੇਵ ਸਿੰਘ ਬੱਬੂ ਆਦਿ ਹਾਜਰ ਸਨ।

# ਜਬ ਇਹ ਗਏ ਬਿਪਰਨ ਕੀ ਰੀਤ ਮੈਂ ਨਾ ਕਰੂ ਇਨ ਕੀ ਪ੍ਰਤੀਤ

## ਸਤਲੁਜ ਹਰੀ ਕੇ ਪੱਤਣ ਵਿਖੇ ਅਰਦਾਸ ਕਰਨਾ ਸਾਨੂੰ ਸਾਡੇ ਗੁਰਧਾਮਾਂ ਤੋਂ ਕਿਸੇ ਗਹਿਰੀ ਸਾਜਿਸ਼ ਅਧੀਨ ਤੋੜਿਆ ਜਾ ਰਿਹਾ: ਤੁੰਗ



ਸਤਲੁਜ ਉੱਤੇ ਸ਼ਹੀਦਾਂ ਦੀ ਅਰਦਾਸ ਕਰਨਾ ਸਿੱਖ ਮਰਿਆਦਾਵਾਂ ਦੇ ਬਿਲਕੁਲ ਉਲਟ ਹੈ ਅੱਜ ਤੱਕ ਜਿਤਨੇ ਵੀ ਕੌਮ ਲਈ ਸਿੱਖਸੰਘਰਸ਼ਾਂ ਵਿੱਚ ਸ਼ਹਾਦਤਾਂ ਹੋਈਆਂ ਹਨ ਉਹਨਾਂ ਸਭ ਸ਼ਹੀਦਾਂ ਦੀ ਅਰਦਾਸ ਸਾਡੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਉੱਤੇ ਹੀ ਹੋਈਆਂ ਹਨ ਅੱਜ ਜੋ ਅਮਰ ਸ਼ਹੀਦ ਭਾਈ ਜਸਵੰਤ ਸਿੰਘ ਜੀ ਖਾਲੜਾ ਦੀ ਸ਼ਹਾਦਤ ਦੀ ਫਿਲਮ ਸਤਲੁਜ ਰਿਲੀਜ਼ ਹੋਣ ਤੋਂ ਬਾਅਦ ਇੱਕ ਬਵਾਲ ਉਠਿਆ ਹੈ ਪਹਿਲਾਂ ਤਾਂ ਮੈਂ ਇਸ ਨੂੰ ਫਰਜ਼ੀ ਹੀ ਕਹਾਂਗਾ ਔਰ ਇਸ ਫਿਲਮ ਉੱਤੇ ਬੈਨ ਲੱਗਣਾ ਜਾਂ ਲਗਵਾਉਣਾ ਇਸ ਵਿੱਚੋਂ ਐਕਟਰਾਂ ਅਤੇ ਡਾਰੈਕਟਰਾਂ ਨੇ ਅਥਾਹ ਦੀ ਕਮਾਈ ਕਰਨੀ ਵੀ ਇੱਕ ਸਾਜਿਸ਼ ਹੈ ਮੈਂ ਇਸ ਦਾ ਵੀ ਵਿਸ਼ਲੇਸ਼ਣ ਕਰਾਂਗਾ ਪਰ ਅੱਜ ਜੋ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਭਾਈ ਕੁਲਦੀਪ ਸਿੰਘ ਜੀ ਗੜਗੱਜ ਹਰੀ ਕੇ ਪੱਤਣ ਸਤਲੁਜ ਦੇ ਕਿਨਾਰੇ ਜਾ ਕੇ ਅਰਦਾਸ ਕਰ ਰਹੇ ਹਨ ਅਰਦਾਸ ਦੀ ਨਿੰਦਾ ਨਹੀਂ ਹੈ ਉਸ ਜਗਹਾ ਤੇ ਜਾ ਕੇ ਕੇਂਦਰੀ ਅਸਥਾਨ ਨੂੰ ਛੱਡ ਕੇ ਅਰਦਾਸ ਕਰਨੀ ਨਿੰਦਣੀ ਹੈ ਇਹ ਕਿਸੇ ਬਹੁਤ ਹੀ ਗੰਭੀਰ ਗਹਿਰੀ ਚਾਲ ਸਾਜਿਸ਼ ਦਾ ਹਿੱਸਾ ਹੈ ਸਮਾਂ ਆਉਣ ਤੇ ਇਹ ਵੀ ਆਪਣੇ ਆਪ ਸਭ ਕੁਝ ਸਪਸ਼ਟ ਹੋ ਜਾਣਾ ਹੈ ਅੱਜ ਬਹੁਤ ਹੀ ਦੁੱਖ ਹੋਇਆ ਹੈ ਕਿ ਸਾਨੂੰ ਸਾਡੇ ਕੇਦਰੀ ਅਸਥਾਨ ਤੋਂ ਚੁੱਕ ਕੇ ਦਰਿਆ ਦੇ ਕੰਢੇ ਉੱਤੇ ਜਾ ਕੇ ਖਿਲਾਰ ਦਿੱਤਾ ਔਰ ਅਸੀਂ ਇਸ ਗੱਲ ਦੀ ਨਿੰਦਾ ਕਰਦੇ ਹਾਂ ਕਿ ਕੇਂਦਰੀ ਅਸਥਾਨਾਂ ਨਾਲੋਂ ਤੋੜਨਾ ਚੰਗੀ ਗੱਲ ਨਹੀਂ ਹੈ ਭਾਈ ਕੁਲਦੀਪ ਸਿੰਘ ਜੀ ਗੜਗੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਹ ਬਾਦਲਾਂ ਦੀਆਂ ਕੋਝੀਆਂ ਚਾਲਾਂ ਉੱਤੇ ਪਰਦਾ ਪਾਉਣ ਦੀ ਇੱਕ ਸਾਜਿਸ਼ ਹੈ ਔਰ ਉਹਨਾਂ ਦੇ ਕਹਿਣ ਉੱਤੇ ਹੀ ਇਹ ਸਾਰਾ ਢੌਂਗ ਰਚਿਆ ਗਿਆ ਹੈ ਸਾਨੂੰ ਇਸ ਤੋਂ ਬਚਣ ਦੀ ਲੋੜ ਹੈ ਅਸੀ ਆਪਣੇ ਪੰਜਾਬ ਦੇ ਨੌਜਵਾਨ ਵਰਗ ਨੂੰ ਬੇਨਤੀ ਕਰਨੀ ਚਾਹੁੰਦੇ ਹਾਂ ਕਿ ਸਾਡੇ ਅਸਥਾਨ ਹਨ ਗੁਰੂ ਦੁਆਰੇ ਤੁਸੀਂ ਹਰ ਪਿੰਡ ਵਿੱਚ ਹਰ ਪਿੰਡ ਦੇ ਗੁਰਦੁਆਰੇ ਸਹਿਬ ਦੇ ਵਿੱਚ ਦਸਮ ਹੀ ਪਾਤਸਾਹੀਆਂ ਦੇ ਸਵਰੂਪ ਜੁਗੋ ਜੁਗ ਅਟੱਲ ਜਾਗਤ ਜੋਤ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਰਦਾਸ ਕਰੋ ਭਾਈ ਦਰਿਆਵਾਂ ਦੇ ਕੰਢਿਆਂ ਤੇ ਰੋਸ ਮੁਜਾਰੇ ਕੀਤੇ ਜਾ ਸਕਦੇ ਹਨ ਅਰਦਾਸਾਂ ਨਹੀਂ ਇਹ ਕੇਵਲ ਤੇ ਕੇਵਲ ਬਾਦਲ ਅਕਾਲੀ ਦਲ ਦੀਆਂ ਕਾਲੀਆਂ ਕਰਤੂਤਾਂ ਦੇ ਉੱਤੇ ਪਰਦਾ ਪਾਉਣ ਦੀ ਇੱਕ ਗਹਿਰੀ ਸਾਜਿਸ਼ ਹੈ ਔਰ ਲੋਕਾਂ ਨੂੰ ਇਸ ਫਰੇਬ ਦੇ ਨਾਲ ਆਪਣੇ ਕੀਤੇ ਹੋਏ ਬਾਦਲਕਿਆਂ ਦੇ ਗੁਨਾਹਾਂ ਤੇ ਪੜਦਾ ਪਾਉਣਾ ਚਾਹੁੰਦੇ ਹਨ ਸਾਨੂੰ ਇਸ ਵਿੱਚ ਸਰੀਕ ਨਹੀਂ ਹੋਣਾ ਚਾਹੀਦਾ ਗੁਰੂ ਪਿਆਰੇ ਖਾਲਸਾ ਸਾਧ ਸੰਗਤ ਜੀਉ ਆਪ ਜੀ ਇਸ ਬਾਰੇ ਜ਼ਰੂਰ ਵਿਚਾਰ ਕਰਿਓ ਸੋਚਿਓ ਬਾਰ ਬਾਰ ਜਿਨਾਂ ਲੋਕਾਂ ਨੇ ਪੰਜਾਬ ਦੇ ਸਿੱਖ ਭਾਈਚਾਰੇ ਦੇ ਨੌਜਵਾਨ ਪੁੱਤਰਾਂ ਨੂੰ ਅਕਾਲੀ ਸਰਕਾਰ ਹੁੰਦਿਆਂ ਕੋਹ ਕੋਹ ਕੇ ਮਾਰਿਆ ਹੋਵੇ ਕੇ ਪੀ ਐਸ ਗਿੱਲ ਵਰਗੇ ਬੁੱਚੜ ਕੋਲੋਂ ਬਾਰ ਬਾਰ ਪ੍ਰਕਾਸ਼ ਸਿੰਘ ਬਾਦਲ ਤੇ ਉਸਦੇ ਪੁੱਤਰ ਸੁਖਬੀਰ ਸਿੰਘ ਬਾਦਲ ਨੇ ਰਿਪੋਰਟਾਂ ਮੰਗੀਆਂ ਹੋਣ ਕਿ ਹੁਣ ਪੰਜਾਬ ਵਿੱਚੋਂ ਸੰਘਰਸ਼ਸ਼ੀਲ ਨੌਜਵਾਨਾਂ ਦਾ ਖਾਤਮਾ ਹੋਣ ਵਿੱਚ ਕਿੰਨਾ ਸਮਾਂ ਲੱਗੇਗਾ ਨਹੀਂ ਤਾਂ ਇਹ ਕੇ ਪੀ ਐਸ ਗਿੱਲ ਬੁੱਚੜ ਦੀ ਕਿਤਾਬ ਜੋ ਉਸਨੇ ਲਿਖੀ ਹੈ ਜਾਂ ਉਸ ਵਾਸਤੇ ਲਿਖੀ ਗਈ ਉਸ ਵਿੱਚ ਕੇ ਪੀ ਐਸ ਗਿੱਲ ਨੇ ਖੁਲਾਸਾ ਕੀਤਾ ਹੈ। ਸੋ ਸਰਦਾਰ ਹਰਜਿੰਦਰ ਸਿੰਘ ਜੀ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪ ਇਹ ਮੰਨਿਆ ਹੈ ਕਿ ਅਸੀਂ ਅਕਾਲੀ ਦਲ ਦੇ ਸਿਪਾਹੀ ਹਾਂ ਸੋ ਗੁਰਮੁਖੋ ਅਰਦਾਸ ਕਰਨੀ ਬੁਰੀ ਗੱਲ ਨਹੀਂ ਸਤਿਗੁਰੂ ਜੀ ਸਭ ਜਗਾਵਾਂ ਦੇ ਉੱਤੇ ਹਾਜ਼ਰ ਨਾਜ਼ਰ ਹਨ ਪਰ ਬਿਪਤਾ ਦੇ ਸਮੇਂ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਗੇ ਅਰਦਾਸ ਬੇਨਤੀਆਂ ਕੇਂਦਰੀ ਅਸਥਾਨਾਂ ਦੇ ਉੱਤੇ ਭਾਵ ਸ੍ਰੀ ਸਿਰੀ ਅਕਾਲ ਤਖਤ ਸਾਹਿਬ ਦੇ ਉੱਤੇ ਹੀ ਕਰਨੀ ਬਣਦੀ ਹੈ ਅਸੀਂ ਇੱਥੇ ਇਹ ਗੱਲ ਜ਼ਰੂਰ ਕਹਿਣੀ ਚਾਵਾਂਗੇ 1995 ਵਿੱਚ ਅਮਰ ਸ਼ਹੀਦ ਸਰਦਾਰ ਜਸਵੰਤ ਸਿੰਘ ਜੀ ਖਾਲੜਾ ਵਾਈਸ ਚੇਅਰਮੈਨ ਮਨੁੱਖੀ ਅਧਿਕਾਰ ਸੰਗਠਨ ਜਿੰਨਾਂ ਜਿਨਾਂ ਨੂੰ ਅੱਤ ਦੇ ਸਰੀਰਕ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ ਸੀ ਉਸ ਤੋਂ ਬਾਅਦ ਅਕਾਲੀ ਦਲ ਦੀ ਸਰਕਾਰ ਆਈ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਸਨ ਕਿਉਂ ਨਹੀਂ ਉਸ ਪ੍ਰਤੀ ਇਨਕੁਆਇਰੀ ਕੀਤੀ ਗਈ ਅੱਜ ਕਿਉਂ ਇਹ ਫਰੇਬ ਕੀਤਾ ਜਾ ਰਿਹਾ ਹੈ ਆਉਣ ਵਾਲਾ ਸਮਾਂ ਜਵਾਬ ਮੰਗੇਗਾ ਜੋ ਲੋਕ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਹਜ਼ੂਰੀ ਵਿੱਚ ਸਨਮੁਖ ਸ੍ਰੀ ਅਕਾਲ ਤਖਤ ਸਾਹਿਬ ਦੇ ਉੱਤੇ ਆਪਣੇ ਆਪ ਨੂੰ ਦੋਸ਼ੀ ਮੰਨ ਕੇ ਮੁਕਰ ਗਏ ਹੋਣ ਉਹਨਾਂ ਦਾ ਪੰਜਾਬ ਵਾਸੀਓ ਇਤਬਾਰ ਨਹੀਂ ਕੀਤਾ ਜਾ ਸਕਦਾ ਇਸ ਲਈ ਅਸੀਂ ਦੁਬਾਰਾ ਫੇਰ ਇਸ ਸਪਸ਼ਟ ਕਰ ਦੇਣਾ ਚਾਹੁੰਦੇ ਹਾਂ ਅਰਦਾਸ ਕਿਤੇ ਵੀ ਕੀਤੀ ਜਾ ਸਕਦੀ ਹੈ ਜੇ ਤੁਹਾਡੇ ਉੱਤੇ ਕੋਈ ਮੁਸੀਬਤ ਹੈ ਤਾਂ ਅੱਜ ਤਾਂ ਕੋਈ ਰੋਕ ਨਹੀਂ ਸਾਨੂੰ ਸਾਡੇ ਕੇਂਦਰੀ ਅਸਥਾਨਾਂ ਤੇ ਅਰਦਾਸ ਕਰਨ ਦੀ ਇਹ ਭੰਬਲ ਭੂਸਾ ਕਿਉਂ ਖੜਾ ਕੀਤਾ ਜਾ ਰਿਹਾ ਹੈ ਬਾਦਲ ਪਰਿਵਾਰ ਨੂੰ ਬਚਾਉਣ ਵਾਸਤੇ ਇਹ ਫਰੇਬ ਨਾ ਕਰੋ ਅਰਦਾਸ ਜ਼ਰੂਰ ਕਰੋ ਜਿੱਥੇ ਜੀ ਕਰਦਾ ਕਰੋ ਪਰ ਸ਼ਹੀਦਾਂ ਦੀ ਅਰਦਾਸ ਕੇਂਦਰੀ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਸਨਮੁਖ ਹੀ ਹੁੰਦੀ ਹੈ ਹਮੇਸ਼ਾ ਤੋਂ ਹੁੰਦੀ ਆਈ ਹੈ ਅਤੇ ਹੁੰਦੀ ਰਹੇਗੀ ਚਾਹੇ ਉਹ ਅਮਰ ਸ਼ਹੀਦ ਭਾਈ ਸਤਵੰਤ ਸਿੰਘ ਬੇਅੰਤ ਸਿੰਘ ਕੇਹਰ ਸਿੰਘ ਦੀ ਹੋਵੇ ਚਾਹੇ ਉਹ ਅਮਰ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਸੁਖਦੇਵ ਸਿੰਘ ਸੁੱਖਾ ਚਾਹੇ ਅਮਰ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਖਾਲੜਾ ਸਮੇਤ ਬਲੂ ਸਟਾਰ ਪਰੇਸ਼ਨ ਤੋਂ ਲੈ ਕੇ ਉਸ ਤੋਂ ਪਹਿਲਾਂ ਦੇ ਸ਼ਹੀਦਾਂ ਦੀਆਂ ਅਤੇ ਹੁਣ ਤੱਕ ਦੇ ਸ਼ਹੀਦਾਂ ਦੀਆਂ ਅਰਦਾਸਾਂ ਅਖੰਡ ਪਾਠ ਸਾਹਿਬ ਦੇ ਭੋਗ ਬੇਨਤੀਆਂ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁਖ ਸ੍ਰੀ ਅਕਾਲ ਤਖਤ ਸਾਹਿਬ ਜੀ ਉੱਪਰ ਹੀ ਹੁੰਦੀਆਂ ਹਨ ਅਤੇ ਇੱਥੇ ਹੀ ਹੋਣੀਆਂ ਚਾਹੀਦੀਆਂ ਹਨ ਜਥੇਦਾਰ ਗੜਗੱਜ ਸਾਹਿਬ ਮਰਿਆਦਾਵਾਂ ਨੂੰ ਛਿੱਕੇ ਤੇ ਨਾ ਟੰਗੋ ਸੰਗਤ ਆਪ ਮੁਹਾਰੇ ਕਰਦੀ ਹੈ ਤਾਂ ਉਹਨਾਂ ਨੂੰ ਕਰਨ ਦਿਓ ਕੋਈ ਹਰਜ ਨਹੀਂ ਪਰ ਜਦੋਂ ਕੋਈ ਸਥਾਪਤ ਸ਼ਖਸ਼ੀਅਤ ਕੇਂਦਰੀ ਅਸਥਾਨ ਛੱਡ ਕੇ ਜਾਵੇਗੀ ਤਾਂ ਫਰਕ ਪੈਂਦਾ ਹੈ ਮਰਿਆਦਾਵਾਂ ਦਾ ਘਾਣ ਹੁੰਦਾ ਹੈ ਸੋ ਇਸ ਕਰਕੇ ਕੌਮ ਤੇ ਰਹਿਮ ਕਰੋ ਜੇ ਕਰ ਸਕਦੇ ਹੋ ਤਾ ਆਪਣੇ ਆਪ ਨੂੰ ਸਿੱਖ ਕੌਮ ਦੇ ਆਗੂ ਕਹਾਉਣ ਵਾਲੀ ਲੀਡਰਸ਼ਿਪ ਨੂੰ ਇਕੱਠਿਆ ਕਰੋ ਤੁਹਾਡੀ ਇਹ ਜਿੰਮੇਵਾਰੀ ਹੈ ਤੁਹਾਡੀ ਇਹ ਡਿਊਟੀ ਹੈ ਮੈਂ ਇੱਥੇ ਸਿੱਖਾਂ ਦੀਆਂ ਕੌਮੀ ਟਕਸਾਲਾਂ ਨਿਹੰਗ ਸਿੰਘ ਜਥੇਬੰਦੀਆਂ ਸਿੱਖ ਸੰਪਰਦਾਵਾਂ ਨੂੰ ਵੀ ਬੇਨਤੀ ਕਰਨੀ ਚਾਹੁੰਦਾ ਹਾਂ ਕਿ ਸਤਿਗੁਰ ਸੱਚੇ ਪਾਤਸਾਹ ਜੀ ਨੇ ਸਾਨੂੰ ਵਰਜਿਆ ਹੈ ਮਰਿਆਦਾ ਵਿੱਚ ਰਹਿ ਕੇ ਕਾਰਜ ਕਰਨ ਲਈ ਆਖਿਆ ਹੈ

**ਜਬ ਲਗ ਖਾਲਸਾ ਰਹੇ ਨਿਆਰਾ ਤਬ ਲਗ ਤੇਜ ਦਿਓ ਮੈ ਸਾਰਾ ਜਬ ਇਹ ਗਏ ਬਿਪਰਨ ਕੀ ਰੀਤ ਮੈਂ ਨ ਕਰੂ ਇਨ ਕੀ ਪਰਤੀਤ**

ਸੋ ਅੱਜ ਸਾਡੀ ਪ੍ਰਤੀਤ ਗੁਰੂ ਸਾਹਿਬ ਨਹੀਂ ਕਰ ਰਹੇ ਕਿਉਂਕਿ ਅਸੀਂ ਗੁਰੂ ਤੋਂ ਬੇਮੁਖ ਹੋਏ ਪਏ ਹਾਂ ਆਪ ਸਭ ਨੂੰ ਹੱਥ ਜੋੜ ਕੇ ਗੁਰੂ ਦਾ ਵਾਸਤਾ ਹੈ ਮਰਿਆਦਾ ਵਿੱਚ ਰਹੋ ਮਰਿਆਦਾ ਦਾ ਘਾਣ ਕਿਸੇ ਦੇ ਕਹਿਣ ਤੇ ਨਾ ਕਰੋ ਇਹ ਇੱਕ ਗਹਿਰੀ ਗੰਭੀਰ ਸਾਜਿਸ਼ ਹੈ ਕਿ ਤੁਸੀਂ ਇਹ ਮਰਿਆਦਾ ਨੂੰ ਛਿੱਕੇ ਤੇ ਟੰਗਿਆ ਹੈ ਸਾਨੂੰ ਪਤਾ ਹੈ ਬਹੁਤ ਸਾਰੇ ਲੋਕਾਂ ਦੀਆ ਇਸ ਤੇ ਟਿੱਪਣੀਆਂ ਆਉਣਗੀਆਂ ਜੰਗਲਾ ਵਿੱਚ ਅਰਦਾਸਾਂ ਦੀ ਗੱਲ ਹੋਵੇਗੀ ਜੰਗਲਾਂ ਵਿੱਚ ਸਰਬੱਤ ਖਾਲਸੇ ਕਰਨ ਦੀ ਗੱਲ ਹੋਵੇਗੀ ਪਰ ਉਸ ਸਮੇਂ ਹਾਲਾਤ ਕੀ ਸਨ ਇਹਨਾਂ ਬਾਰੇ ਵੀ ਧਿਆਨ ਰੱਖਿਆ ਜਾਵੇ ਅੱਜ ਸਾਡੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਰੋਲਿਆ ਨਾ ਜਾਵੇ ਮਰਿਆਦਾਵਾਂ ਨੂੰ ਰਹਿਤ ਮਰਿਆਦਾ ਨੂੰ ਛਿੱਕੇ ਤੇ ਨਾ ਟੰਗਿਆ ਜਾਵੇ ਇਕਬਾਲ ਸਿੰਘ ਤੁੰਗ ਸਾਬਕਾ ਨਿਜੀ ਸਕੱਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

**ਇਕਬਾਲ ਸਿੰਘ ਤੁੰਗ, ਸਾਬਕਾ ਨਿਜੀ ਸਕੱਤਰ**
**ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ**

## ਭਾਰਤ ਚੋਣ ਕਮਿਸ਼ਨ ਦੇ ਅਧੀਨ ਸਕੱਤਰ ਰਾਕੇਸ਼ ਕੁਮਾਰ ਵੱਲੋਂ ਅੰਮ੍ਰਿਤਸਰ ਦੇ ਈ.ਵੀ.ਐਮ. ਵੇਅਰ ਹਾਊਸ ਅਤੇ ਪੋਲਿੰਗ ਸਟੇਸ਼ਨਾਂ ਦਾ ਨਿਰੀਖਣ



\ਜੰਡਿਆਲਾ ਗੁਰੂ 14 ਜੁਲਾਈ (ਕੁਲਵੰਤ ਸਿੰਘ ਵਿਰਦੀ ) - ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੇ ਅਧੀਨ ਸਕੱਤਰ ਸ੍ਰੀ ਰਾਕੇਸ਼ ਕੁਮਾਰ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੇ ਈ.ਵੀ.ਐਮ. ਵੇਅਰਹਾਊਸ ਅਤੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਦਾ ਵਿਸਤ੍ਰਿਤ ਨਿਰੀਖਣ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਪੱਲਵੀ ਮਿਸ਼ਰਾ, ਆਈ.ਏ.ਐੱਸ. ਅਤੇ ਚੋਣ ਤਹਿਸੀਲਦਾਰ ਅੰਮ੍ਰਿਤਸਰ ਸ੍ਰੀ ਰਾਜਿੰਦਰ ਸਿੰਘ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ ।ਨਿਰੀਖਣ ਦੌਰਾਨ ਸ੍ਰੀ ਰਾਕੇਸ਼ ਕੁਮਾਰ ਨੇ ਈ.ਵੀ.ਐਮ. ਵੇਅਰਹਾਊਸ ਵਿੱਚ ਮਸ਼ੀਨਾਂ ਦੀ ਸੁਰੱਖਿਆ ਲਈ ਕੀਤੇ ਗਏ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਉਨ੍ਹਾਂ ਨੇ ਸੀ.ਸੀ.ਟੀ.ਵੀ. ਨਿਗਰਾਨੀ ਪ੍ਰਣਾਲੀ, ਐਕਸੈੱਸ ਕੰਟਰੋਲ, ਸੁਰੱਖਿਆ ਕਰਮਚਾਰੀਆਂ ਦੀ ਤਾਇਨਾਤੀ, ਸਟਰਾਂਗ ਰੂਮ ਦੀ ਸੁਰੱਖਿਆ ਅਤੇ ਹੋਰ ਮਿਆਰੀ ਪ੍ਰਬੰਧਾਂ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਈ.ਵੀ.ਐਮ. ਦੀ ਸੁਰੱਖਿਆ ਚੋਣ ਪ੍ਰਕਿਰਿਆ ਦਾ ਸਭ ਤੋਂ ਮਹੱਤਵਪੂਰਨ ਪੱਖ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਈ.ਵੀ.ਐਮ. ਵੇਅਰਹਾਊਸ ਵਿਖੇ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦੀ ਸ਼ਲਾਘਾ ਵੀ ਕੀਤੀ ਗਈ ।ਇਸ ਉਪਰੰਤ ਸ੍ਰੀ ਰਾਕੇਸ਼ ਕੁਮਾਰ ਨੇ ਸਰਕਾਰੀ ਮਿਡਲ ਸਕੂਲ ਰਾਮਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੀਤਾ ਕਲ੍ਹਾਂ ਅਤੇ ਸ਼ਹੀਦ ਜੈਮਲ ਸਿੰਘ ਬੱਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾਵਾਲਾ ਕਲ੍ਹਾਂ ਵਿਖੇ ਸਥਿਤ ਪੋਲਿੰਗ ਸਟੇਸ਼ਨਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਪੋਲਿੰਗ ਸਟੇਸ਼ਨਾਂ ਦੀ ਭੌਤਿਕ ਸਥਿਤੀ, ਰੈਂਪ, ਪੋਲਿੰਗ ਕਮਰਿਆਂ, ਪੀਣ ਵਾਲੇ ਪਾਣੀ, ਟਾਇਲਟਾਂ ਅਤੇ ਹੋਰ **Assured Minimum Facilities (AMF)** ਦਾ ਨਿਰੀਖਣ ਕੀਤਾ ਅਤੇ ਸਾਰੀਆਂ ਲੋੜੀਂਦੀਆਂ ਸਹੂਲਤਾਂ ਨੂੰ ਨਿਰਧਾਰਤ ਮਿਆਰਾਂ ਅਨੁਸਾਰ ਯਕੀਨੀ ਬਣਾਉਣ ਲਈ ਹਦਾਇਤਾਂ ਦਿੱਤੀਆਂ ।ਸਪੈਸ਼ਲ ਇੰਟੈਂਸਿਵ ਰੀਵਿਜ਼ਨ-2026 ਤਹਿਤ ਬੂਥ ਲੈਵਲ ਅਫ਼ਸਰਾਂ ਵੱਲੋਂ ਲਗਾਏ ਗਏ ਕੈਂਪਾਂ ਦਾ ਵੀ ਨਿਰੀਖਣ ਕੀਤਾ ਗਿਆ। ਉਨ੍ਹਾਂ ਨੇ ਇਨਯੂਮੇਰੇਸ਼ਨ ਫਾਰਮਾਂ ਦੇ ਸੰਗ੍ਰਹਿ ਅਤੇ ਉਨ੍ਹਾਂ ਦੇ ਡਿਜੀਟਾਈਜ਼ੇਸ਼ਨ ਸਬੰਧੀ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ ਅਤੇ ਬੀ.ਐਲ.ਓਜ਼. ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਹਦਾਇਤ ਕੀਤੀ ਕਿ ਹਰ ਯੋਗ ਵੋਟਰ ਤੱਕ ਪਹੁੰਚ ਬਣਾਈ ਜਾਵੇ ਅਤੇ ਇਨਯੂਮੇਰੇਸ਼ਨ ਫਾਰਮਾਂ ਦੀ ਸਮੇਂ ਸਿਰ ਪ੍ਰਾਪਤੀ ਅਤੇ 100 ਫ਼ੀਸਦੀ ਡਿਜੀਟਾਈਜ਼ੇਸ਼ਨ ਨੂੰ ਯਕੀਨੀ ਬਣਾਇਆ ਜਾਵੇ ।ਸ੍ਰੀ ਰਾਕੇਸ਼ ਕੁਮਾਰ ਨੇ ਕਿਹਾ ਕਿ ਸਪੈਸ਼ਲ ਇੰਟੈਂਸਿਵ ਰੀਵਿਜ਼ਨ -2026 ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੇ ਸਮੂਹ ਚੋਣ ਅਧਿਕਾਰੀਆਂ ਅਤੇ ਬੂਥ ਲੈਵਲ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਘਰ-ਘਰ ਸੰਪਰਕ ਕਰਕੇ ਹਰ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਪੂਰੀ ਤਨਦੇਹੀ, ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਉਣ ।ਉਨ੍ਹਾਂ ਨੇ ਜ਼ਿਲ੍ਹਾ ਚੋਣ ਪ੍ਰਸ਼ਾਸਨ ਵੱਲੋਂ **SIR**-2026 ਤਹਿਤ ਕੀਤੇ ਜਾ ਰਹੇ ਕਾਰਜਾਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਾਰੇ ਕਾਰਜ ਸਮੇਂਬੱਧ ਢੰਗ ਨਾਲ ਮੁਕੰਮਲ ਕੀਤੇ ਜਾਣ ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਵੀ ਸ਼ੁੱਧ, ਸਹੀ ਅਤੇ ਭਰੋਸੇਯੋਗ ਬਣਾਇਆ ਜਾ ਸਕੇ।

## ਇੱਕ ਨਜ਼ਰ...



### ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਕੀਮ ਮੇਰੀ ਰਸੋਈ ਮੁਹਿੰਮ ਤਹਿਤ

# ਅਮਰਜੀਤ ਸਿੰਘ ਦੇ ਡੀਪੂ ਤੇ ਮੋਹਤਬਰਾਂ ਦੀ ਅਗਵਾਈ 'ਚ ਰਾਸ਼ਨ ਕਿੱਟਾਂ ਵੰਡੀਆਂ ਗਈਆਂ

ਜੰਡਿਆਲਾ ਗੁਰੂ, 14 ਜੁਲਾਈ ( ਕੁਲਵੰਤ ਸਿੰਘ ਵਿਰਦੀ ) – ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਕੀਮ ਮੇਰੀ ਰਸੋਈ ਮੁਹਿੰਮ ਤਹਿਤ ਲੋੜਵੰਦ ਪਰਿਵਾਰਾਂ ਨੂੰ ਅੱਜ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਪਿੰਡ ਤਾਰਾਗੜ੍ਹ ਵਿਖੇ ਸਥਿਤ ਡੀਪੂ ਨੰਬਰ 113 ਤੋਂ ਅਮਰਜੀਤ ਸਿੰਘ ਪੁੱਤਰ ਚਰਨ ਸਿੰਘ ਵੱਲੋਂ ਲਾਭਪਾਤਰੀ ਪਰਿਵਾਰਾਂ ਨੂੰ ਪਿੰਡ ਦੇ ਮੋਹਤਬਰ ਵਿਅਕਤੀ ਸਰਪੰਚ ਬੀਬੀ ਰਜਿੰਦਰ ਕੌਰ ਦੇ ਪਤੀ ਜਗਮੋਹਨ ਸਿੰਘ, ਹਰਪਾਲ ਸਿੰਘ ਬਿੱਟੂ ,ਦਵਿੰਦਰ ਸਿੰਘ, ਲਵਜਿੰਦਰ ਸਿੰਘ ,ਗੁਲਜਾਰ ਸਿੰਘ ਅਤੇ ਪਿੰਡ ਵਾਸੀਆਂ ਦੀ ਅਗਵਾਈ ਵਿੱਚ ਰਾਸ਼ਨ ਦੀਆਂ ਕਿੱਟਾਂ ਵੰਡਣ ਦੀ ਸੁਰੂਆਤ ਕੀਤੀ ਗਈ । ਇਸ ਮੌਕੇ ਡੀਪੂ ਹੋਲਡਰ ਅਮਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂਆਤ ਕੀਤੀ ਗਈ ਮੇਰੀ ਰਸੋਈ ਮੁਹਿੰਮ ਦਾ ਮੁੱਖ ਉਦੇਸ਼ ਲੋੜਵੰਦ ਪਰਿਵਾਰਾਂ ਤਕ ਖਾਣ-ਪੀਣ ਦੀਆਂ ਜ਼ਰੂਰੀ ਵਸਤੂਆਂ ਪਹੁੰਚਾਉਣਾ ਹੈ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਦੇ ਦਿਸ਼ਾ ਨਿਰਦੇਸ਼ ਹੇਠ ਹਰ ਵਰਗ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਸਹੂਲਤ ਲੈਣ ਪਹੁੰਚੇ ਲੋੜਵੰਦ ਪ੍ਰੀਵਾਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨਾਂ ਕਿਹਾ ਕਿ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਹਰ ਵਰਗ ਨੂੰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ । ਉਨ੍ਹਾਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਨਾਲ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲਦੀ ਹੈ ਅਤੇ ਗਰੀਬ ਵਰਗ ਦੇ ਲੋਕ ਇਸ ਸਹੂਲਤ ਪ੍ਰਾਪਤ ਕਰਕੇ ਸਰਕਾਰ ਦੀ ਸਲਾਘਾ ਕਰਦੇ ਵੇਖੇ ਗਏ । ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਸ੍ਰ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਹਲਕਾ ਜੰਡਿਆਲਾ ਗੁਰੂ ਅਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆ ਕਿਹਾ ਕਿ ਇਹ ਸਕੀਮ ਪੰਜਾਬ ਦੇ ਗਰੀਬ ਵਰਗ ਲੋੜਵੰਦ ਪ੍ਰੀਵਾਰਾਂ ਲਈ ਲਾਭਦਾਇਕ ਸਾਬਿਤ ਹੋਵੇਗੀ।

# ਮਾਨ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਪੰਜਾਬੀ ਦੁਬਾਰਾ ਬਣਾਉਣਗੇ ਸਰਕਾਰ: ਓਐਸਡੀ ਸੁਖਵੀਰ ਸਿੰਘ ਸੁੱਖੀ



ਧੂਰੀ, 14 ਜੁਲਾਈ ( ਰਣਜੀਤ ਸਿੰਘ ਪੇਧਨੀ )– ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਕਈ ਯੋਜਨਾਵਾਂ ਅਤੇ ਵਿਕਾਸ ਕਾਰਜ ਕੀਤੇ ਹਨ,ਸਰਕਾਰ ਦੇ ਕੰਮਾਂ ਨੂੰ ਮਿਲ ਰਹੇ ਲੋਕ ਸਮਰਥਨ ਦੇ ਆਧਾਰ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮੁੜ ਲੋਕਾਂ ਦਾ ਭਰੋਸਾ ਮਿਲੇਗਾ ਅਤੇ ਸਰਕਾਰ ਬਣੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਸਾਬਕਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਦੇ ਗ੍ਰਹਿ ਵਿਖੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 600 ਯੂਨਿਟ ਤੱਕ ਮੁਫਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ। ਜਿਸ ਨਾਲ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੂੰ ਰਾਹਤ ਮਿਲ ਰਹੀ ਹੈ। ਇਸ ਤੋਂ ਇਲਾਵਾ ਮੇਰੀ ਰਸੋਈ ਯੋਜਨਾ ਰਾਹੀ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾ ਦਿੱਤੀਆਂ ਜਾ ਰਹੀਆਂ ਹਨ । ਉਹਨਾਂ ਕਿਹਾ ਕਿ ਪਾਰਟੀ ਭਵਿੱਖ ਵਿੱਚ ਵੀ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨ ਲਈ ਵਚਨ ਵੱਧ ਰਹੇਗੀ। ਇਸ ਮੌਕੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਬਾਪੂ ਗੁਰਨਾਮ ਸਿੰਘ ਸਾਬਕਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ,ਠੇਕੇਦਾਰ ਆਸ਼ਰ ਬਨਿੰਗ ਗੋਇਲ ,ਠੇਕੇਦਾਰ ਰਾਜੇਸ਼ ਗੋਇਲ ਠੇਕੇਦਾਰ ਸੰਜੇ ਗਰਗ ਐਸਪੀ ਸਿੰਘ, ਨਪਿੰਦਰ ਸਿੰਘ ਕਾਂਝਲਾ ਹਾਜ਼ਰ ਸਨ।

# ਬਾਹਰਵੀਂ ਦੀ ਵਿਦਿਆਰਥਣ ਕ੍ਰਿਸ਼ਾ ਜੈਨ ਨੂੰ ਰਾਜਪਾਲ ਗੁਲਾਬ ਚੰਦ ਕਟਾਰੀਆ ਜੀ ਨੇ ਕੀਤਾ ਸਨਮਾਨਿਤ

ਜੰਡਿਆਲਾ ਗੁਰੂ 14 ਜੁਲਾਈ: ( ਕੁਲਵੰਤ ਸਿੰਘ ਵਿਰਦੀ ) ਸ਼ਹਿਰ ਦੀ ਹੋਣਹਾਰ ਵਿਦਿਆਰਥਣ ਕ੍ਰਿਸ਼ਾ



ਜੈਨ ਪੁੱਤਰੀ ਸ਼੍ਰੀ ਹੇਮਰ ਜੈਨ (ਬੰਟੀ) ਮੈਨੇਜਰ ਐਸ.ਏ. ਜੈਨ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਗੁਰੂ ਦੀ ਧੀ ਹੈ ਨੇ ਸੀਬੀਐਸਈ ਬਾਰ੍ਹਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ 99.2 ਫ਼ੀਸਦੀ ਅੰਕ ਹਾਸਲ ਕਰਕੇ ਨਾ ਸਿਰਫ਼ ਆਪਣੇ ਪਰਿਵਾਰ ਅਤੇ ਸਕੂਲ ਸਗੋਂ ਸਮੁੱਚੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਦੀ ਇਸ ਸ਼ਾਨਦਾਰ ਅਕਾਦਮਿਕ ਪ੍ਰਾਪਤੀ ਦੇ ਸਨਮਾਨ ਵਜੋਂ ਪੰਜਾਬ ਦੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਰਾਜ ਭਵਨ ਵਿੱਚ ਕ੍ਰਿਸ਼ਾ ਜੈਨ ਨੂੰ ਸਨਮਾਨਿਤ ਕੀਤਾ। ਰਾਜਪਾਲ ਨੇ ਕ੍ਰਿਸ਼ਾ ਦੀ ਮਿਹਨਤ, ਲਗਨ ਅਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕ੍ਰਿਸ਼ਾ ਜੈਨ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਨੂੰ ਦਿੰਦਿਆਂ ਕਿਹਾ ਕਿ ਨਿਰੰਤਰ ਮਿਹਨਤ ਸਮੇਂ ਦੀ ਕਦਰ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਹੀ ਇਸ ਪ੍ਰਾਪਤੀ ਦਾ ਆਧਾਰ ਰਹੀ। ਇਸ ਸਨਮਾਨ ਨਾਲ ਪਰਿਵਾਰ, ਸਕੂਲ ਅਤੇ ਸ਼ਹਿਰ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਵੱਖ-ਵੱਖ ਸਮਾਜਿਕ, ਸਿੱਖਿਆਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਕ੍ਰਿਸ਼ਾ ਜੈਨ ਅਤੇ ਉਸਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

# ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਨੇ ਧਾਰਿਆ ਰੈਲੀਆਂ ਦਾ ਰੂਪ ਉਮੜਿਆ ਜਨ-ਸੈਲਾਬ, ਲੋਕਾਂ ਵੱਲੋਂ ਭਰਵਾਂ ਹੁੰਗਾਰਾ

### ਹਲਕਾ ਜੰਡਿਆਲਾ ਗੁਰੂ ਦੇ ਲੋਕਾਂ ਵੱਲੋਂ ਦਿੱਤਾ ਗਿਆ ਪਿਆਰ, ਸਤਿਕਾਰ ਤੇ ਭਰੋਸਾ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ - ਹਰਭਜਨ ਸਿੰਘ ਈ.ਟੀ.ਓ.



ਜੰਡਿਆਲਾ ਗੁਰੂ 14 ਜੁਲਾਈ(ਕੁਲਵੰਤ ਸਿੰਘ ਵਿਰਦੀ ) – ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਲਕੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕਰਨ ਦੇ ਮੰਤਵ ਨਾਲ ਰੋਜ਼ਾਨਾ ਲੋਕ ਮਿਲਣੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਹਲਕੇ ਦੇ ਪਿੰਡ ਗਦਲੀ, ਰਾਣਾ ਕਾਲਾ, ਜੱਬੋਵਾਲ, ਸੂਰੋ ਪੱਡਾ, ਚੂੰਗ, ਮਹਿਤਾ ਚੌਂਕ ਅਤੇ ਬੁੱਟਰ ਖੁਰਦ ਵਿਖੇ ਲੋਕ ਮਿਲਣੀਆਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਲੋਕ ਮਿਲਣੀਆਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਪਿੰਡ ਪੱਧਰ ਦੀਆਂ ਇਹ ਮੀਟਿੰਗਾਂ ਲੋਕਾਂ ਦੇ ਭਾਰੀ ਉਤਸ਼ਾਹ ਅਤੇ ਭਰਵੇਂ ਇਕੱਠ ਕਾਰਨ ਰੈਲੀਆਂ ਦਾ ਰੂਪ ਧਾਰ ਗਈਆਂ। ਲੋਕਾਂ ਨੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦਾ ਭਰਪੂਰ ਸਵਾਗਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਦਿੱਤਾ ਗਿਆ ਪਿਆਰ, ਸਤਿਕਾਰ ਅਤੇ ਭਰੋਸਾ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਕਰਨਾ ਅਤੇ ਹਰ ਪਰਿਵਾਰ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਹਲਕਾ ਜੰਡਿਆਲਾ ਗੁਰੂ ਵਿੱਚ ਵੀ ਇਨ੍ਹਾਂ ਖੇਤਰਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਇਨ੍ਹਾਂ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਚੋਣ ਵਾਅਦਿਆਂ ਅਤੇ ਗਰੰਟੀਆਂ ਨੂੰ ਪੂਰਾ ਕਰਨ ਲਈ ਇਮਾਨਦਾਰੀ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦੌਰਾਨ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਮਰਥਨ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਪਹਿਲਾਂ ਨਾਲੋਂ ਵੀ ਵੱਡੀ ਜਿੱਤ ਹਾਸਲ ਕਰੇਗੀ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਪੰਜਾਬ ਸਰਕਾਰ ਦੀ ਕਾਰਜ-ਸ਼ੈਲੀ ਦਾ ਅਹਿਮ ਹਿੱਸਾ ਹੈ ਅਤੇ ਇਹ ਲੋਕ ਮਿਲਣੀਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ।ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਢੀ ,ਸਾਬਕਾ ਚੇਅਰਮੈਨ ਸਨਾਖ ਸਿੰਘ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ!

# ਨਹੀਂ ਰਹੇ ਪ੍ਰਸਿੱਧ ਪੰਜਾਬੀ ਵਿਦਵਾਨ ਅਤੇ ਸਾਬਕਾ ਚੇਅਰਪਰਸਨ ਡਾ. ਇਕਬਾਲ ਕੌਰ ਸੌਂਧ

### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਦੁੱਖ ਸਾਂਝਾ ਕੀਤਾ

ਬਾਬਾ ਬਕਾਲਾ ਸਾਹਿਬ 14 ਜਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ ) ਪੰਜਾਬੀ ਵਿਦਵਾਨ ਡਾ. ਇਕਬਾਲ ਕੌਰ ਸੌਂਦ



(ਸਾਬਕਾ ਚੇਅਰਪਰਸਨ ਭਗਤ ਨਾਮਦੇਵ ਚੇਅਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ) ਦਾ ਅੱਜ ਦੇਹਾਂਤ ਹੋ ਗਿਆ । ਉਨਓ ਦੀ ਮੌਤ ਤੇ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ । ਡਾ. ਸੌਂਧ ਦੇ ਜਾਣ ਨਾਲ ਲੋਕ ਧਾਰਾ ਖੋਜ, ਉੱਚਤਮ ਸੰਪਾਦਨ ਤੇ ਵਿਰਾਸਤ ਦੀ ਪਹਿਰੇਦਾਰੀ ਨੂੰ ਵੱਡਾ ਘਾਟਾ ਪਿਆ ਹੈ । ਉਨ੍ਹਾਂ ਦੀ ਦੇਸ਼ ਵੰਡ ਨਾਲ ਸੰਬੰਧਿਤ ਕਹਾਣੀਆਂ ਦਾ ਸੰਗ੍ਰਹਿ "ਬੰਦ ਬੂਹੇ ਦੀ ਹੂਕ" ਦਰਦਾਂ ਵਿੰਨੀ ਦਾਸਤਾਨ ਹੈ । ਖੋਜ ਕਾਰਜ ਤੋਂ ਇਲਾਵਾ ਉਨ੍ਹਾਂ ਨੇ ਕੁਝ ਕਵਿਤਾਵਾਂ ਵੀ ਲਿਖੀਆਂ ਜੋ ਸੰਗ੍ਰਹਿ ਰੂਪ ਵਿੱਚ ਕੁਝ ਸਮਾਂ ਪਹਿਲਾਂ ਪ੍ਰਕਾਸ਼ਨ ਅਧੀਨ ਸਨ । ਅਗਾਂਹਵਧੂ ਸੋਚ ਨੂੰ ਪਰਨਾਏ ਡਾ. ਇਕਬਾਲ ਕੌਰ ਸੌਂਦ ਜੀਵਨ ਭਰ ਇਸਤਰੀ ਹੱਕਾਂ ਦੀ ਸਲਾਮਤੀ ਅਤੇ ਆਵਾਜ਼ ਬਣ ਕੇ ਡਟੇ ਰਹੇ । 1947 ਦੀ ਭਿਆਨਕ ਦੇਸ਼ ਵੰਡ ਦੀ ਮੌਕੇ ਆਪਣਿਆਂ ਹੱਥੋਂ ਹੀ ਕਤਲ ਹੋਏ,ਦੇਸ਼ ਭਗਤ ਕਾ. ਗਹਿਲ ਸਿੰਘ ਛੱਜਲਵੱਡੀ ਦੀ ਉਹ ਧੀ ਸਨ । ਬਾਪੂ ਜੀ ਦੀ ਯਾਦ ਵਿੱਚ ਉਹ ਹਰ ਸਾਲ ਛੱਜਲਵੱਡੀ (ਤਹਿਸੀਲ ਬਾਬਾ ਬਕਾਲਾ ਸਾਹਿਬ) ਵਿੱਚ ਸਾਲਾਨਾ ਸਮਾਗਮ ਵੀ ਕਰਵਾਉਂਦੇ ਸਨ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਉਨ੍ਹਾਂ ਨੂੰ ਸਭਾ ਦੇ ਬਾਨੀ ਸਰਪ੍ਰਸਤ ਮਰਹੂਮ ਪ੍ਰਿਥੀਪਾਲ ਸਿੰਘ ਅਠੌਲ਼ਾ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ । ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਵਾਲਿਆਂ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਸੀ: ਮੀਤ ਪ੍ਰਧਾਨ ਮੱਖਣ ਕੁਹਾੜ, ਜਨਰਲਸ ਕੱਤਰ ਸ਼ੁਸ਼ੀਲ ਦੁਸਾਂਝ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਸਕੱਤਰ ਸੁਰਿੰਦਰਪਾਲ ਸਿੰਘ ਘਣੀਆ , ਬਲਵਿੰਦਰ ਸਿੰਘ ਸੰਧੂ, ਦਲਜੀਤ ਸਿੰਘ ਸ਼ਾਹੀ, ਮੂਲ ਚੰਦ ਸ਼ਰਮਾ, ਡਾ. ਸ਼ਿੰਦਰਪਾਲ ਸਿੰਘ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਡਾ: ਪਰਮਜੀਤ ਸਿੰਘ ਬਾਠ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ, ਮਹਿਲਾ ਵਿੰਗ ਦੇ ਪ੍ਰਧਾਨ ਸੁਖਵੰਤ ਕੌਰ ਵਸੀ, ਜਤਿੰਦਰ ਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆ, ਗੁਰਮੀਤ ਕੌਰ ਬੱਲ ਨੇ ਵੀ ਡੂੰਘੇ ਦੁਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਕ ਨੇਕ ਤੇ ਵੱਡੀ ਹਸਤੀ ਮਹਿਰੂਮ ਹੋ ਗਏ ਹਾਂ । ਉਨ੍ਹਾਂ ਦਾ ਅੰਤਿਮ ਸੰਸਕਾਰ 15 ਜੁਲਾਈ ਨੂੰ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਨੇੜਲੇ ਸ਼ਮਸ਼ਾਨ ਘਾਟ, ਅੰਮ੍ਰਿਤਸਰ ਵਿੱਚ ਕੀਤਾ ਜਾਵੇਗਾ।

# ਇਤਿਹਾਸਕ ਸ਼ਹਿਰ ਤਲਵੰਡੀ ਸਾਬੋ ਵਿੱਚ ਨਸ਼ੇ ਦੀ ਓਵਰਡੋਜ਼ ਕਾਰਨ ਨੌਜਵਾਨ ਦੀ ਮੌਤ, ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ

ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)– ਇਤਿਹਾਸਕ ਸ਼ਹਿਰ ਤਲਵੰਡੀ ਸਾਬੋ ਵਿੱਚ ਨਸ਼ਿਆਂ ਦੇ ਵੱਧ ਰਹੇ ਪ੍ਰਭਾਵ ਨੇ ਇੱਕ ਹੋਰ ਪਰਿਵਾਰ ਨੂੰ ਗਹਿਰੇ ਸੋਗ ਵਿੱਚ ਧੱਕ ਦਿੱਤਾ।ਵਾਰਡ ਨੰਬਰ 9 ਦੇ ਰਹਿਣ ਵਾਲੇ 24 ਸਾਲਾ ਆਕਾਸ਼ਦੀਪ ਸਿੰਘ ਪੁੱਤਰ ਸੌਦਾਗਰ ਸਿੰਘ ਦੀ ਕਥਿਤ ਤੌਰ 'ਤੇ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ।ਪਰਿਵਾਰਕ ਮੈਂਬਰਾਂ ਅਨੁਸਾਰ



ਆਕਾਸ਼ਦੀਪ ਨੇ ਘਰ ਵਿੱਚ ਹੀ ਨਸ਼ੀਲਾ ਟੀਕਾ ਲਗਾਇਆ, ਜਿਸ ਤੋਂ ਬਾਅਦ ਉਸ ਦੀ ਹਾਲਤ ਵਿਗੜ ਗਈ ਅਤੇ ਉਸ ਦੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਪਰਿਵਾਰ ਵਿੱਚ ਸੋਗ ਦੀ ਲਹਿਰ ਹੈ। ਮ੍ਰਿਤਕ ਦੀ ਮਾਤਾ ਸੁਖਜੀਤ ਕੌਰ, ਪਿਤਾ ਸੌਦਾਗਰ ਸਿੰਘ ਅਤੇ ਸ਼ਹਿਰ ਦੇ ਸਾਬਕਾ ਵਾਈਸ ਪ੍ਰਧਾਨ ਹਰਬੰਸ ਸਿੰਘ ਨੇ ਦੋਸ਼ ਲਗਾਇਆ ਕਿ ਤਲਵੰਡੀ ਸਾਬੋ ਵਿੱਚ ਨਸ਼ਿਆਂ ਦੀ ਵਿਕਰੀ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਨਹੀਂ ਲੱਗ ਰਹੀ, ਜਿਸ ਕਾਰਨ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ 'ਤੇ ਸਮੇਂ ਸਿਰ ਸਖ਼ਤ ਕਾਰਵਾਈ ਕੀਤੀ ਜਾਂਦੀ ਤਾਂ ਸ਼ਾਇਦ ਇਹ ਦੁਖਦਾਈ ਘਟਨਾ ਨਾ ਵਾਪਰਦੀ। ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਨਸ਼ਿਆਂ ਖ਼ਿਲਾਫ਼ ਹੋਰ ਸਖ਼ਤ ਅਤੇ ਪ੍ਰਭਾਵਸ਼ਾਲੀ ਮੁਹਿੰਮ ਚਲਾਉਣ ਦੀ ਮੰਗ ਕੀਤੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮ੍ਰਿਤਕ ਦਾ ਪਿਤਾ ਲੰਬੇ ਸਮੇਂ ਤੋਂ ਬਿਮਾਰ ਰਹਿੰਦਾ ਹੈ ਅਤੇ ਘਰ ਦੀ ਆਰਥਿਕ ਜ਼ਿੰਮੇਵਾਰੀ ਮੁੱਖ ਤੌਰ 'ਤੇ ਮਾਤਾ ਸੁਖਜੀਤ ਕੌਰ ਦਿਹਾੜੀ-ਮਜ਼ਦੂਰੀ ਕਰਕੇ ਨਿਭਾ ਰਹੀ ਸੀ। ਉਨ੍ਹਾਂ ਨੇ ਬੜੀ ਮੁਸ਼ਕਲ ਨਾਲ ਆਪਣੇ ਬੱਚਿਆਂ ਦੀ ਪਰਵਰਿਸ਼ ਕੀਤੀ ਸੀ, ਪਰ ਹੁਣ ਜਵਾਨ ਪੁੱਤਰ ਦੀ ਮੌਤ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਇਸ ਮਾਮਲੇ ਸਬੰਧੀ ਜਦੋਂ ਥਾਣਾ ਤਲਵੰਡੀ ਸਾਬੋ ਦੇ ਮੁਖੀ ਅਮਰੀਕ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਮੁੱਢਲੀ ਜਾਣਕਾਰੀ ਅਨੁਸਾਰ ਨੌਜਵਾਨ ਨੇ ਨਸ਼ੀਲੀਆਂ ਗੋਲੀਆਂ ਨੂੰ ਘੋਲ ਕੇ ਟੀਕਾ ਲਗਾਇਆ ਸੀ, ਜਿਸ ਕਾਰਨ ਉਸ ਦੀ ਮੌਤ ਹੋਈ।ਉਨ੍ਹਾਂ ਕਿਹਾ ਕਿ ਹਾਲੇ ਤੱਕ ਪੁਲਿਸ ਨੂੰ ਹਸਪਤਾਲ ਵੱਲੋਂ ਅਧਿਕਾਰਕ ਰਿਪੋਰਟ (ਰੁੱਕਾ) ਪ੍ਰਾਪਤ ਨਹੀਂ ਹੋਈ।ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਕਾਨੂੰਨੀ ਕਾਰਵਾਈ ਰਿਪੋਰਟ ਮਿਲਣ ਉਪਰੰਤ ਕੀਤੀ ਜਾਵੇਗੀ। ਥਾਣਾ ਮੁਖੀ ਨੇ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਪੁਲਿਸ ਵੱਲੋਂ ਸਮੇਂ-ਸਮੇਂ 'ਤੇ ਸਰਚ ਅਭਿਆਨ ਅਤੇ ਛਾਪੇਮਾਰੀ ਕੀਤੀ ਜਾਂਦੀ ਹੈ ਅਤੇ ਭਵਿੱਖ ਵਿੱਚ ਵੀ ਇਹ ਕਾਰਵਾਈ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਨਸ਼ਿਆਂ ਦੇ ਕਾਰੋਬਾਰ 'ਤੇ ਨਕੇਲ ਕਸੀ ਜਾ ਸਕੇ।

# ਇੱਕ ਨਜ਼ਰ...



## ਭਾਰਤ ਟੈਕਸ-2026 ’ਚ ਪੰਜਾਬ ਦੀ ਧਾਕ, ਅਮਨ ਅਰੋੜਾ ਨੇ ਨਿਵੇਸ਼ਕਾਂ ਨੂੰ ਦਿੱਤਾ ਸੱਦਾ

ਨਵੀਂ ਦਿੱਲੀ 14 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਨਵੀਂ ਦਿੱਲੀ ਵਿਖੇ ਭਾਰਤ ਟੈਕਸ-2026 ਦੌਰਾਨ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਸੂਬੇ ਨੂੰ 75 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਨੂੰ ਭਾਰਤ ਦੇ ਅਗੇਤੀ ਟੈਕਸਟਾਈਲ ਹੱਬ ਵਜੋਂ ਵਿਕਸਤ ਕਰਨ ਲਈ ਸਰਕਾਰ ਨੇ ਅਪੈਰਲ, ਟੈਕਨੀਕਲ ਟੈਕਸਟਾਈਲ, ਕਤਾਈ-ਬੁਣਾਈ ਅਤੇ ਰੰਗਾਈ-ਫਿਨਿਸ਼ਿੰਗ ਨਾਲ ਸਬੰਧਤ ਤਿੰਨ ਵਿਸ਼ੇਸ਼ ਨੀਤੀਆਂ ਲਾਗੂ ਕੀਤੀਆਂ ਹਨ। ਨਿਵੇਸ਼ਕਾਂ ਲਈ ਪੂੰਜੀ ਸਬਸਿਡੀ, ਐਸਜੀਐਸਟੀ ਰਿਇੰਬਰਸਮੈਂਟ ਅਤੇ ਹੋਰ ਆਕਰਸ਼ਕ ਪ੍ਰੋਤਸਾਹਨਾਂ ਦਾ ਵੀ ਐਲਾਨ ਕੀਤਾ ਗਿਆ ਹੈ। ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਐਸ.ਏ.ਐਸ. ਨਗਰ ਵਰਗੇ ਉਦਯੋਗਿਕ ਕਲੱਸਟਰ ਟੈਕਸਟਾਈਲ ਖੇਤਰ ਨੂੰ ਮਜ਼ਬੂਤ ਆਧਾਰ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸੂਬਾ ਹੁਣ ਰਵਾਇਤੀ ਟੈਕਸਟਾਈਲ ਦੇ ਨਾਲ-ਨਾਲ ਟੈਕਨੀਕਲ ਟੈਕਸਟਾਈਲ, ਮੈਡੀਟੈਕ, ਸਪੋਰਟਟੈਕ ਅਤੇ ਐਗਰੀਟੈਕ ਵਰਗੇ ਉਭਰਦੇ ਖੇਤਰਾਂ ਵਿੱਚ ਵੀ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ, ਜਿਸ ਨਾਲ ਪੰਜਾਬ ਵਿਸ਼ਵ ਪੱਧਰ ’ਤੇ ਮੁਕਾਬਲੇ ਲਈ ਤਿਆਰ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮਜ਼ਬੂਤ ਉਦਯੋਗਿਕ ਢਾਂਚਾ, ਭਰੋਸੇਯੋਗ ਬਿਜਲੀ, ਆਧੁਨਿਕ ਲੌਜਿਸਟਿਕਸ, ਰਾਈਟ ਟੂ ਬਿਜ਼ਨਸ ਐਕਟ ਅਤੇ ਫਾਸਟਟ੍ਰੈਕ ਪੰਜਾਬ ਪੋਰਟਲ ਰਾਹੀਂ ਮਿਲ ਰਹੀਆਂ ਤੇਜ਼ ਪ੍ਰਵਾਨਗੀਆਂ ਪੰਜਾਬ ਨੂੰ ਟੈਕਸਟਾਈਲ ਨਿਵੇਸ਼ ਲਈ ਆਦਰਸ਼ ਮੰਜ਼ਿਲ ਬਣਾਉਂਦੀਆਂ ਹਨ।

## ਪੱਤਰਕਾਰ ਨੂੰ ਧਮਕੀ ਮਾਮਲੇ ਵਿੱਚ ਐਸ ਐਚ ਓ ਨੇ ਮਸਲਾ ਹੱਲ ਕਰਵਾਇਆ



ਜੰਡਿਆਲਾ ਗੁਰੂ 14 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ ਨੂੰ ਖ਼ਬਰ ਨਾ ਲਗਾਉਣ ਸਬੰਧੀ ਦਿੱਤੀ ਧਮਕੀ ਮਾਮਲੇ ਵਿਚ ਜੰਡਿਆਲਾ ਪ੍ਰੈਸ ਕਲੱਬ ਵਲੋਂ ਪੁਲਿਸ ਨੂੰ ਦਿੱਤੀ ਦਰਖਾਸਤ ਤੋਂ ਬਾਅਦ ਐਸ ਐਚ ਉ ਹਰਪਾਲ ਸਿੰਘ ਵਲੋ ਦੋਹਾਂ ਧਿਰਾਂ ਨੂੰ ਬਿਠਾਕੇ ਬੜੀ ਸੂਝਬੂਝ ਨਾਲ ਮਸਲੇ ਨੂੰ ਹਲ ਕਰਵਾ ਦਿੱਤਾ ਗਿਆ ਹੈ । ਧਮਕੀ ਦੇਣ ਵਾਲੇ ਕਪਿਲ ਦੇਵ ਨੇ ਪੱਤਰਕਾਰ ਭਾਈਚਾਰੇ ਸਾਹਮਣੇ ਆਪਣੀ ਗਲਤੀ ਦਾ ਅਹਿਸਾਸ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਪੱਤਰਕਾਰ ਭਾਈਚਾਰੇ ਦਾ ਸਤਿਕਾਰ ਕਰਨਗੇ । ਪੁਲਿਸ ਸਟੇਸ਼ਨ ਪਹੁੰਚੇ ਪੱਤਰਕਾਰ ਭਾਈਚਾਰੇ ਵਿੱਚ ਚੇਅਰਮੈਨ ਸੁਨੀਲ ਦੇਵਗਨ ਪੀ ਟੀ ਸੀ , ਮੀਤ ਪ੍ਰਧਾਨ ਹਰਿੰਦਰਪਾਲ ਸਿੰਘ, ਸਕੱਤਰ ਵਰੁਣ ਸੋਨੀ, ਜਗਜੀਤ ਸਿੰਘ ਆਦਿ ਮੌਜੂਦ ਸਨ ।

## ਸੁੱਤੇ ਪਰਿਵਾਰ ’ਤੇ ਡਿੱਗੀ ਛੱਤ, ਮਾਂ-ਪੁੱਤਰ ਦੀ ਮੌਤ, ਦੋ ਧੀਆਂ ਗੰਭੀਰ ਜ਼ਖ਼ਮੀ

ਤਲਵੰਡੀ ਸਾਬੋ, 14 ਜੁਲਾਈ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਸ਼ਹਿਰ ਵਿੱਚ ਸੋਮਵਾਰ ਦੇਰ ਰਾਤ ਇੱਕ ਦਰਦਨਾਕ ਹਾਦਸੇ ਨੇ ਪੂਰੇ ਇਲਾਕੇ ਨੂੰ ਸੋਗ ਵਿੱਚ ਡੁੱਬੋ ਦਿੱਤਾ। ਇੱਕ ਗਰੀਬ ਪਰਿਵਾਰ ਦੇ ਮਕਾਨ ਦੀ ਛੱਤ ਅਚਾਨਕ ਡਿੱਗਣ ਕਾਰਨ ਮਾਂ ਅਤੇ ਪੁੱਤਰ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਦੋ ਧੀਆਂ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈਆਂ। ਮ੍ਰਿਤਕਾਂ ਦੀ ਪਛਾਣ ਵੀਰਪਾਲ ਕੌਰ ਅਤੇ ਉਸ ਦੇ ਪੁੱਤਰ ਅਰਸ਼ਦੀਪ ਸਿੰਘ ਵਜੋਂ ਹੋਈ ਹੈ। ਜ਼ਖ਼ਮੀ ਲੜਕੀਆਂ ਸੁਮਨਪ੍ਰੀਤ ਕੌਰ ਅਤੇ ਖੁਸ਼ਪ੍ਰੀਤ ਕੌਰ ਨੂੰ ਪਹਿਲਾਂ ਸਿਵਲ ਹਸਪਤਾਲ ਤਲਵੰਡੀ ਸਾਬੋ ਲਿਜਾਇਆ ਗਿਆ, ਜਿੱਥੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਨ੍ਹਾਂ ਨੂੰ ਏਮਜ਼ ਬਠਿੰਡਾ ਰੈਫਰ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਰਾਤ ਕਰੀਬ 11 ਵਜੇ ਪਰਿਵਾਰ ਦੇ ਚਾਰ ਮੈਂਬਰ ਮਕਾਨ ਅੰਦਰ ਸੁੱਤੇ ਹੋਏ ਸਨ, ਜਦਕਿ ਪਰਿਵਾਰ ਦਾ ਮੁਖੀ ਧਰਮ ਸਿੰਘ ਉਰਫ਼ ਕਾਲਾ ਸਿੰਘ ਵਿਹੜੇ ਵਿੱਚ ਸੁੱਤਾ ਹੋਇਆ ਸੀ। ਇਸ ਦੌਰਾਨ ਮਕਾਨ ਦੀ ਛੱਤ ਅਚਾਨਕ ਡਿੱਗ ਪਈ। ਆਵਾਜ਼ ਸੁਣ ਕੇ ਆਲੇ-ਦੁਆਲੇ ਦੇ ਲੋਕ ਮੌਕੇ ’ਤੇ ਪਹੁੰਚੇ ਅਤੇ ਮਲਬੇ ਹੇਠ ਦੱਬੇ ਪਰਿਵਾਰਕ ਮੈਂਬਰਾਂ ਨੂੰ ਬਾਹਰ ਕੱਢਿਆ। ਸਿਵਲ ਹਸਪਤਾਲ ਵਿੱਚ ਡਾਕਟਰਾਂ ਨੇ ਮਾਂ ਅਤੇ ਪੁੱਤਰ ਨੂੰ ਮ੍ਰਿਤਕ ਐਲਾਨ ਦਿੱਤਾ, ਜਦਕਿ ਦੋਵੇਂ ਧੀਆਂ ਦਾ ਇਲਾਜ ਏਮਜ਼ ਬਠਿੰਡਾ ਵਿੱਚ ਜਾਰੀ ਹੈ। ਪਰਿਵਾਰਕ ਮੈਂਬਰਾਂ ਅਨੁਸਾਰ ਜ਼ਖ਼ਮੀ ਲੜਕੀ ਸੁਮਨਪ੍ਰੀਤ ਕੌਰ ਪੜ੍ਹਾਈ ਵਿੱਚ ਬਹੁਤ ਹੋਣਹਾਰ ਹੈ ਅਤੇ ਪਿਛਲੇ ਸਾਲ ਦਸਵੀਂ ਜਮਾਤ ਦੀ ਪੰਜਾਬ ਮੈਰਿਟ ਸੂਚੀ ਵਿੱਚ ਵੀ ਆਪਣਾ ਸਥਾਨ ਬਣਾਉਣ ਵਿੱਚ ਸਫਲ ਰਹੀ ਸੀ। ਇਸ ਦੁਖਦਾਈ ਘਟਨਾ ਨਾਲ ਤਲਵੰਡੀ ਸਾਬੋ ਸ਼ਹਿਰ ਵਿੱਚ ਸੋਗ ਦੀ ਲਹਿਰ ਹੈ। ਮ੍ਰਿਤਕ ਮਾਂ-ਪੁੱਤਰ ਦੇ ਅੰਤਿਮ ਸੰਸਕਾਰ ਦੀਆਂ ਤਿਆਰੀਆਂ ਕੀਤੀਆਂ ਜਾ

# ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਨੂੰ ਭਾਰੀ ਸਦਮਾ, ਵੱਡੇ ਭਰਾ ਸਰਦਾਰ ਮੋਹਨ ਸਿੰਘ ਬੱਲ ਦਾ ਕੈਨੇਡਾ ਵਿੱਚ ਅਚਾਨਕ ਦਿਹਾਂਤ



ਭਾਈ ਪਰਮਿੰਦਰ ਸਿੰਘ ਬੱਲ ਅਤੇ ਭਾਈ ਮੋਹਣ ਸਿੰਘ ਬੱਲ ਦੀ 1981 ਵੇਲੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਮਿਲਣ ਸਮੇਂ ਦੀ ਇਕ ਯਾਦਗਰੀ ਤਸਵੀਰ

ਇੰਗਲੈਂਡ ਦੀ ਪ੍ਰਮੁੱਖ ਪੰਥਕ ਜਥੇਬੰਦੀ ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਵੱਡੇ ਭਰਾ ਸਰਦਾਰ ਮੋਹਨ ਸਿੰਘ ਬੱਲ, ਜੋ ਲੰਮੇ ਸਮੇਂ ਤੋਂ ਕੈਨੇਡਾ ਵਿੱਚ ਸਥਾਈ ਤੌਰ ’ਤੇ ਰਹਿ ਰਹੇ ਸਨ, ਦਾ ਅਚਾਨਕ ਦਿਹਾਂਤ ਹੋ ਗਿਆ। ਸਰਦਾਰ ਮੋਹਨ ਸਿੰਘ ਬੱਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਕਰੀਬੀ ਸਾਥੀਆਂ ਵਿੱਚੋਂ ਇੱਕ ਸਨ ਅਤੇ ਉਨ੍ਹਾਂ ਨਾਲ ਉਨ੍ਹਾਂ ਦੇ ਬਹੁਤ ਹੀ ਨਿੱਘੇ ਅਤੇ ਸਤਿਕਾਰ ਭਰੇ ਸਬੰਧ ਰਹੇ। ਉਨ੍ਹਾਂ ਦੇ ਅਚਾਨਕ ਅਕਾਲ ਚਲਾਣੇ ਦੀ ਖ਼ਬਰ ਨਾਲ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਪੰਥਕ ਹਲਕਿਆਂ ਵਿੱਚ ਡੂੰਘੇ ਸੋਗ ਦੀ ਲਹਿਰ ਦੌੜ ਗਈ ਹੈ। ਇੰਟਰਨੈਸ਼ਨਲ ਪੰਥਕ ਦਲ ਅਤੇ ਅਦਾਰਾ ਆਵਾਜ਼-ਏ-ਕੌਮ ਵੱਲੋਂ ਸਰਦਾਰ ਮੋਹਨ ਸਿੰਘ ਬੱਲ ਦੇ ਅਕਾਲ ਚਲਾਣੇ ’ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇਸ ਦੁੱਖ ਦੀ ਘੜੀ ਵਿੱਚ ਅਸੀਂ ਭਾਈ ਪਰਮਿੰਦਰ ਸਿੰਘ ਬੱਲ ਅਤੇ ਸਮੂਹ ਬੱਲ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹਾਂ ਅਤੇ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਿਛੜੀ ਹੋਈ ਨੇਕ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖ਼ਸ਼ਣ ਅਤੇ ਸਮੂਹ ਪਰਿਵਾਰ ਨੂੰ ਇਹ ਅਸਹਿ ਵਿਛੋੜਾ ਸਹਿਣ ਦਾ ਬਲ, ਧੀਰਜ ਅਤੇ ਚੜ੍ਹਦੀ ਕਲਾ ਬਖ਼ਸ਼ਣ।

# ਔਰਤ ਔਰਤ ਦੀ ਦੁਸ਼ਮਣ ਕਿਉਂ ? ਮਰਦ ਦਾ ਮਾਪਿਆਂ ਪ੍ਰਤੀ ਫ਼ਰਜ਼ ਕਿੱਥੇ ਖੜ੍ਹਾ ਹੈ ?



ਗੁਰੂ ਸਾਹਿਬਾਨ ਨੇ ਔਰਤ ਨੂੰ ਬਹੁਤ ਉੱਚਾ ਰੁਤਬਾ ਦਿੱਤਾ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਫ਼ਰਮਾਇਆ “ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ।” ਗੁਰੂ ਸਾਹਿਬਾਨ ਨੇ ਔਰਤ ਨੂੰ ਸਮਾਜ ਵਿੱਚ ਬਰਾਬਰ ਦਾ ਦਰਜਾ ਦਿੱਤਾ, ਸਤੀ ਪ੍ਰਥਾ ਵਰਗੀਆਂ ਕੁਰੀਤੀਆਂ ਦਾ ਵਿਰੋਧ ਕੀਤਾ, ਧੀ ਨੂੰ ਮਾਣ-ਸਨਮਾਨ ਦਿੱਤਾ ਅਤੇ ਗਰਭ ਵਿੱਚ ਧੀ ਦੀ ਹੱਤਿਆ ਵਰਗੇ ਪਾਪ ਦੀ ਸਖ਼ਤ ਨਿੰਦਾ ਕੀਤੀ ਪਰ ਅੱਜ ਵੀ ਕਈ ਘਰਾਂ ਵਿੱਚ ਇਹ ਗੱਲਾਂ ਸੁਣਨ ਨੂੰ ਮਿਲਦੀਆਂ ਹਨ “ਨੂੰਹ ਸਾਡੀ ਗੱਲ ਨਹੀਂ ਮੰਨਦੀ”, “ਮੁੰਡਾ ਵੱਸ ਵਿੱਚ ਕਰ ਲਿਆ”, “ਹੁਣ ਪੁੱਤ ਸਾਡੀ ਨਹੀਂ ਸੁਣਦਾ।” ਪਰ ਸਵਾਲ ਇਹ ਹੈ ਕਿ ਕੀ ਸਿਰਫ਼ ਔਰਤ ਹੀ ਔਰਤ ਦੀ ਦੁਸ਼ਮਣ ਹੈ, ਜਾਂ ਇਸ ਸਥਿਤੀ ਵਿੱਚ ਮਰਦ ਦੀ ਵੀ ਕੋਈ ਜ਼ਿੰਮੇਵਾਰੀ ਬਣਦੀ ਹੈ ? ਅੱਜ ਦੀ ਸੱਸ ਕਦੇ ਕਿਸੇ ਦੀ ਨੂੰਹ ਸੀ ਜੇ ਉਸ ਨੇ ਆਪਣੇ ਸਮੇਂ ਦੇ ਦੁੱਖ ਹੀ ਅੱਗੇ ਆਪਣੀ ਨੂੰਹ ਨੂੰ ਦੇ ਦਿੱਤੇ, ਤਾਂ ਇਹ ਸਿਲਸਿਲਾ ਕਦੇ ਨਹੀਂ ਮੁੱਕੇਗਾ। ਇਸੇ ਤਰ੍ਹਾਂ ਜੇ ਨੂੰਹ ਆਪਣੀ ਸੱਸ ਨੂੰ ਸਿਰਫ਼ ਇੱਕ ਰੁਕਾਵਟ ਸਮਝੇਗੀ, ਤਾਂ ਉਹ ਵੀ ਇੱਕ ਦਿਨ ਉਸੇ ਸਥਿਤੀ ਵਿੱਚ ਖੜ੍ਹੀ ਹੋਵੇਗੀ। ਇਹ ਵੀ ਇੱਕ ਹਕੀਕਤ ਹੈ ਕਿ ਇੱਕ ਔਰਤ ਆਪਣੀ ਬੁਜ਼ੁਰਗ ਮਾਂ ਦਾ ਪੂਰਾ ਸਤਿਕਾਰ ਕਰਦੀ ਹੈ। ਉਸ ਦੀ ਸੇਵਾ ਨੂੰ ਆਪਣਾ ਫ਼ਰਜ਼ ਮੰਨਦੀ ਹੈ ਪਰ ਜਦੋਂ ਉਹੀ ਉਮਰ ਉਸ ਦੀ ਸੱਸ ਦੀ ਹੁੰਦੀ ਹੈ, ਤਾਂ ਕਈ ਘਰਾਂ ਵਿੱਚ ਉਸ ਨਾਲ ਅਣਦੇਖੀ, ਤਾਨੇ ਜਾਂ ਦੁਰਵਿਵਹਾਰ ਦੇ ਮਾਮਲੇ ਵੀ ਸਾਹਮਣੇ ਆਉਂਦੇ ਹਨ। ਦੋਵੇਂ ਹੀ ਤਾਂ ਕਿਸੇ ਦੀਆਂ ਮਾਵਾਂ ਹਨ, ਫਿਰ ਇੱਕ ਲਈ ਪਿਆਰ ਅਤੇ ਦੂਜੀ ਲਈ ਤਿਰਸਕਾਰ ਕਿਉਂ ? ਇੱਥੇ ਮਰਦ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ ਜੇ ਉਹ ਆਪਣੀ ਪਤਨੀ ਅਤੇ ਆਪਣੇ ਮਾਪਿਆਂ ਵਿਚਕਾਰ ਸੰਤੁਲਨ ਬਣਾਉਣ ਦੀ ਬਜਾਏ ਕਿਸੇ ਇੱਕ ਪਾਸੇ ਖੜ੍ਹ ਜਾਂਦਾ ਹੈ, ਤਾਂ ਘਰ ਦਾ ਮਾਹੌਲ ਹੋਰ ਵਿਗੜ ਜਾਂਦਾ ਹੈ। ਇੱਕ ਪੁੱਤਰ ਦਾ ਫ਼ਰਜ਼ ਹੈ ਕਿ ਉਹ ਆਪਣੇ ਮਾਪਿਆਂ ਦਾ ਸਤਿਕਾਰ ਵੀ ਕਰੇ ਅਤੇ ਆਪਣੀ ਪਤਨੀ ਨਾਲ ਵੀ ਇਨਸਾਫ਼ ਕਰੇ। ਦੋਵੇਂ ਰਿਸ਼ਤਿਆਂ ਨੂੰ ਨਿਭਾਉਣਾ ਹੀ ਪਰਿਵਾਰ ਦੀ ਮਜ਼ਬੂਤੀ ਹੈ। ਕਈ ਵਾਰ ਹਾਲਾਤ ਇੱਥੋਂ ਤੱਕ ਪਹੁੰਚ ਜਾਂਦੇ ਹਨ ਕਿ ਮਾਂ-ਬਾਪ ਨੂੰ ਬਿਰਧ ਆਸ਼ਰਮ ਭੇਜ ਦਿੱਤਾ ਜਾਂਦਾ ਹੈ। ਦੂਜੇ ਪਾਸੇ ਕਈ ਪੁੱਤਰ ਅਜਿਹਾ ਨਾ ਹੋਵੇ, ਇਸ ਲਈ ਵੱਖ ਰਹਿਣਾ ਚੁਣਦੇ ਹਨ ਅਤੇ ਆਪਣੀ ਪਤਨੀ ਨੂੰ ਸਮਝਾਉਂਦੇ ਹਨ ਕਿ “ਅੱਜ ਮੈਂ ਆਪਣੇ ਮਾਪਿਆਂ ਤੋਂ ਵੱਖ ਹੋਇਆ ਹਾਂ, ਪਰ ਕੱਲ੍ਹ ਇਹੀ ਉਦਾਹਰਨ ਸਾਡੇ ਆਪਣੇ ਬੱਚਿਆਂ ਸਾਹਮਣੇ ਹੋਵੇਗੀ, ਜੇ ਅਸੀਂ ਆਪਣੇ ਮਾਪਿਆਂ ਨਾਲ ਇਨਸਾਫ਼ ਨਹੀਂ ਕਰਾਂਗੇ, ਤਾਂ ਸਾਡੇ ਬੱਚਿਆਂ ਤੋਂ ਵੱਖਰੇ ਵਿਹਾਰ ਦੀ ਉਮੀਦ ਕਿਵੇਂ ਕਰ ਸਕਦੇ ਹਾਂ ?” ਸਮਾਂ ਹਮੇਸ਼ਾ ਇੱਕੋ ਜਿਹਾ ਨਹੀਂ ਰਹਿੰਦਾ। ਅੱਜ ਦੀ ਨੂੰਹ ਕੱਲ੍ਹ ਸੱਸ ਬਣੇਗੀ ਅਤੇ ਅੱਜ ਦਾ ਪੁੱਤਰ ਕੱਲ੍ਹ ਬੁਜ਼ੁਰਗ ਪਿਤਾ ਹੋਵੇਗਾ। ਇਹ ਕਿਸੇ ਦੀ ਸਜ਼ਾ ਨਹੀਂ, ਸਗੋਂ ਜੀਵਨ ਦਾ ਸੁਭਾਵਿਕ ਚੱਕਰ ਹੈ। ਇਹ ਵੀ ਸੱਚ ਹੈ ਕਿ ਹਰ ਸੱਸ ਗਲਤ ਨਹੀਂ ਹੁੰਦੀ ਅਤੇ ਹਰ ਨੂੰਹ ਵੀ ਗਲਤ ਨਹੀਂ ਹੁੰਦੀ। ਚੰਗੇ ਤੇ ਮਾੜੇ ਲੋਕ ਹਰ ਪਾਸੇ ਮਿਲਦੇ ਹਨ। ਇਸ ਲਈ ਕਿਸੇ ਇੱਕ ਪਾਸੇ ਨੂੰ ਦੋਸ਼ੀ ਠਹਿਰਾਉਣਾ ਠੀਕ ਨਹੀਂ। ਹੱਲ ਆਪਸੀ ਸਤਿਕਾਰ, ਗੱਲਬਾਤ ਅਤੇ ਸਮਝ ਵਿੱਚ ਹੈ। ਬਦਲਾਅ ਕਿਸੇ ਇੱਕ ਨੂੰ ਕਰਨਾ ਹੀ ਪਵੇਗਾ ਜੇ ਅੱਜ ਦੀ ਨੂੰਹ ਇਹ ਫ਼ੈਸਲਾ ਕਰ ਲਵੇ ਕਿ ਉਹ ਆਪਣੀ ਸੱਸ ਨਾਲ ਉਹੋ ਜਿਹਾ ਸਲੂਕ ਨਹੀਂ ਕਰੇਗੀ ਜੋ ਉਹ ਆਪਣੇ ਲਈ ਨਹੀਂ ਚਾਹੁੰਦੀ, ਅਤੇ ਅੱਜ ਦੀ ਸੱਸ ਆਪਣੀ ਨੂੰਹ ਨੂੰ ਧੀ ਸਮਝਣ ਦੀ ਕੋਸ਼ਿਸ਼ ਕਰੇ, ਤਾਂ ਇਹ ਕੜੀ ਇੱਥੇ ਹੀ ਟੁੱਟ ਸਕਦੀ ਹੈ। ਰਿਸ਼ਤੇ ਜਿੱਤਣ ਨਾਲ ਨਹੀਂ, ਨਿਭਾਉਣ ਨਾਲ ਬਣਦੇ ਹਨ। ਸੱਸ, ਨੂੰਹ ਅਤੇ ਪੁੱਤਰ ਤਿੰਨੇ ਹੀ ਪਰਿਵਾਰ ਦੀਆਂ ਕੜੀਆਂ ਹਨ ਜਦੋਂ ਤਿੰਨੇ ਇੱਕ-ਦੂਜੇ ਦਾ ਸਤਿਕਾਰ ਕਰਨਗੇ, ਉਦੋਂ ਹੀ ਘਰ ਸੱਚੇ ਅਰਥਾਂ ਵਿੱਚ ਘਰ ਬਣੇਗਾ। ਬੁਜਰਗਾਂ ਦੀ ਇੱਕ ਗੱਲ ਹਮੇਸ਼ਾ ਯਾਦ ਰੱਖੋ ਜੋ ਬੀਜੋਗੇ, ਉਹੀ ਵੱਢਣਾ ਪਵੇਗਾ। ਅੱਜ ਸਮਝ ਲਵੋ, ਭਾਵੇਂ ਕੱਲ੍ਹ ਸਮਾਂ ਕਦੇ ਰੁਕਦਾ ਨਹੀਂ।

**ਸਰਬਜੀਤ ਸਿੰਘ ਬਨੂੜ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ . . .



## ਪੰਜਾਬ ਬਣੇਗਾ ਟੈਕਸਟਾਈਲ ਨਿਵੇਸ਼ ਦਾ ਸਭ ਤੋਂ ਵੱਡਾ ਕੇਂਦਰ, ਉਦਯੋਗਪਤੀਆਂ ਨੂੰ ਖੁੱਲ੍ਹਾ ਸੱਦਾ: ਭਗਵੰਤ ਮਾਨ

ਨਵੀਂ ਦਿੱਲੀ, 14 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤਟੈਕਸ-2026 ਦੌਰਾਨ ਪੰਜਾਬ ਰਾਜ ਪੈਵਿਲੀਅਨ ਦਾ ਉਦਘਾਟਨ ਕਰਦਿਆਂ ਉਦਯੋਗਪਤੀਆਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਟੈਕਸਟਾਈਲ ਖੇਤਰ ਵਿੱਚ ਪੰਜਾਬ ਕੋਲ ਕਪਾਹ ਦੀ ਖੇਤੀ ਤੋਂ ਲੈ ਕੇ ਸੂਤ ਕੱਤਣ, ਕੱਪੜਾ ਤਿਆਰ ਕਰਨ, ਬੁਣਾਈ, ਪ੍ਰੋਸੈਸਿੰਗ, ਤਿਆਰ ਕੱਪੜਿਆਂ ਦੇ ਨਿਰਮਾਣ ਅਤੇ ਨਿਰਯਾਤ ਤੱਕ ਪੂਰੀ ਉਤਪਾਦਨ ਲੜੀ ਮੌਜੂਦ ਹੈ, ਜਿਸ ਕਾਰਨ ਇਹ ਸੂਬਾ ਟੈਕਸਟਾਈਲ ਉਦਯੋਗ ਲਈ ਸਭ ਤੋਂ ਉਚਿਤ ਮੰਜ਼ਿਲ ਬਣ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਨਵੀਂ ਉਦਯੋਗਿਕ ਅਤੇ ਕਾਰੋਬਾਰ ਵਿਕਾਸ ਨੀਤੀ ਤਹਿਤ ਇਕੋ ਖਿੜਕੀ ਪ੍ਰਣਾਲੀ ਅਤੇ ਇਕੋ ਦਸਤਖ਼ਤ ਪ੍ਰਣਾਲੀ ਰਾਹੀਂ ਨਿਰਧਾਰਤ ਸਮੇਂ ਅੰਦਰ ਸਾਰੀਆਂ ਮਨਜ਼ੂਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ 2 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ ਅਤੇ 5 ਲੱਖ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਭਗਵੰਤ ਮਾਨ ਨੇ ਕਿਹਾ ਕਿ ਪਹਿਲਾਂ ਉਦਯੋਗਪਤੀਆਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਖੱਜਲ-ਖੁਆਰ ਹੋਣਾ ਪੈਂਦਾ ਸੀ, ਪਰ ਹੁਣ ਹਰ ਉਦਯੋਗ ਨੂੰ ਰੈੱਡ ਕਾਰਡ ਪ੍ਰਣਾਲੀ ਅਧੀਨ ਸੁਰੱਖਿਆ ਦਿੱਤੀ ਗਈ ਹੈ ਤਾਂ ਜੋ ਕੋਈ ਵੀ ਅਧਿਕਾਰੀ ਉਨ੍ਹਾਂ ਨੂੰ ਬੇਵਜ੍ਹਾ ਪਰੇਸ਼ਾਨ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਕਾਰੋਬਾਰ ਕਰਨ ਦੀ ਸੁਖਾਲਤਾ ਦੇ ਮਾਮਲੇ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਸ਼ਾਮਲ ਹੈ ਅਤੇ ਸਰਕਾਰ ਉਦਯੋਗਪਤੀਆਂ ਨੂੰ ਆਪਣੇ ਪਰਿਵਾਰ ਦਾ ਹਿੱਸਾ ਸਮਝ ਕੇ ਹਰ ਸੰਭਵ ਸਹਿਯੋਗ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੁਧਿਆਣਾ, ਅੰਮ੍ਰਿਤਸਰ, ਜਲੰਧਰ ਅਤੇ ਹੋਰ ਉਦਯੋਗਿਕ ਕੇਂਦਰ ਪਹਿਲਾਂ ਹੀ ਦੇਸ਼ ਦੀ ਟੈਕਸਟਾਈਲ ਅਰਥਵਿਵਸਥਾ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਸੂਬਾ ਤਕਨੀਕੀ ਕੱਪੜਿਆਂ, ਮੈਡੀਕਲ ਵਰਤੋਂ ਵਾਲੇ ਕੱਪੜਿਆਂ, ਸੁਰੱਖਿਆ ਕੱਪੜਿਆਂ, ਸਮਾਰਟ ਫੈਬਰਿਕ, ਟਿਕਾਊ ਰੇਸ਼ਿਆਂ ਅਤੇ ਉੱਚ-ਗੁਣਵੱਤਾ ਵਾਲੇ ਖੇਡਾਂ ਦੇ ਕੱਪੜਿਆਂ ਦੇ ਨਿਰਮਾਣ ਵਿੱਚ ਵੱਡੀਆਂ ਸੰਭਾਵਨਾਵਾਂ ਰੱਖਦਾ ਹੈ ਅਤੇ ਸਰਕਾਰ ਇਸ ਖੇਤਰ ਵਿੱਚ ਖੋਜ, ਨਵੀਨਤਾ, ਹੁਨਰ ਵਿਕਾਸ ਅਤੇ ਨਿਰਯਾਤ ਨੂੰ ਹੋਰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਦੀਆਂ ਬਣੀਆਂ ਟੈਕਸਟਾਈਲ ਵਸਤਾਂ ਦੁਨੀਆ ਦੇ ਕਈ ਦੇਸ਼ਾਂ ਵਿੱਚ ਨਿਰਯਾਤ ਕੀਤੀਆਂ ਜਾ ਰਹੀਆਂ ਹਨ ਅਤੇ ਸੂਬਾ ਦੇਸ਼ ਦੇ ਕੁੱਲ ਟੈਕਸਟਾਈਲ ਅਤੇ ਪਹਿਰਾਵਾ ਨਿਰਯਾਤ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬੁਨਿਆਦੀ ਢਾਂਚੇ, ਭਰੋਸੇਯੋਗ ਬਿਜਲੀ ਸਪਲਾਈ, ਨਿਵੇਸ਼ਕਾਂ ਲਈ ਸੁਖਾਲੀਆਂ ਸੇਵਾਵਾਂ ਅਤੇ ਨਿਰਯਾਤ ਨੂੰ ਹੋਰ ਮਜ਼ਬੂਤ ਕਰਕੇ ਪੰਜਾਬ ਨੂੰ ਉਦਯੋਗਿਕ ਵਿਕਾਸ ਦਾ ਮੋਹਰੀ ਸੂਬਾ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਸਮੇਤ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## 3200 ਏਕੜ ਜ਼ਮੀਨ ਨੂੰ ਮਿਲੇਗੀ ਸਿੰਚਾਈ ਦੀ ਸਹੂਲਤ, ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਨਾਰੂ ਨੰਗਲ ਲਿਫ਼ਟ ਸਕੀਮ ਦਾ ਕੀਤਾ ਉਦਘਾਟਨ

### 92 ਕਿਲੋਮੀਟਰ ਲੰਬੀ ਭੂਮੀਗਤ ਪਾਈਪਲਾਈਨ ਰਾਹੀਂ 18 ਪਿੰਡਾਂ ਦੀ 3200 ਏਕੜ ਖੇਤੀਯੋਗ ਜ਼ਮੀਨ ਨੂੰ ਮਿਲੇਗੀ ਸਿੰਚਾਈ ਦੀ ਸਹੂਲਤ



ਹੁਸ਼ਿਆਰਪੁਰ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਅੱਜ ਪਿੰਡ ਬੱਸੀ ਪੁਰਾਣੀ ਵਿਖੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਮੌਜੂਦਗੀ ਵਿੱਚ ਨਾਰੂ ਨੰਗਲ ਲਿਫ਼ਟ ਸਕੀਮ ਅਤੇ ਕੰਡੀ ਨਹਿਰ ਸਟੇਜ-2 ਦੇ 330 ਕਿਲੋਵਾਟ ਸੋਲਰ ਪੈਨਲ ਸਿਸਟਮ ਦਾ ਉਦਘਾਟਨ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਆਧੁਨਿਕ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਲ ਸਰੋਤਾਂ ਦੀ ਵਿਗਿਆਨਕ ਅਤੇ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾ ਕੇ ਖੇਤੀ ਦੀ ਲਾਗਤ ਘਟਾਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਪੂਰਾ ਯਤਨ ਹੈ ਕਿ ਹਰ ਖੇਤ ਅਤੇ ਟੇਲ ਤੱਕ ਪਾਣੀ ਪਹੁੰਚੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਕੰਡੀ ਨਹਿਰ ਦੇ ਆਰ.ਡੀ. 65693 ਮੀਟਰ 'ਤੇ ਸਥਾਪਿਤ ਨਾਰੂ ਨੰਗਲ ਲਿਫ਼ਟ ਸਕੀਮ ਦਾ ਨਿਰਮਾਣ ਕੰਡੀ ਨਹਿਰ ਦੇ ਖੱਬੇ ਕੰਢੇ 'ਤੇ ਸਥਿਤ ਉੱਚੇ ਇਲਾਕਿਆਂ ਤੱਕ ਸਿੰਚਾਈ ਦਾ ਪਾਣੀ ਪਹੁੰਚਾਉਣ ਦੇ ਮੰਤਵ ਨਾਲ ਕੀਤਾ ਗਿਆ ਹੈ। ਇਸ ਪ੍ਰੋਜੈਕਟ ਤਹਿਤ 100-100 ਹਾਰਸ ਪਾਵਰ ਦੀਆਂ ਸੱਤ ਮੋਟਰਾਂ ਰਾਹੀਂ ਨਹਿਰ ਦਾ ਪਾਣੀ ਲਗਭਗ 75 ਫੁੱਟ ਦੀ ਉਚਾਈ ਤੱਕ ਚੁੱਕਿਆ ਜਾਂਦਾ ਹੈ। ਇਸ ਤੋਂ ਬਾਅਦ ਭੂਮੀਗਤ ਪਾਈਪਲਾਈਨ ਨੈੱਟਵਰਕ ਰਾਹੀਂ ਗਰੈਵਟੀ ਰਾਹੀਂ ਕਿਸਾਨਾਂ ਦੇ ਖੇਤਾਂ ਤੱਕ ਪਾਣੀ ਪਹੁੰਚਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਲਿਫ਼ਟ ਸਕੀਮ ਦੇ ਦੋ ਪੜਾਅ ਹਨ, ਜਿਨ੍ਹਾਂ ਦੀ ਕੁੱਲ ਡਿਸਚਾਰਜ ਸਮਰੱਥਾ 20 ਕਿਊਸੈਕ ਹੈ। ਇਸ ਰਾਹੀਂ ਲਗਭਗ 3200 ਏਕੜ ਖੇਤੀਯੋਗ ਜ਼ਮੀਨ ਨੂੰ ਸਿੰਚਾਈ ਦੀ ਸਹੂਲਤ ਦਿੱਤੀ ਜਾ ਰਹੀ ਹੈ। ਪ੍ਰੋਜੈਕਟ ਅਧੀਨ 92 ਕਿਲੋਮੀਟਰ ਲੰਬਾ ਭੂਮੀਗਤ ਪਾਈਪਲਾਈਨ ਨੈੱਟਵਰਕ ਵਿਛਾਇਆ ਗਿਆ ਹੈ, ਜਿਸ ਨਾਲ ਹੁਸ਼ਿਆਰਪੁਰ ਅਤੇ ਚੱਬੇਵਾਲ ਵਿਧਾਨ ਸਭਾ ਹਲਕਿਆਂ ਦੇ 18 ਪਿੰਡਾਂ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਨਾਲ ਸਿੰਚਾਈ ਦਾ ਲਾਭ ਮਿਲ ਰਿਹਾ ਹੈ।

# ਸ਼ਰਨਾਰਥੀਆਂ ਨੂੰ ਚਿੱਠੀ ਦੇਣ ਬਦਲੇ ਪੈਸੇ ਉਗਰਾਹੁਣ ਵਾਲੇ ਗੁਨਾਹਗਾਰ ਕਥਿਤ ਆਗੂ

ਪਿਛਲੇ ਚਾਰ ਦਹਾਕਿਆਂ ਤੋਂ ਪੰਜਾਬ,ਭਾਰਤ ਤੋਂ ਸਿੱਖ ,ਸ਼ਰਨਾਰਥੀਆਂ (ਸਿਆਸੀ ਪਨਾਹਗੀਰ) ਦੇ ਰੂਪ ਵਿਚ ਇੰਗਲੈਂਡ,ਕੈਨੇਡਾ,ਅਮਰੀਕਾ ਇਤਿਆਦਿਕ ਮੁਲਕਾਂ ਵਿਚ ਆਉਣੇ ਸ਼ੁਰੂ ਹੋਏ । ਹਰ ਇਕ ਨੂੰ ਆਪਣੇ ਕੇਸ ਦੀ ਸਪੋਰਟ ਸਈ ਸਬੂਤ ਚਾਹੀਦਾ ਹੁੰਦਾ ਹੈ ਕਿ ਉਸ ਨੂੰ ਪਿੱਛੇ ਪੰਜਾਬ ਵਿਚ ਖ਼ਤਰੇ ਦਾ ਸਾਹਮਣਾ ਪੈ ਸਕਦਾ ਹੈ । ਇਸ ਦੌਰ ਵਿਚ ਅੰਮ੍ਰਿਤਸਰ ਅਕਾਲੀ ਦਲ ਦੇ ਆਗੂ ਸ੍ਰ ਸਿਮਰਨਜੀਤ ਸਿੰਘ ਮਾਨ ਨੇ ਖੁੱਲੇ ਤੌਰ ਤੇ ਚਿੱਠੀਆਂ ਦੇ ਕੇ ਕਰੋੜਾਂ ਰੁਪਏ ਲੈ ਲੈਣ ਦਾ ਦਾਅਵਾ ਖੁਦ ਕੀਤਾ ਹੈ । ਮੈਂ ਯੂ ਕੇ ਵਿਚ 60 ਸਾਲ ਤੋਂ ਰਹਿ ਰਿਹਾ ਹਾਂ । ਮੈਨੂੰ ਇਸ ਫ਼ੀਲਡ ਵਿੱਚ ਲੰਬਾ ਤਜਰਬਾ ਹੈ , ਮੇਰੀ ਜਾਚੇ ,ਸਿਰਫ ਇੱਕ ਚਿੱਠੀ ਦੇਕੇ ਬਦਲੇ ਵਿੱਚ ਲੱਖਾਂ ਰੁਪਏ ਲੈਣੇ , ਇੱਕ ਸਕੈਂਡਲ,ਧੋਖਾ, ਇੱਕ ਫ਼ਿਰੌਤੀ ਕਿਸਮ ਦੀ ਮਾਇਆ ਲੈਣਾ ਹੈ। ਪੰਥਕ ਅਖਵਾ ਕੇ,ਖਾਲਿਸਤਾਨੀ ਦਾਅਵਾ ਕਰਕੇ ,ਤੰਗ ,ਪ੍ਰੇਸ਼ਾਨ ਲੋਕਾਂ ਤੋਂ ਉਗਰਾਹੀ ਕਰਨੀ , ਜੇਬ ਕੁਤਰਿਆਂ ਨਾਲੋਂ ਵੀ ਇੱਕ ਗੈਰ ਸਮਾਜੀ ਧੰਦਾ ਹੈ ।ਇਹ ਕੋਈ ਕਾਨੂੰਨੀ ਸਲਾਹਗੀਰੀ ਵੀ ਨਹੀਂ , ਕੋਰੀ ਇੱਕ ਸਫ਼ੇ ਹੀ ਚਿੱਠੀ ਹੁੰਦੀ ਹੈ ,ਜੋ ਕੁਝ ਮਿੰਟਾਂ ਵਿੱਚ ਟਾਈਪ ਕਰਕੇ ,ਪੋਸਟ ਕਰਨੀ ਹੁੰਦੀ ਹੈ । ਜਿਸ ਤੇ ਕੋਈ ਖਰਚ ਨਹੀਂ ਆਉਂਦਾ , ਸਿਰਫ ਇਕ ਡਾਕ ਟਿਕਟ । ਬਦੇਸ਼ਾਂ ਵਿੱਚ ਸਿੱਖ ਜ਼ਮੀਨਾਂ ਵੇਚ , ਕਿਰਾਏ ਲਾਕੇ ,ਏਜੰਟਾਂ ਰਾਹੀ ਵੀ ਲੁੱਟੇ ਗਇਆਂ ਕੋਲੋਂ, ਉਹਨਾਂ ਦੀ ਗਰੀਬੀ ਤੇ ਮਜਬੂਰੀ ਬਦਲੇ , ਚਮੜੀ ਚੂਸਣੀ , ਘੋਰ ਅਪਰਾਧ ਤੇ ਗੈਰ ਇਨਿਸਾਨੀਅਤ ਹੈ ।ਸਿੱਖ ਆਪਣੇ ਦੀ ਕੀ , ਸਗੋਂ ਓਪਰੇ ਦੀ ਮਦਦ ਕਰਨ ਵਾਲਾ ਇਨਸਾਨ ਹੈ । ਪਰ ਇਹ ਕਥਿਤ ਆਗੂ ਕਿਵੇਂ ਜੋਕਾਂ ਵਾਂਗੂੰ, ਆਪਣਿਆਂ ਦਾ ਹੀ ਖੂਨ ਚੂਸਦੇ ਹਨ । ਮੈਂ ਇਸ ਅਸਲੀਅਤ ਨੂੰ ਇਸ ਕਰਕੇ ਜਾਣਦਾ ਹਾਂ ,ਕਿ ਮੈਂ ਖੁਦ "ਇੰਟਰਨੇਸ਼ਨਲ ਸਿੱਖ ਯੂਥ ਫੈਡਰੇਸ਼ਨ" ਦਾ ਲੰਮਾ ਅਰਸਾ ਪ੍ਰਧਾਨ ਰਿਹਾ ਹਾਂ । ਅਸੀਂ ਹਰ ਲੋੜ ਵੰਦ ਦੀ ਖਿੜੇ ਮੱਥੇ ਮਦਦ ਕੀਤੀ ਹੈ ਅਸੀਂ ਹਜ਼ਾਰਾਂ ਮੀਲਾਂ ਤੋਂ ਇੱਥੇ ਯੂ ਕੇ ਤੇ ਯੂਰਪ ਪਹੁੰਚੇ ਸਿੱਖਾਂ ,ਪੰਜਾਬੀਆਂ ਦੀ ਮਦਦ ਕਰਕੇ ,ਉਹਨਾਂ ਦੀ ਤਰਸਯੋਗ ਹਾਲਤ ਨੂੰ ਆਪਣੇ ਦੁੱਖ ਜਾਣ ਕੇ ਹਜ਼ਾਰਾਂ ਦੀ ਮਦਦ ਕੀਤੀ ਹੈ । ਕਦੇ ਕਿਸੇ ਤੋਂ ਪੈਨੀ ਨਹੀਂ ਲਈ । ਸਾਨੂੰ , ਖਾਸ ਕਰ ਮੈਨੂੰ ਮਾਣ ਹੈ , ਕਿ ਮੈਂ ਤਾਂ ਖੁਦ ਹੀ ਟਾਈਪ ਕਰਕੇ , ਪੋਸਟ ਕਰਦਾ ਰਿਹਾ ਹਾਂ । ਇਹਨਾਂ ਵਿੱਚੋਂ ਕਾਫ਼ੀ ਜਣੇ , ਬਾਅਦ ਵਿੱਚ ਅਮਰੀਕਾ , ਕੈਨੇਡਾ ਚਲੇ ਗਏ । ਕਈ ਚੰਗੇ ਕਮਾਊ ਕੰਮਾਂ ਵਿਚ ਅਤੇ ਕਈ ਕਾਮਯਾਬ ਬਿਜਨਿਸ ਚਲਾ ਰਹੇ ਹਨ । ਜਦ ਵੀ ਸੰਪਰਕ ਹੁੰਦਾ ਹੈ , ਉਹਨਾਂ ਦੇ ਵਧੀਆ ਹਾਲਾਤ ਦੇਖ ਕੇ ਸੁਣ ਕੇ ਬੜੀ ਖੁਸ਼ੀ ਹੁੰਦੀ ਹੈ । ਮੰਨ ਨੂੰ ਬੜਾ ਦਿਲਾਸਾ ਮਿਲਦਾ ਹੈ , ਕਿ ਸਾਡੇ ਸ਼ਿਗਰਦ , ਪੰਜਾਬੋ ਆਏ ਇਹ ਦੋਸਤ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਏ । ਅਰਦਾਸ ਕਰੀਦੀ ਹੈ ਕਿ ਵਾਹਿਗੁਰੂ ਇਹਨਾਂ ਨੂੰ ਚੜਦੀ ਕਲਾ ਵਿੱਚ ਰੱਖੇ । ਪਰ ਅਸੀਂ ਸੋਚ ਵੀ ਨਹੀਂ ਸਕਦੇ ਕਿ ਕਹੇ ਗਏ ਅਖੌਤੀ ਪੰਥਕ ਆਗੂ ਸਾਡੇ ਹੀ ਸਿੱਖ ਸ਼ਰਨਾਰਥੀਆਂ ਨੂੰ ਇਸ ਤਰਾਂ ਲੁੱਟ ਸਕਦੇ ਹਨ । ਇਹ ਰਜਵਾੜੇ ਕਿਸਮ ਦੇ ਲੋਕਾਂ ਪਾਸ ਕੀ ਇਨਸਾਨੀਅਤ ਹੈ ? ਇਹਨਾਂ ਦੇ ਅਜਿਹੇ ਸਕੈਂਡਲ ਨੂੰ ਭਾਂਪਿਆਂ , ਸ਼ਰਮ ਆਉਂਦੀ ਹੈ । ਮੈਨੂੰ ਬੜੇ ਅਫ਼ਸੋਸ ਨਾਲ ਲਿਖਣਾ ਪਿਆ , ਕਿ ਸ੍ਰ ਮਾਨ ਯੂ ਕੇ ਵਿਚ ਆਏ ਹਨ , ਉਹਨਾਂ ਨੂੰ, ਸਤਿਕਾਰ ਸਹਿਤ ਪੁੱਛਣਾ ਚਾਹੁੰਦੇ ਹਾਂ , ਕਿ ਕਿਹੜੇ ਪੈਮਾਨੇ , ਕਾਨੂੰਨ ਨੇ ਅਧਿਕਾਰ ਦਿੱਤਾ ਕਿ ਤੁਸੀਂ ਤਰਸਯੋਗ ਲੋਕਾਂ (ਸਿੱਖਾਂ ) ਨਾਲ ਅਜਿਹਾ ਵਤੀਰਾ ਕਿਉਂ ਕੀਤਾ ?

—ਪਰਮਿੰਦਰ ਸਿੰਘ ਬੱਲ

# ਸਿੱਖ ਭਾਈਚਾਰੇ ਦੀ ਕਾਨੂੰਨੀ ਸੇਵਾ ਵਿੱਚ ਵਿਲੱਖਣ ਯੋਗਦਾਨ ਪਾਉਣ ਵਾਲੇ ਐਡਵੋਕੇਟ ਸਰਦਾਰ ਜਸਪ੍ਰੀਤ ਸਿੰਘ ਦਾ ਦਮਦਮੀ ਟਕਸਾਲ ਮਹਿਤਾ ਵਿਖੇ ਨਿੱਘਾ ਸਵਾਗਤ ਤੇ ਵਿਸ਼ੇਸ਼ ਸਨਮਾਨ









ਮਹਿਤਾ, 14 ਜੁਲਾਈ (ਆਵਾਜ਼ਿ ਕੌਮ ਬਿਊਰੋ)- ਅਮਰੀਕਾ ਦੇ ਨਿਊਯਾਰਕ ਸ਼ਹਿਰ ਦੇ ਪ੍ਰਸਿੱਧ ਸਿੱਖ ਐਡਵੋਕੇਟ ਅਤੇ ਅਟਾਰਨੀ ਸਰਦਾਰ ਜਸਪ੍ਰੀਤ ਸਿੰਘ, ਜੋ ਪਿਛਲੇ ਕਰੀਬ 28 ਸਾਲਾਂ ਤੋਂ ਸਿੱਖ ਭਾਈਚਾਰੇ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕਰਦੇ ਹੋਏ ਹਜ਼ਾਰਾਂ ਪਰਿਵਾਰਾਂ ਲਈ ਆਸ ਦੀ ਕਿਰਨ ਬਣੇ ਹੋਏ ਹਨ, ਅੱਜ ਦਮਦਮੀ ਟਕਸਾਲ ਦੇ ਮੁੱਖ ਦਫ਼ਤਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਵਿਖੇ ਪਹੁੰਚੇ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਰਦਾਰ ਜਸਪ੍ਰੀਤ ਸਿੰਘ ਆਪਣੇ ਪੇਸ਼ੇ ਵਿੱਚ ਇੱਕ ਉੱਘੇ ਅਤੇ ਸਫਲ ਵਕੀਲ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਨੇ ਪਿਛਲੇ ਲਗਭਗ ਤਿੰਨ ਦਹਾਕਿਆਂ ਦੌਰਾਨ ਅਮਰੀਕਾ ਵਿੱਚ ਵੱਸਦੇ ਸਿੱਖਾਂ ਅਤੇ ਹੋਰ ਪ੍ਰਵਾਸੀ ਭਾਈਚਾਰਿਆਂ ਨੂੰ ਕਾਨੂੰਨੀ ਮਦਦ ਪ੍ਰਦਾਨ ਕਰਦਿਆਂ ਇੰਮੀਗ੍ਰੇਸ਼ਨ ਅਤੇ ਸ਼ਰਨਾਰਥੀ ਮਾਮਲਿਆਂ ਵਿੱਚ ਬੇਮਿਸਾਲ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਦੀਆਂ ਕੋਸ਼ਿਸ਼ਾਂ ਸਦਕਾ ਲੱਖਾਂ ਸ਼ਰਨਾਰਥੀਆਂ ਅਤੇ ਇੰਮੀਗ੍ਰਾਂਟਾਂ ਨੂੰ ਅਮਰੀਕਾ ਵਿੱਚ ਕਾਨੂੰਨੀ ਤੌਰ 'ਤੇ ਸਥਾਈ ਨਿਵਾਸ ਹਾਸਲ ਕਰਨ ਵਿੱਚ ਸਹਾਇਤਾ ਮਿਲੀ ਹੈ। ਕਾਨੂੰਨੀ ਖੇਤਰ ਵਿੱਚ ਉਨ੍ਹਾਂ ਦੀ ਮੁਹਾਰਤ ਦੇ ਨਾਲ-ਨਾਲ ਉਹ ਸਿੱਖ ਪੰਥ, ਗੁਰਮਤਿ ਪ੍ਰਚਾਰ ਅਤੇ ਸਮਾਜਿਕ ਸੇਵਾਵਾਂ ਵਿੱਚ ਵੀ ਲਗਾਤਾਰ ਸਰਗਰਮ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਸਰਦਾਰ ਜਸਪ੍ਰੀਤ ਸਿੰਘ ਨੇ ਆਪਸੀ ਵਿਚਾਰ-ਵਟਾਂਦਰੇ ਦੌਰਾਨ ਪੰਥਕ, ਧਾਰਮਿਕ ਅਤੇ ਵਿਦਿਅਕ ਮਸਲਿਆਂ 'ਤੇ ਵੀ ਵਿਚਾਰ ਸਾਂਝੇ ਕੀਤੇ। ਸਰਦਾਰ ਜਸਪ੍ਰੀਤ ਸਿੰਘ ਨੇ ਦਮਦਮੀ ਟਕਸਾਲ ਨਾਲ ਆਪਣੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਾਂਝ ਦਾ ਜ਼ਿਕਰ ਕਰਦਿਆਂ ਟਕਸਾਲ ਵੱਲੋਂ ਸਿੱਖੀ ਦੇ ਪ੍ਰਚਾਰ-ਪ੍ਰਸਾਰ, ਧਾਰਮਿਕ ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਦਮਦਮੀ ਟਕਸਾਲ ਅਧੀਨ ਚੱਲ ਰਹੇ ਵਿਦਿਅਕ ਅਤੇ ਮੈਡੀਕਲ ਅਦਾਰਿਆਂ ਦਾ ਵੀ ਦੌਰਾ ਕੀਤਾ ਅਤੇ ਉੱਥੇ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਕੀਤਾ ਜਾ ਰਿਹਾ ਕਾਰਜ ਸਮਾਜ ਲਈ ਬਹੁਤ ਵੱਡੀ ਸੇਵਾ ਹੈ। ਇਸ ਮੌਕੇ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਵੀ ਵਿਸ਼ੇਸ਼ ਤੌਰ 'ਤੇ ਦਮਦਮੀ ਟਕਸਾਲ ਮਹਿਤਾ ਵਿਖੇ ਪਹੁੰਚੀਆਂ। ਇਨ੍ਹਾਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਰਦਾਰ ਕਰਮਜੀਤ ਸਿੰਘ, ਯੂਨੀਵਰਸਿਟੀ ਦੇ ਰਜਿਸਟਰਾਰ ਸਰਦਾਰ ਕਰਮਜੀਤ ਸਿੰਘ ਅਤੇ ਉੱਘੇ ਵਿਦਵਾਨ ਡਾ. ਅਮਰਜੀਤ ਸਿੰਘ ਸ਼ਾਮਲ ਸਨ। ਦਮਦਮੀ ਟਕਸਾਲ ਵੱਲੋਂ ਇਨ੍ਹਾਂ ਸਾਰੀਆਂ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਗਿਆਨੀ ਰਣਜੀਤ ਸਿੰਘ ਸੰਗੋਜਲਾਂ, ਵਿਦਿਆਰਥੀ ਦਮਦਮੀ ਟਕਸਾਲ (ਜਥਾ ਭਿੰਡਰਾਂ-ਮਹਿਤਾ) ਅਮਰੀਕਾ, ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ। ਉਨ੍ਹਾਂ ਦੀਆਂ ਸੇਵਾਵਾਂ ਦੀ ਵੀ ਮੌਕੇ 'ਤੇ ਭਰਪੂਰ ਪ੍ਰਸ਼ੰਸਾ ਕੀਤੀ ਗਈ। ਸਮੁੱਚੇ ਸਮਾਗਮ ਦੌਰਾਨ ਧਾਰਮਿਕ, ਵਿਦਿਅਕ ਅਤੇ ਸਮਾਜਿਕ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਦੀ ਵੱਡੀ ਗਿਣਤੀ ਹਾਜ਼ਰ ਰਹੀ। ਹਾਜ਼ਰ ਸੰਗਤ ਨੇ ਸਰਦਾਰ ਜਸਪ੍ਰੀਤ ਸਿੰਘ ਵੱਲੋਂ ਸਿੱਖ ਭਾਈਚਾਰੇ ਲਈ ਨਿਭਾਈਆਂ ਜਾ ਰਹੀਆਂ ਬੇਮਿਸਾਲ ਕਾਨੂੰਨੀ ਅਤੇ ਪੰਥਕ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਾਮਨਾ ਕੀਤੀ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਨੁੱਖਤਾ ਅਤੇ ਸਿੱਖ ਕੌਮ ਦੀ ਸੇਵਾ ਕਰਦੇ ਰਹਿਣ।

# ਹਰੀਕੇ ਪੱਤਣ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਜਸਵੰਤ ਸਿੰਘ ਖਾਲੜਾ ਸਮੇਤ ਸਮੂਹ ਸ਼ਹੀਦਾਂ ਦੀ ਯਾਦ 'ਚ ਅਰਦਾਸ ਸਮਾਗਮ

## ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹਰੀਕੇ ਪੱਤਣ ਨੂੰ 'ਸ਼ਹੀਦੀ ਪੱਤਣ' ਐਲਾਨਿਆ ਗਿਆ, ਸ਼੍ਰੋਮਣੀ ਕਮੇਟੀ ਨੂੰ ਯਾਦਗਾਰ ਬਣਾਉਣ ਦੇ ਆਦੇਸ਼, 1982 ਤੋਂ 1995 ਤੱਕ ਦੇ ਸ਼ਹੀਦਾਂ ਦਾ ਦਸਤਾਵੇਜ਼ੀਕਰਨ ਕਰਨ ਦਾ ਐਲਾਨ







ਆਵਾਜ਼ਿ ਕੌਮ AWAZE QAUM International Newspaper & WEB TV



ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅੱਜ ਸਮੂਹ ਖ਼ਾਲਸਾ ਪੰਥ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹਰੀਕੇ ਪੱਤਣ ਵਿਖੇ 1984 ਅਤੇ ਬਾਅਦ ਦੇ ਦਹਾਕੇ ਦੇ ਸਮੂਹ ਸ਼ਹੀਦਾਂ ਅਤੇ ਕੌਮੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਯਾਦ ਅਤੇ ਪੀੜਤ ਪਰਿਵਾਰਾਂ ਤੇ ਪੰਥ ਨੂੰ ਇਨਸਾਫ਼ ਲਈ ਅਰਦਾਸ ਸਮਾਗਮ ਕੀਤਾ ਗਿਆ। ਸਮਾਗਮ ਦੌਰਾਨ ਵਿਸ਼ੇਸ਼ ਪਾਲਕੀ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਸੁਸ਼ੋਭਿਤ ਕਰਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਭਾਈ ਸਿਮਰਪ੍ਰੀਤ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਰਸਭਿੰਨਾ ਗੁਰਬਾਣੀ ਕੀਰਤਨ ਸਮਗਤ ਨੂੰ ਸਰਵਣ ਕਰਵਾਇਆ। ਸਮਾਗਮ ਦੀ ਸਮਾਪਤੀ ਦੀ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਖੁਦ ਕੀਤੀ। ਅਰਦਾਸ ਵਿੱਚ ਜਥੇਦਾਰ ਗੜਗੱਜ ਨੇ ਲਾਵਾਰਿਸ ਕਹਿ ਕੇ ਸਾੜੇ ਅਤੇ ਦਰਿਆਵਾਂ ਵਿੱਚ ਵਹਾਏ ਗਏ ਪੰਜਾਬ ਦੇ ਪੁੱਤਾਂ ਤੇ ਧੀਆਂ ਨੂੰ ਯਾਦ ਕਰਦਿਆਂ ਅਰਦਾਸ ਕੀਤੀ ਕਿ ਖ਼ਾਲਸਾ ਪੰਥ ਨੂੰ ਇਨਸਾਫ਼ ਲਈ ਬਲ ਬਖ਼ਸ਼ਣ। ਉਨ੍ਹਾਂ ਅਰਦਾਸ ਕੀਤੀ ਕਿ ਅੱਜ ਅਸੀਂ ਜਿੱਥੇ (ਹਰੀਕੇ ਪੱਤਣ) ਵਿਖੇ ਖੜ੍ਹੇ ਹਾਂ ਇੱਥੇ ਕੌਮੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਸਮੇਤ ਹਜ਼ਾਰਾਂ ਨੌਜਵਾਨਾਂ, ਭੈਣਾਂ, ਬਜ਼ੁਰਗਾਂ ਤੇ ਬੱਚਿਆਂ ਨੂੰ ਕਤਲ ਕਰਕੇ ਵਹਾਇਆ ਗਿਆ ਹੈ। ਉਨ੍ਹਾਂ ਅਰਦਾਸ ਕੀਤੀ ਕਿ ਸੱਚੇ ਪਾਤਸ਼ਾਹ ਮੌਤ ਤੋਂ ਬਾਅਦ ਸਰੀਰ ਨਾਲ ਸਾਰੇ ਵੈਰ ਵਿਰੋਧ ਮੁੱਕ ਜਾਂਦੇ ਹਨ, ਪਰ ਇੱਥੇ ਸਮੇਂ ਦੀ ਜਾਲਮ ਹਕੂਮਤ ਨੇ ਮਨੁੱਖੀ ਹੱਕਾਂ ਦਾ ਘਾਣ ਕਰਦਿਆਂ, ਲਾਸ਼ਾਂ ਨੂੰ ਲਾਵਾਰਿਸ ਕਹਿ ਕੇ ਸਿੱਖਾਂ ਹਿੰਦੂਆਂ ਦੇ ਸਰੀਰ ਵੀ ਵਾਰਸਾਂ ਨੂੰ ਨਾ ਦਿੱਤੇ ਗਏ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਮ੍ਰਿਤਕ ਸਰੀਰਾਂ ਨਾਲ ਵੈਰ ਕਮਾਉਣ ਵਾਲੇ ਹਾਕਮਾਂ ਦਾ ਲੇਖਾ ਸੱਚੇ ਪਾਤਸ਼ਾਹ ਆਪ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਇੱਥੇ ਦਰਿਆ ਸਤਲੁਜ ਬਿਆਸ ਦੇ ਸੰਗਮ ਤੇ ਪੰਜਾਬ ਦੇ ਹੋਰ ਦਰਿਆਵਾਂ, ਪੱਤਣਾਂ ਤੇ ਨਹਿਰਾਂ ਵਿੱਚ ਮਾਰ ਕੇ ਟੋਟੇ-ਟੋਟੇ ਕਰਕੇ ਵਹਾਇਆ ਗਿਆ। ਉਨ੍ਹਾਂ ਅਰਦਾਸ ਕੀਤੀ ਕਿ ਪੰਥ ਤੇ ਪੰਜਾਬ ਦੇ ਧੀਆਂ ਪੁੱਤਾਂ ਦੇ ਇਨਸਾਫ਼ ਲਈ ਖ਼ਾਲਸਾ ਪੰਥ ਨੂੰ ਉੱਦਮ ਦਾ ਬਲ ਮਿਲੇ। ਉਨ੍ਹਾਂ ਸ਼ਹੀਦ ਕੀਤੇ ਗਏ ਸਿੰਘਾਂ ਸਿੰਘਣੀਆਂ ਦੇ ਪਰਿਵਾਰਾਂ ਤੇ ਬੱਚਿਆਂ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਲਈ ਵੀ ਅਰਦਾਸ ਕੀਤੀ। ਅਰਦਾਸ ਉਪਰੰਤ ਪਾਵਨ ਮੁੱਖਵਾਕ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ ਦੇ ਮੁੱਖ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਨੇ ਸਰਵਣ ਕਰਵਾਇਆ। ਇਸ ਤੋਂ ਬਾਅਦ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦੋ ਅਹਿਮ ਐਲਾਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਦੇਸ਼ ਕੀਤਾ ਕਿ ਉਹ ਖ਼ਾਲਸਾ ਪੰਥ ਦੇ ਸਹਿਯੋਗ ਨਾਲ ਹਰੀਕੇ ਪੱਤਣ ਵਿਖੇ 'ਸ਼ਹੀਦੀ ਪੱਤਣ ਯਾਦਗਾਰ' ਬਣਾਏ। ਉਨ੍ਹਾਂ ਕਿਹਾ ਕਿ ਅੱਜ ਤੋਂ ਬਾਅਦ ਇਸ ਥਾਂ ਜਿੱਥੇ ਸਾਡੇ ਨੌਜਵਾਨਾਂ ਨੂੰ ਸ਼ਹੀਦ ਕਰਕੇ ਟੋਟੇ-ਟੋਟੇ ਕਰਕੇ ਵਹਾਇਆ ਗਿਆ ਨੂੰ ਸਿੱਖ ਸ਼ਹੀਦੀ ਪੱਤਣ ਵਜੋਂ ਸੰਬੋਧਤ ਹੋਣਗੇ। ਜਥੇਦਾਰ ਗੜਗੱਜ ਨੇ ਇਹ ਵੀ ਐਲਾਨ ਕੀਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ਼ੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਸਾਲ 1982 ਤੋਂ 1995 ਤੱਕ ਦੇ ਜੋ ਵੀ ਸ਼ਹੀਦ ਹਨ ਸਮੇਤ ਜਿਨ੍ਹਾਂ ਨੂੰ ਲਾਵਾਰਿਸ ਕਹਿ ਕੇ ਸਾੜਿਆ ਗਿਆ, ਕਤਲ ਕੀਤਾ ਗਿਆ, ਉਨ੍ਹਾਂ ਦੇ ਸਮੁੱਚੇ ਵੇਰਵੇ ਦਸਤਾਵੇਜ਼ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਵੇਰਵੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਰਿਕਾਰਡ ਹੋਣਗੇ। ਸਮਾਗਮ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਬਲਜੀਤ ਸਿੰਘ ਜਲਾਲਉਸਮਾ, ਭਾਈ ਮਨਜੀਤ ਸਿੰਘ, ਸ. ਗੁਰਮੀਤ ਸਿੰਘ ਬੂਹ, ਸ. ਖੁਸ਼ਿਵੰਦਰ ਸਿੰਘ ਭਾਟੀਆ, ਸ. ਜਰਨੈਲ ਸਿੰਘ ਡੋਗਰਾਂਵਾਲ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ ਸਿੰਘ ਪੰਨੂ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਵਿਰਸਾ ਸਿੰਘ ਵਲਟੋਹਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਸ. ਈਮਾਨ ਸਿੰਘ ਮਾਨ, ਦਲ ਖ਼ਾਲਸਾ ਤੋਂ ਸ. ਕੰਵਰਪਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ. ਤਰਸੇਮ ਸਿੰਘ, ਸ਼੍ਰੋਮਣੀ ਕਮੇਟੀ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਇੰਚਾਰਜ ਸ. ਜਗਦੀਸ਼ ਸਿੰਘ ਬੁੱਟਰ, ਸ. ਜਸਕਰਨ ਸਿੰਘ ਮੀਡੀਆ ਸਲਾਹਕਾਰ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸਨ। (ਬਾਕੀ ਸਫ਼ਾ 15 'ਤੇ)

# ਹਰੀਕੇ ਪੱਤਣ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਜਸਵੰਤ ਸਿੰਘ ਖਾਲੜਾ ਸਮੇਤ ਸਮੂਹ ਸ਼ਹੀਦਾਂ ਦੀ ਯਾਦ 'ਚ ਅਰਦਾਸ ਸਮਾਗਮ

## ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹਰੀਕੇ ਪੱਤਣ ਨੂੰ 'ਸ਼ਹੀਦੀ ਪੱਤਣ' ਐਲਾਨਿਆ ਗਿਆ, ਸ਼੍ਰੋਮਣੀ ਕਮੇਟੀ ਨੂੰ ਯਾਦਗਾਰ ਬਣਾਉਣ ਦੇ ਆਦੇਸ਼, 1982 ਤੋਂ 1995 ਤੱਕ ਦੇ ਸ਼ਹੀਦਾਂ ਦਾ ਦਸਤਾਵੇਜ਼ੀਕਰਨ ਕਰਨ ਦਾ ਐਲਾਨ












ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ

ਕਥਾ ਵਾਚਕ,ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।


**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778